Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-988881 88887, 988882 88887
weddingsea@gmail.com
SEA DESIGN COMPANY

# ਸ਼ਹੀਦ-ਏ-ਆਜ਼ਮ ®

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 19 Chief Editor : Chowdhary Prabhjit Singh, Editor : Chhatarpal Singh 98145-32807, Tuesday 30 June 2026 Price : 2 Rs. Page : 6

# ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਸਰਕਾਰ ਨੂੰ ਇੱਕ ਮਹੀਨੇ ਦਾ ਅਲਟੀਮੇਟਮ; ਸਤਿਕਾਰ ਐਕਟ ’ਤੇ ਤੁਰੰਤ ਰੋਕ ਲਾਉਣ ਦੇ ਆਦੇਸ਼

**ਸ੍ਰੀ ਅੰਮ੍ਰਿਤਸਰ ਸਾਹਿਬ, 29 ਜੂਨ**
**-ਸ਼.ਅ.ਬਿਓਰੋ-**

‘ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਚੱਲੀ ਕਈ ਘੰਟਿਆਂ ਦੀ ਇਤਿਹਾਸਕ ਅਤੇ ਭਾਵੁਕ ਸੁਣਵਾਈ ਇੱਕ ਵੱਡੇ ਸਿਆਸੀ ਤੇ ਧਾਰਮਿਕ ਸਮਝੌਤੇ ਨਾਲ ਸੰਪੂਰਨ ਹੋ ਗਈ ਹੈ। ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕਾਨੂੰਨ ਵਿੱਚ ਸੋਧ ਕਰਨ ਲਈ ਦਿੱਤੇ ਗਏ ਇੱਕ ਮਹੀਨੇ ਦੇ ਅਲਟੀਮੇਟਮ ਅਤੇ ਐਕਟ ’ਤੇ ਤੁਰੰਤ ਰੋਕ ਲਾਉਣ ਦੇ ਫੈਸਲੇ ਨੂੰ ਹਾਲ ਵਿੱਚ ਮੌਜੂਦ ਸਮੂਹ ਵਿਧਾਇਕਾਂ ਨੇ ਸਿਰ-ਮੱਥੇ ਪ੍ਰਵਾਨ ਕਰ ਲਿਆ ਹੈ।

ਜਿਵੇਂ ਹੀ ਪੰਜ ਸਿੰਘ ਸਾਹਿਬਾਨ ਵੱਲੋਂ ਇਹ ਫੈਸਲਾ ਸੁਣਾਇਆ ਗਿਆ ਕਿ ਸਮੂਹ ਸਿੱਖ ਵਿਧਾਇਕਾਂ ਅਤੇ ਮੰਤਰੀਆਂ ਦਾ ਇਹ ਨੈਤਿਕ ਫਰਜ਼ ਹੈ ਕਿ ਉਹ ਇੱਕ ਮਹੀਨੇ ਦੇ ਅੰਦਰ-ਅੰਦਰ ਵਿਧਾਨ ਸਭਾ ਰਾਹੀਂ ਅਕਾਲ ਤਖ਼ਤ ਸਾਹਿਬ ਦੇ ਸਾਰੇ ਇਤਰਾਜ਼ਾਂ ਨੂੰ ਦੂਰ ਕਰਨ, ਤਾਂ ਹਾਲ ਵਿੱਚ ਮੌਜੂਦ ਸਾਰੀਆਂ ਸਿਆਸੀ ਪਾਰਟੀਆਂ (ਆਮ ਆਦਮੀ ਪਾਰਟੀ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ) ਦੇ ਆਗੂਆਂ ਨੇ ਇੱਕਸੁਰ ਵਿੱਚ ‘ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ’ ਦੇ ਆਕਾਸ਼-ਗੁੰਜਾਊ ਜੈਕਾਰੇ ਛੱਡ ਕੇ ਇਸ ਫੈਸਲੇ ਦੀ ਪ੍ਰਵਾਨਗੀ ਦਿੱਤੀ। ਜੈਕਾਰਿਆਂ ਦੀ ਗੂੰਜ ਦੇ ਨਾਲ ਹੀ ਸਮੂਹ ਵਿਧਾਇਕਾਂ ਨੇ ਸਿੰਘ ਸਾਹਿਬਾਨ ਨੂੰ ਭਰੋਸਾ ਦਿੱਤਾ ਕਿ ਉਹ ਨਿਰਧਾਰਿਤ ਇੱਕ ਮਹੀਨੇ ਦੇ ਸਮੇਂ ਦੇ ਅੰਦਰ ਇਸ ਕਾਨੂੰਨ ਵਿੱਚ ਲੋੜੀਂਦੀਆਂ ਸੋਧਾਂ ਕਰਵਾਉਣ ਲਈ ਵਚਨਬੱਧ ਰਹਿਣਗੇ।

ਜਿਸ ਤਰ੍ਹਾਂ ਇਸ ਅਹਿਮ ਮੀਟਿੰਗ ਦੀ ਸ਼ੁਰੂਆਤ ਅਧਿਆਤਮਕ ਮਾਹੌਲ ਵਿੱਚ ਹੋਈ ਸੀ, ਉਵੇਂ ਹੀ ਇਸ ਦਾ ਅੰਤ ਵੀ ਬੇਹੱਦ ਸ਼ਾਂਤਮਈ ਰਿਹਾ। ਸੁਣਵਾਈ ਦੀ ਸਾਰੀ ਕਾਰਵਾਈ ਮੁਕੰਮਲ ਹੋਣ ਤੋਂ ਬਾਅਦ ਜਥੇਦਾਰ ਸਾਹਿਬ ਦੀ ਅਗਵਾਈ ਹੇਠ ਸਮੂਹ ਪੰਜ ਸਿੰਘ ਸਾਹਿਬਾਨ ਅਤੇ ਹਾਲ ਵਿੱਚ ਬੈਠੇ ਪੰਜਾਬ ਦੇ ਮੰਤਰੀਆਂ ਤੇ ਵਿਧਾਇਕਾਂ ਨੇ ਮਿਲ ਕੇ ਗੁਰਬਾਣੀ ਦੇ ਪਾਠ ਦਾ ਜਾਪ ਕੀਤਾ। ਗੁਰਬਾਣੀ ਦੇ ਪਵਿੱਤਰ ਜਾਪ ਦੇ ਨਾਲ ਇਸ ਇਤਿਹਾਸਕ ਇਕੱਤਰਤਾ ਦੀ ਸਮਾਪਤੀ ਕੀਤੀ ਗਈ, ਜਿਸ ਨਾਲ ਪਿਛਲੇ ਕਈ ਦਿਨਾਂ ਤੋਂ ਚੱਲ ਰਿਹਾ ਸਿਆਸੀ ਤਣਾਅ ਕਾਫ਼ੀ ਹੱਦ ਤੱਕ ਸ਼ਾਂਤ ਹੁੰਦਾ ਦਿਖਾਈ ਦਿੱਤਾ।

ਇਕੱਤਰਤਾ ਦੇ ਬਿਲਕੁਲ ਅਖ਼ੀਰ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵੱਖ-ਵੱਖ ਪਾਰਟੀਆਂ ਦੇ ਵਿਧਾਇਕਾਂ ਨੂੰ ਕੱਟੜ ਧਾਰਮਿਕ ਹਦਾਇਤ ਜਾਰੀ ਕਰਦਿਆਂ ਆਖਿਆ ਕਿ ਹੁਣ ਜਦੋਂ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸੁਲਝਣ ਵੱਲ ਵਧ ਰਿਹਾ ਹੈ, ਤਾਂ ਕੋਈ ਵੀ ਆਗੂ ਜਾਂ ਪਾਰਟੀ ਬਾਹਰ ਜਾ ਕੇ ਇਸ ਸੰਵੇਦਨਸ਼ੀਲ ਮੁੱਦੇ ’ਤੇ ਇੱਕ-ਦੂਜੇ ਦੇ ਖ਼ਿਲਾਫ਼ ਸਿਆਸੀ ਦੂਸ਼ਣਬਾਜ਼ੀ ਨਹੀਂ ਕਰੇਗਾ। ਉਨ੍ਹਾਂ ਸਪੱਸ਼ਟ ਕੀਤਾ, ਇਹ ਗੁਰੂ ਸਾਹਿਬ ਦੇ ਸਤਿਕਾਰ ਦਾ ਸਾਂਝਾ ਮਸਲਾ ਹੈ, ਨਾ ਕਿ ਕਿਸੇ ਪਾਰਟੀ ਦੀ ਜਿੱਤ-ਹਾਰ ਦਾ। ਇਸ ਲਈ ਮੀਡੀਆ ਜਾਂ ਸੋਸ਼ਲ ਮੀਡੀਆ ’ਤੇ ਕੋਈ ਵੀ ਅਜਿਹੀ ਬਿਆਨਬਾਜ਼ੀ ਨਾ ਕੀਤੀ ਜਾਵੇ ਜਿਸ ਨਾਲ ਲੋਕਾਂ ਦੇ ਮਨਾਂ ਵਿੱਚ ਮੁੜ ਡਰ ਜਾਂ ਆਪਸੀ ਨਫ਼ਰਤ ਪੈਦਾ ਹੋਵੇ। ਸਾਰੀਆਂ ਪਾਰਟੀਆਂ ਇੱਕਜੁੱਟ ਹੋ ਕੇ ਗੁਰੂ ਸਾਹਿਬ ਦੇ ਸਨਮਾਨ ਨੂੰ ਬਹਾਲ ਰੱਖਣ ਲਈ ਆਪਣਾ ਫਰਜ਼ ਨਿਭਾਉਣ।




**ਜੇ ਸਰਕਾਰ ਪੰਥ ਤੇ ਵਿਧਾਨ ਸਭਾ ਦੀ ‘ਲਛਮਣ ਰੇਖਾ’ ਨਾ ਲੰਘਦੀ ਤਾਂ ਇਹ ਨੌਬਤ ਨਾ ਆਉਂਦੀ: ਬਾਜਵਾ**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਪੰਜ ਸਿੰਘ ਸਾਹਿਬਾਨ ਦੇ ਸਨਮੁਖ ਪੇਸ਼ ਹੋਣ ਅਤੇ ਆਪਣਾ ਪੱਖ ਰੱਖਣ ਤੋਂ ਬਾਅਦ, ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ’ਤੇ ਤਿੱਖੇ ਸਿਆਸੀ ਅਤੇ ਧਾਰਮਿਕ ਹਮਲੇ ਕੀਤੇ ਹਨ। ਪੱਤਰਕਾਰਾਂ ਨਾਲ ਰੂ-ਬਰੂ ਹੁੰਦਿਆਂ ਬਾਜਵਾ ਨੇ ਇਸ ਸਾਰੀ ਸਥਿਤੀ ਅਤੇ ਤਣਾਅ ਲਈ ਸਿੱਧੇ ਤੌਰ ’ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ‘ਹੰਕਾਰੀ ਰਵੱਈਏ’ ਅਤੇ ਕਾਨੂੰਨੀ ਅਣਗਹਿਲੀ ਨੂੰ ਜ਼ਿੰਮੇਵਾਰ ਠਹਿਰਾਇਆ।

**ਸਿਆਸੀ ਦੂਸ਼ਣਬਾਜ਼ੀ ’ਤੇ ਪੂਰਨ ਪਾਬੰਦੀ**

ਇਕੱਤਰਤਾ ਦੇ ਬਿਲਕੁਲ ਅਖ਼ੀਰ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵੱਖ-ਵੱਖ ਪਾਰਟੀਆਂ ਦੇ ਵਿਧਾਇਕਾਂ ਨੂੰ ਕੱਟੜ ਧਾਰਮਿਕ ਹਦਾਇਤ ਜਾਰੀ ਕਰਦਿਆਂ ਆਖਿਆ ਕਿ ਹੁਣ ਜਦੋਂ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸੁਲਝਣ ਵੱਲ ਵਧ ਰਿਹਾ ਹੈ, ਤਾਂ ਕੋਈ ਵੀ ਆਗੂ ਜਾਂ ਪਾਰਟੀ ਬਾਹਰ ਜਾ ਕੇ ਇਸ ਸੰਵੇਦਨਸ਼ੀਲ ਮੁੱਦੇ ’ਤੇ ਇੱਕ-ਦੂਜੇ ਦੇ ਖ਼ਿਲਾਫ਼ ਸਿਆਸੀ ਦੂਸ਼ਣਬਾਜ਼ੀ ਨਹੀਂ ਕਰੇਗਾ। ਉਨ੍ਹਾਂ ਸਪੱਸ਼ਟ ਕੀਤਾ, ਇਹ ਗੁਰੂ ਸਾਹਿਬ ਦੇ ਸਤਿਕਾਰ ਦਾ ਸਾਂਝਾ ਮਸਲਾ ਹੈ, ਨਾ ਕਿ ਕਿਸੇ ਪਾਰਟੀ ਦੀ ਜਿੱਤ-ਹਾਰ ਦਾ। ਇਸ ਲਈ ਮੀਡੀਆ ਜਾਂ ਸੋਸ਼ਲ ਮੀਡੀਆ ’ਤੇ ਕੋਈ ਵੀ ਅਜਿਹੀ ਬਿਆਨਬਾਜ਼ੀ ਨਾ ਕੀਤੀ ਜਾਵੇ ਜਿਸ ਨਾਲ ਲੋਕਾਂ ਦੇ ਮਨਾਂ ਵਿੱਚ ਮੁੜ ਡਰ ਜਾਂ ਆਪਸੀ ਨਫ਼ਰਤ ਪੈਦਾ ਹੋਵੇ। ਸਾਰੀਆਂ ਪਾਰਟੀਆਂ ਇੱਕਜੁੱਟ ਹੋ ਕੇ ਗੁਰੂ ਸਾਹਿਬ ਦੇ ਸਨਮਾਨ ਨੂੰ ਬਹਾਲ ਰੱਖਣ ਲਈ ਆਪਣਾ ਫਰਜ਼ ਨਿਭਾਉਣ।

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫੈਸਲੇ ’ਤੇ ਵਿਧਾਇਕਾਂ ਨੇ ਛੱਡੇ ਜੈਕਾਰੇ; ਇੱਕ ਮਹੀਨੇ ’ਚ ਕਾਨੂੰਨ ਸੋਧਣ ’ਤੇ ਵਿਧਾਇਕਾਂ ਦੀ ਸਹਿਮਤੀ**

ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਚੱਲੀ ਕਈ ਘੰਟਿਆਂ ਦੀ ਇਤਿਹਾਸਕ ਅਤੇ ਭਾਵੁਕ ਸੁਣਵਾਈ ਇੱਕ ਵੱਡੇ ਸਿਆਸੀ ਤੇ ਧਾਰਮਿਕ ਸਮਝੌਤੇ ਨਾਲ ਸੰਪੂਰਨ ਹੋ ਗਈ ਹੈ। ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕਾਨੂੰਨ ਵਿੱਚ ਸੋਧ ਕਰਨ ਲਈ ਦਿੱਤੇ ਗਏ ਇੱਕ ਮਹੀਨੇ ਦੇ ਅਲਟੀਮੇਟਮ ਅਤੇ ਐਕਟ ’ਤੇ ਤੁਰੰਤ ਰੋਕ ਲਾਉਣ ਦੇ ਫੈਸਲੇ ਨੂੰ ਹਾਲ ਵਿੱਚ ਮੌਜੂਦ ਸਮੂਹ ਵਿਧਾਇਕਾਂ ਨੇ ਸਿਰ-ਮੱਥੇ ਪ੍ਰਵਾਨ ਕਰ ਲਿਆ ਹੈ। ਬੋਲੇ ਸੋ ਨਿਹਾਲ ਦੇ ਜੈਕਾਰਿਆਂ ਨਾਲ ਗੂੰਜਿਆ ਹਾਲ ਜਿਵੇਂ ਹੀ ਪੰਜ ਸਿੰਘ ਸਾਹਿਬਾਨ ਵੱਲੋਂ ਇਹ ਫੈਸਲਾ ਸੁਣਾਇਆ ਗਿਆ ਕਿ ਸਮੂਹ ਸਿੱਖ ਵਿਧਾਇਕਾਂ ਅਤੇ ਮੰਤਰੀਆਂ ਦਾ ਇਹ ਨੈਤਿਕ ਫਰਜ਼ ਹੈ ਕਿ ਉਹ ਇੱਕ ਮਹੀਨੇ ਦੇ ਅੰਦਰ-ਅੰਦਰ ਵਿਧਾਨ ਸਭਾ ਰਾਹੀਂ ਅਕਾਲ ਤਖ਼ਤ ਸਾਹਿਬ ਦੇ ਸਾਰੇ ਇਤਰਾਜ਼ਾਂ ਨੂੰ ਦੂਰ ਕਰਨ, ਤਾਂ ਹਾਲ ਵਿੱਚ ਮੌਜੂਦ ਸਾਰੀਆਂ ਸਿਆਸੀ ਪਾਰਟੀਆਂ (ਆਮ ਆਦਮੀ ਪਾਰਟੀ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ) ਦੇ ਆਗੂਆਂ ਨੇ ਇੱਕਸੁਰ ਵਿੱਚ ‘ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ’ ਦੇ ਆਕਾਸ਼-ਗੂੰਜਾਊ ਜੈਕਾਰੇ ਛੱਡ ਕੇ ਇਸ ਫੈਸਲੇ ਦੀ ਪ੍ਰਵਾਨਗੀ ਦਿੱਤੀ। ਜੈਕਾਰਿਆਂ ਦੀ ਗੂੰਜ ਦੇ ਨਾਲ ਹੀ ਸਮੂਹ ਵਿਧਾਇਕਾਂ ਨੇ ਸਿੰਘ ਸਾਹਿਬਾਨ ਨੂੰ ਭਰੋਸਾ ਦਿੱਤਾ ਕਿ ਉਹ ਨਿਰਧਾਰਿਤ ਇੱਕ ਮਹੀਨੇ ਦੇ ਸਮੇਂ ਦੇ ਅੰਦਰ ਇਸ ਕਾਨੂੰਨ ਵਿੱਚ ਲੋੜੀਂਦੀਆਂ ਸੋਧਾਂ ਕਰਵਾਉਣ ਲਈ ਵਚਨਬੱਧ ਰਹਿਣਗੇ।

**ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਰਕਾਰ ਨੂੰ ਇੱਕ ਮਹੀਨੇ ਦਾ ਅਲਟੀਮੇਟਮ; ਸਤਿਕਾਰ ਐਕਟ ’ਤੇ ਤੁਰੰਤ ਰੋਕ ਲਾਉਣ ਦੇ ਆਦੇਸ਼**

‘ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਚੱਲ ਰਹੀ ਉੱਚ ਪੱਧਰੀ ਸੁਣਵਾਈ ਦੌਰਾਨ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਅਤੇ ਹਾਲ ਵਿੱਚ ਮੌਜੂਦ ਸਮੂਹ ਸਿੱਖ ਵਿਧਾਇਕਾਂ ਨੂੰ ਇੱਕ ਮਹੀਨੇ (30 ਦਿਨ) ਦਾ ਸਖ਼ਤ ਅਲਟੀਮੇਟਮ ਜਾਰੀ ਕਰ ਦਿੱਤਾ ਹੈ। ਜਥੇਦਾਰ ਸਾਹਿਬ ਨੇ ਸਪੱਸ਼ਟ ਨਿਰਦੇਸ਼ ਦਿੱਤੇ ਹਨ ਕਿ ਜਦੋਂ ਤੱਕ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਲਾਏ ਗਏ ਸਾਰੇ ਧਾਰਮਿਕ ਤੇ ਕਾਨੂੰਨੀ ਇਤਰਾਜ਼ਾਂ ਨੂੰ ਦੂਰ ਨਹੀਂ ਕੀਤਾ ਜਾਂਦਾ, ਉਦੋਂ ਤੱਕ ਇਸ ਕਾਨੂੰਨ ਦੇ ਲਾਗੂ ਹੋਣ ’ਤੇ ਤੁਰੰਤ ਪ੍ਰਭਾਵ ਨਾਲ ਪੂਰਨ ਰੋਕ ਲਗਾਈ ਜਾਵੇ। ਹਾਲ ਵਿੱਚ ਮੌਜੂਦ ਮੰਤਰੀਆਂ ਅਤੇ ਵਿਧਾਇਕਾਂ ਦੇ ਸਪੱਸ਼ਟੀਕਰਨ ਸੁਣਨ ਤੋਂ ਬਾਅਦ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਆਖਿਆ ਕਿ ਇਸ ਕਾਨੂੰਨ ਨੂੰ ਬਣਾਉਣ ਦੇ ਮਾਮਲੇ ਵਿੱਚ ਸਰਕਾਰ ਨੂੰ ਪੂਰੀ ਤਰ੍ਹਾਂ ’ਗਲਤ ਗਾਈਡ’ (ਗੁੰਮਰਾਹ) ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਾਨੂੰਨੀ ਖਰੜਾ ਤਿਆਰ ਕਰਨ ਵਾਲਿਆਂ ਨੂੰ ਪੰਥਕ ਰਵਾਇਤਾਂ ਦੀ ਸਮਝ ਨਹੀਂ ਸੀ, ਜਿਸ ਕਾਰਨ ਇਹ ਸਾਰਾ ਆਪਸੀ ਤਣਾਅ ਪੈਦਾ ਹੋਇਆ ਹੈ। ਜਥੇਦਾਰ ਨੇ ਕਿਹਾ ਕਿ ਇਸ ਗੁੰਝਲਦਾਰ ਕਾਨੂੰਨ ਦੇ ਸੋਸ਼ਲ ਮੀਡੀਆ ਅਤੇ ਜਨਤਕ ਹੋਣ ਕਰਕੇ ਆਮ ਸੰਗਤ ਤੇ ਸਿੱਖਾਂ ਦੇ ਮਨਾਂ ਵਿੱਚ ਇੱਕ ਵੱਡਾ ਡਰ ਤੇ ਭੁਲੇਖਾ ਬਣ ਗਿਆ ਹੈ, ਜਿਸ ਨੂੰ ਤੁਰੰਤ ਦੂਰ ਕਰਨ ਦੀ ਲੋੜ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਜੇਕਰ ਸਰਕਾਰ ਸਿੱਖ ਭਾਵਨਾਵਾਂ ਅਨੁਸਾਰ ਇਸ ਵਿੱਚ ਸੋਧ ਕਰਦੀ ਹੈ, ਤਾਂ ਅਕਾਲ ਤਖ਼ਤ ਸਾਹਿਬ ਸਰਕਾਰ ਨੂੰ ਹਰ ਸੰਭਵ ਸਹਿਯੋਗ ਦੇਣ ਲਈ ਤਿਆਰ ਹੈ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ‘ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਦੇ ਮਾਮਲੇ ਵਿੱਚ ਚੱਲ ਰਹੀ ਉੱਚ ਪੱਧਰੀ ਸੁਣਵਾਈ ਦੌਰਾਨ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸਰਕਾਰ ਦੀ ਨੀਅਤ ਅਤੇ ਕਾਨੂੰਨ ਦੇ ਖਰੜੇ ’ਤੇ ਇੱਕ ਹੋਰ ਤਿੱਖਾ ਧਾਰਮਿਕ ਤੇ ਕਾਨੂੰਨੀ ਇਤਰਾਜ਼ ਜਨਤਕ ਕੀਤਾ ਗਿਆ ਹੈ। ਪੰਜ ਸਿੰਘ ਸਾਹਿਬਾਨ ਨੇ ਸਪੱਸ਼ਟ ਕੀਤਾ ਕਿ ਪ੍ਰਕਾਸ਼ਿਤ ਹੋਣ ਵਾਲੀਆਂ ਪਾਵਨ ਬੀੜਾਂ ’ਤੇ ਯੂਨੀਕ ਨੰਬਰ ਲਗਾਉਣ ਅਤੇ ਉਨ੍ਹਾਂ ਦੀ ਸੁਚੱਜੀ ਨਿਗਰਾਨੀ ਰੱਖਣ ਦਾ ਕੰਮ ਪੂਰੀ ਤਰ੍ਹਾਂ ਸਿੱਖਾਂ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰ ਖੇਤਰ ਦਾ ਹਿੱਸਾ ਹੈ। ਇਹ ਕੰਮ ਕਿਸੇ ਵੀ ਸਰਕਾਰ ਦਾ ਨਹੀਂ ਹੈ ਅਤੇ ਨਾ ਹੀ ਹੋ ਸਕਦਾ ਹੈ। ਕਾਨੂੰਨ ਬਣਾ ਕੇ ਇਸ ਪ੍ਰਕਿਰਿਆ ਨੂੰ ਆਪਣੇ ਹੱਥਾਂ ਵਿੱਚ ਲੈਣ ਦੀ ਸਰਕਾਰੀ ਕੋਸ਼ਿਸ਼ ’ਤੇ ਸਿੰਘ ਸਾਹਿਬਾਨ ਨੇ ਸਖ਼ਤ ਸ਼ਬਦਾਂ ਵਿੱਚ ਇਤਰਾਜ਼ ਜਤਾਇਆ ਹੈ।

**ਪੰਥਕ ਸ਼ਬਦਾਵਲੀ ’ਚ ਦਖ਼ਲਅੰਦਾਜ਼ੀ ਬਰਦਾਸ਼ਤ ਨਹੀਂ, ‘ਬੀੜ’ ਦੀ ਥਾਂ ‘ਸਰੂਪ’ ਸ਼ਬਦ ਵਰਤਣਾ ਗਲਤ: ਜਥੇਦਾਰ ਗੜਗੱਜ**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਚੱਲ ਰਹੀ ਇਤਿਹਾਸਕ ਇਕੱਤਰਤਾ ਦੌਰਾਨ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ‘ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਉੱਪਰ ਲਾਏ ਗਏ ਮੁੱਖ ਇਤਰਾਜ਼ਾਂ ਦੇ ਵੇਰਵੇ ਜਨਤਕ ਕਰ ਦਿੱਤੇ ਹਨ। ਜਥੇਦਾਰ ਸਾਹਿਬ ਨੇ ਹਾਲ ਵਿੱਚ ਮੌਜੂਦ ਸਮੂਹ ਵਿਧਾਇਕਾਂ ਅਤੇ ਮੀਡੀਆ ਨੂੰ ਸਪੱਸ਼ਟ ਕੀਤਾ ਕਿ ਸਰਕਾਰ ਨੇ ਇਸ ਕਾਨੂੰਨ ਰਾਹੀਂ ਸਿੱਖਾਂ ਦੇ ਅੰਦਰੂਨੀ ਧਾਰਮਿਕ ਮਾਮਲਿਆਂ ਅਤੇ ਸਦੀਆਂ ਪੁਰਾਣੀ ਪੰਥਕ ਸ਼ਬਦਾਵਲੀ ਵਿੱਚ ਸਿੱਧੀ ਦਖ਼ਲਅੰਦਾਜ਼ੀ ਕਰਨ ਦੀ ਕੋਸ਼ਿਸ਼ ਕੀਤੀ ਹੈ।

# ਯਮੁਨਾ ਜਲ ਪਰਿਯੋਜਨਾ ਦੇ ਨਿਰਮਾਣ ਅਤੇ ਲਾਗੂਕਰਨ ਦੇ ਸਬੰਧ ਵਿਚ ਹਰਿਆਣਾ ਅਤੇ ਰਾਜਸਥਾਨ ਸਰਕਾਰ ਵਿਚਕਾਰ ਇਕ ਮਹੱਤਵਪੂਰਨ ਸਮਝੌਤੇ ’ਤੇ ਹਸਤਾਖਰ ਹੋਏ

**ਨਵੀਂ ਦਿੱਲੀ, 29 ਜੂਨ**
**-ਚੌਧਰੀ ਪ੍ਰਭਜੀਤ ਸਿੰਘ-**

ਕੇਂਦਰੀ ਗ੍ਰਹਿ ਤੇ ਸਹਿਕਾਰਤੀ ਮੰਤਰੀ ਅਮਿਤ ਸ਼ਾਹ ਦੀ ਹਾਜਿਰ ਵਿਚ ਸੋਮਵਾਰ ਨੂੰ ਨਵੀਂ ਦਿੱਲੀ ਵਿਚ ਯਮੁਨਾ ਜਲ ਪਰਿਯੋਜਨਾ ਦੇ ਨਿਰਮਾਣ ਅਤੇ ਲਾਗੂਕਰਨ ਦੇ ਸਬੰਧ ਵਿਚ ਹਰਿਆਣਾ ਅਤੇ ਰਾਜਸਥਾਨ ਸਰਕਾਰ ਵਿਚਕਾਰ ਇਕ ਮਹੱਤਵਪੂਰਨ ਸਮਝੌਤੇ ’ਤੇ ਹਸਤਾਖਰ ਹੋਏ। ਇਸ ਮੌਕੇ ’ਤੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ, ਕੇਂਦਰੀ ਜਲ ਸ਼ਕਤੀ ਮੰਤਰੀ ਸੀ.ਆਰ.ਪਾਟਿਲ ਅਤੇ ਕੇਂਦਰ ਸਰਕਾਰ ਅਤੇ ਸੂਬਾ ਸਰਕਾਰਾਂ ਦੇ ਸੀਨੀਅਰ ਅਧਿਕਾਰੀ ਹਾਜ਼ਿਰ ਸਨ।

ਇਸ ਮੌਕੇ ’ਤੇ ਆਪਣੇ ਸਬੰਧਨ ਵਿਚ ਕੇਂਦਰੀ ਗ੍ਰਹਿ ਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਇਸ ਸਮਝੌਤੇ ਨਾਲ ਹਰਿਆਣਾ ਅਤੇ ਰਾਜਸਥਾਨ ਦੇ ਲੋਕਾਂ ਦੀ ਪਾਣੀ ਨਾਲ ਜੁੜੀ ਲਗਭਗ 3 ਦਹਾਕਿਆਂ ਪੁਰਾਣੀ ਸਮੱਸਿਆ ਦਾ ਅੱਜ ਹਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਤੇ ਗਏ ਸਹਿਕਾਰੀ ਸੰਘਵਾਦ ਦੇ ਮੰਤਰ ਦਾ ਇਕ ਵਧੀਆ ਉਦਾਹਰਨ ਹੈ। ਇਹ ਸਮਝੌਤਾ ਇਸ ਗੱਲ ਦਾ ਉਦਾਹਰਣ ਹੈ ਕਿ ਜੇਕਰ ਰਾਜ ਸਹਿਕਾਰੀ ਸੰਘਵਾਦ ਦੀ ਸੋਚ ਨੂੰ ਅੱਗੇ ਵੱਧਾਏਗਾ ਤਾਂ ਤਿੰਨ ਦਹਾਕਿਆਂ ਪੁਰਾਣੀ ਸਮੱਸਿਆ ਵੀ ਆਸਾਨੀ ਨਾਲ ਸੁਲਝ ਸਕਦੀ ਹੈ।



ਸ੍ਰੀ ਅਮਿਤ ਸ਼ਾਹ ਨੇ ਕਿਹਾ ਕਿ ਅੱਜ ਹੋਏ ਸਮਝੌਤੇ ਦੇ ਤਹਿਤ ਜੁਲਾਈ ਤੋਂ ਅਕਤੂਬਰ ਤਕ ਲਗਭਗ 580 ਐਮਸੀਐਮ ਪਾਣੀ ਯਮੁਨਾ ਨਹਿਰ ਨਾਲ ਤਿੰਨ ਭੂਮੀਗਤ ਪਾਇਪਲਾਇਨ ਰਾਹੀਂ ਰਾਜਸਥਾਨ ਤਕ ਪਹੁੰਚਾਇਆ ਜਾਵੇਗਾ। ਇੰਨ੍ਹਾਂ ਤਿੰਨ ਪਾਇਪਲਾਇਨਾਂ ਦਾ ਘੇਰਾ 3.6 ਮੀਟਰ ਤੋਂ ਵੀ ਵੱਧ ਹੈ, ਜਿੰਨ੍ਹਾਂ ਰਾਹੀਂ ਹਰਿਆਣਾ ਅਤੇ ਰਾਜਸਥਾਨ ਸੂਬਿਆਂ ਦੇ ਲੋਕਾਂ ਲਈ ਪੀਣ ਵਾਲੇ ਪਾਣੀ ਦੀ ਵਿਵਸਥਾ ਹੋਵੇਗੀ। ਸਮਝੌਤਾ ਵਿਚ ਮਾਲੀ ਜਿੰਮੇਵਾਰੀ, ਲਾਗਤ ਸਾਝੀਕਰਣ, ਜਲ ਵੰਡ ਅਤੇ ਜਲ ਛੱਡਣ ਦੇ ਪ੍ਰੋਟੋਕਾਲ ਅਤੇ ਰੱਖ-ਰਖਾਓ ਦਾ ਧਿਆਨ ਰੱਖਿਆ ਗਿਆ ਹੈ। ਇਸ ਵਿਗਿਆਨ ਤੌਰ ’ਤੇ ਪਰਿਪੂਰਨ ਸਮਝੌਤੇ ਵਿਚ ਬੁਨਿਆਦੀ ਢਾਂਚੇ ਦਾ ਸੰਚਾਲਨ, ਰਖ-ਰਖਾਓ, ਨਿਗਰਾਨੀ, ਪਾਰਦਰਸ਼ਤਾ ਦੇ ਉਪਾਇਆਂ ਅਤੇ ਝਗੜਾ ਹਲ ਦੀ ਪ੍ਰਕ੍ਰਿਆ ਨੂੰ ਵੀ ਬਹੁਤ ਵਧੀਆ ਢੰਗ ਨਾਲ ਸ਼ਾਮਿਲ ਕੀਤਾ ਗਿਆ ਹੈ।

ਕੇਂਦਰੀ ਗ੍ਰਹਿ ਮੰਤਰੀ ਨੇ ਕਿਹਾ ਕਿ ਹਰਿਆਣਾ, ਰਾਜਸਥਾਨ ਅਤੇ ਖਾਸ ਕਰਕੇ ਕੇਂਦਰੀ ਜਲ ਕਮਿਸ਼ਨ ਨੇ ਇਸ ਸਮਝੌਤੇ ਦਾ ਜੋ ਖਰੜਾ ਬਣਾਇਆ ਹੈ ਉਹ ਆਉਣ ਵਾਲੇ ਕਈ ਦਹਾਕਿਆਂ ਤਕ ਬਿਨਾਂ ਝਗੜੇ ਦੇ ਸਮਝੌਤੇ ਵੱਜੋਂ ਸਥਾਪਿਤ ਰਹੇਗਾ। ਉਨ੍ਹਾਂ ਕਿਹਾ ਕਿ ਕੇਂਦਰੀ ਜਲ ਸ਼ਕਤੀ ਮੰਤਰੀ ਸੀ.ਆਰ.ਪਾਟਿਲ ਦੀ ਪ੍ਰਧਾਨਗੀ ਹੇਠ ਕੁਝ ਹੀ ਦਿਨਾਂ ਵਿਚ ਇਸ ਸਮੱਸਿਆ ਦਾ ਹਲ ਕੱਢਿਆ ਗਿਆ। ਇਸ ਸਮਝੌਤੇ ਤੋਂ ਬਾਅਦ ਰਾਜਥਾਨ ਦੇ ਸੀਕਰ, ਚੁਰੂ ਅਤੇ ਝੁੰਝੂਨੂ ਦੇ ਨਾਲ-ਨਾਲ ਹਰਿਆਣਾ ਦੇ ਭਿਵਾਨੀ ਅਤੇ ਫਤਿਹਬਾਦ ਖੇਤਰਾਂ ਵਿਚ ਵੀ ਪੀਣ ਦੇ ਪਾਣੀ ਪਹੁੰਚਾਉਣ ਦੀ ਵਿਵਸਥਾ ਹੋ ਜਾਵੇਗੀ।

ਸ੍ਰੀ ਅਮਿਤ ਸ਼ਾਹ ਨੇ ਕਿਹਾ ਕਿ ਇਸ ਸਮਝੌਤੇ ਨਾਲ ਹਰਿਆਣਾ ਅਤੇ ਰਾਜਸਥਾਨ ਖਾਸਕਰਕੇ ਰਾਜਸਥਾਨ, ਵਿਚ ਪਾਣੀ ਦੇ ਪਾਣੀ ਦੀ ਸਮੱਸਿਆ ਦੇ ਹਲ ਵਿਚ ਬਹੁਤ ਮਦਦ ਮਿਲੇਗੀ। ਜੋ ਪਾਣੀ ਕਿਸੇ ਕੰਮ ਨਹੀਂ ਆ ਰਿਹਾ ਸੀ, ਇਸ ਸਮਝੌਤੇ ਤੋਂ ਬਾਅਦ ਹੁਣ ਉਹ ਪਾਣੀ ਲੋਕਾਂ ਦੀ ਪਿਆਸ ਬੁਝਾਉਣ ਅਤੇ ਵੱਡੇ ਤਲਾਬਾਂ ਵਿਚ ਇੱਕਠਾ ਹੋਕੇ ਜਮੀਨੀ ਪਾਣੀ ਪੱਧਰ ਵੱਧਾਉਣ ਦੇ ਕੰਮ ਆਵੇਗੀ। ਸ੍ਰੀ ਸ਼ਾਹ ਨੇ ਕਿਹਾ ਕਿ ਹਰਿਆਣਾ, ਰਾਜਸਥਾਨ ਅਤੇ ਜਲ ਸ਼ਕਤੀ ਮੰਤਰਾਲੇ ਨੇ ਪ੍ਰਧਾਨ ਮੰਤਰੀ ਮੋਦੀ ਜੀ ਵੱਲੋਂ ਦਿੱਤੇ ਗਏ ਸਹਿਕਾਰੀ ਸੰਘਵਾਦ ਦੇ ਸੰਦੇਸ਼ ਨੂੰ ਸੱਚੇ ਅਰਥਾਂ ਵਿਚ ਸਾਬਤ ਕੀਤਾ ਹੈ।

ਇਸ ਪਰਿਯੋਜਨਾ ਦਾ ਮੰਤਵ ਪੱਛਮੀ ਯਮੁਨਾ ਨਹਿਰ ਨਾਲ ਜਮੀਨੀ ਪਾਇਪ ਲਾਇਨ ਰਾਹੀਂ ਰਾਜਸਥਾਨ ਦੇ ਹਿੱਸੇ ਦਾ ਯਮੁਨਾ ਦਾ ਪਾਣੀ ਪਹੁੰਚਾਉਣਾ ਹੈ। ਇਸ ਨਾਲ ਰਾਜ, ਅਪਰ ਯਮੁਨਾ ਬੇਸਿਨ ਦੀ ਵਰਤੋਂ ਲਾਇਕ ਸਤਹੀ ਪਾਣੀ ਦੀ ਵੰਡ ’ਤੇ 1994 ਦੇ ਸਮਝੌਤੇ ਦੇ ਤਹਿਤ ਮਿਲੇ ਪਾਣੀ ਦਾ ਸਹੀ ਢੰਗ ਨਾਲ ਵਰਤੋਂ ਕਰ ਪਾਏਗਾ।

ਇਸ ਪਰਿਯੋਜਨਾ ਨਾਲ ਰਾਜਸਥਾਨ ਦੇ ਸੋਕੇ ਅਤੇ ਘਰ ਵਰਖਾ ਵਾਲਾ ਇਲਾਕਿਆਂ ਵਿਚ ਪਾਣੀ ਦੇ ਪਾਣੀ ਦੀ ਲਗਾਤਾਰ ਸਪਲਾਈ ਹੋਵੇਗੀ ਅਤੇ ਸਮਾਜਿਕ-ਆਰਥਿਕ ਵਿਕਾਸ ਨੂੰ ਪ੍ਰੋਤਸਾਹਨ ਮਿਲੇਗਾ, ਜਿਸ ਨਾਲ ਲੱਖਾਂ ਲੋਕਾਂ ਨੂੰ ਫਾਇਦਾ ਹੋਵੇਗਾ। ਇਹ ਸਮਝੌਤਾ ਕੇਂਦਰ ਸਰਕਾਰ ਅਤੇ ਸਮਝੌਤੇ ਵਿਚ ਸ਼ਾਮਿਲ ਰਾਜ ਸਰਕਾਰਾਂ ਦੇ ਇਕਜੁੱਟ ਯਤਨਾਂ ਨਾਲ ਪਰਿਯੋਜਨਾ ਨੂੰ ਸਮੇਂ ’ਤੇ ਲਾਗੂ ਕਰਨ ਦੀ ਨੀਂਹ ਰੱਖਣ ਦਾ ਕੰਮ ਕਰੇਗਾ।

# ਪੰਜਾਬ ਵਿੱਚ ਬਿਜਲੀ ਦੀ ਮੰਗ 17 ਹਜ਼ਾਰ ਮੈਗਾਵਾਟ ਨੇੜੇ ਪਹੁੰਚੀ

## ਅਣ-ਐਲਾਣੇ ਬਿਜਲੀ ਕੱਟਾਂ ਕਰਕੇ ਕਿਸਾਨ, ਮਜ਼ਦੂਰ ਅਤੇ ਵਪਾਰੀ ਸਣੇ ਹਰ ਵਰਗ ਪਰੇਸ਼ਾਨ; ਇਕ ਜੁਲਾਈ ਤੋਂ ਬਦਲੇਗਾ ਮੌਸਮ ਦਾ ਮਿਜ਼ਾਜ

**ਚੰਡੀਗੜ੍ਹ, 29 ਜੂਨ**
**-ਸੰਜੀਵ ਸ਼ਰਮਾ-**

ਪੰਜਾਬ ਵਿੱਚ ਪਿਛਲੇ ਕਈ ਦਿਨਾਂ ਤੋਂ ਪੈ ਰਹੀ ਗਰਮੀ ਦਾ ਕਹਿਰ ਅੱਜ ਵੀ ਲਗਾਤਾਰ ਜਾ ਰਹੀ ਹੈ। ਗਰਮੀ ਕਰਕੇ ਝੋਨੇ ਦੀ ਲਵਾਈ ਕਰਨ ਵਾਲੇ ਕਿਸਾਨਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉੱਥੇ ਹੀ ਸੂਬੇ ਵਿੱਚ ਲੱਗ ਰਹੇ ਅਣ ਐਲਾਣੇ ਬਿਜਲੀ ਕੱਟਾਂ ਕਰਕੇ ਕਿਸਾਨਾਂ ਦੇ ਨਾਲ ਨਾਲ ਮਜ਼ਦੂਰ ਅਤੇ ਵਪਾਰੀ ਵਰਗ ਸਣੇ ਹਰੇਕ ਵਰਗ ਦੇ ਲੋਕਾਂ ਨੂੰ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ। ਅੱਜ 29 ਜੂਨ ਦੀ ਨੂੰ ਸੋਮਵਾਰ ਨੂੰ ਸੂਬੇ ਵਿੱਚ ਬਿਜਲੀ ਦੀ ਮੰਗ 17 ਮੈਗਾਵਾਟ ਦੇ ਨਜ਼ਦੀਕ 16940 ਮੈਗਾਵਾਟ ’ਤੇ ਪਹੁੰਚ ਗਈ ਹੈ। ਲਗਾਤਾਰ ਵੱਧ ਰਹੀ ਬਿਜਲੀ ਦੀ ਮੰਗ ਨੇ ਪਾਵਰ ਕੌਮ ਦੇ ਅਧਿਕਾਰੀਆਂ ਦੇ ਹੱਥ ਵੀ ਖੜੇ ਕਰ ਦਿੱਤੇ ਹਨ।

ਦੂਜੇ ਪਾਸੇ ਮੌਸਮ ਵਿਭਾਗ ਵੱਲੋਂ 29 ਅਤੇ 30 ਜੂਨ ਨੂੰ ਸੂਬੇ ਵਿੱਚ ਗਰਮੀ ਦਾ ਕਹਿਰ ਇਸੇ ਤਰ੍ਹਾਂ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ ਹੈ। ਮੌਸਮ ਵਿਗਿਆਨੀਆਂ ਦਾ ਕਹਿਣਾ ਹੈ ਕਿ ਪੰਜਾਬ ਵਿੱਚ 1 ਜੁਲਾਈ ਤੋਂ ਮੌਸਮ ਦਾ ਮਿਜ਼ਾਜ ਬਦਲੇਗਾ। ਇਸ ਦੌਰਾਨ 1 ਜੁਲਾਈ ਤੋਂ 4 ਜੁਲਾਈ ਤੱਕ ਪੰਜਾਬ ਦੇ ਕਈ ਇਲਾਕਿਆਂ ਵਿੱਚ 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ ਚੱਲਣਗੀਆਂ ਅਤੇ ਕਈ ਥਾਵਾਂ ’ਤੇ ਹਲਕਾ ਅਤੇ ਕਈ ਥਾਵਾਂ ’ਤੇ ਦਰਮਿਆਨਾ ਮੀਂਹ ਪਵੇਗਾ।

ਜ਼ਿਕਰਯੋਗ ਹੈ ਕਿ ਪੰਜਾਬ ਵਿੱਚ ਲੱਗ ਰਹੇ ਬਿਜਲੀ ਕੱਟ ਕਰਕੇ ਝੋਨੇ ਦੀ ਲਵਾਈ ਪ੍ਰਭਾਵਿਤ ਹੋ ਰਹੀ ਹੈ। ਕਿਸਾਨਾਂ ਨੂੰ ਖੇਤੀ ਖੇਤਰ ਲਈ ਅੱਠ ਘੰਟੇ ਬਿਜਲੀ ਸਪਲਾਈ ਨਾ ਮਿਲਣ ਕਰਕੇ ਕਿਸਾਨ ਮਜ਼ਦੂਰ ਮੋਰਚੇ ਵੱਲੋਂ 30 ਜੂਨ ਨੂੰ ਪੰਜਾਬ ਭਰ ਵਿੱਚ ਸਾਰੇ ਪਾਵਰਕੌਮ ਦਫਤਰਾਂ ਮੂਹਰੇ ਰੋਸ ਮੁਜ਼ਾਹਰੇ ਕਰਨ ਦਾ ਐਲਾਨ ਕੀਤਾ ਹੈ।






## ਸੰਪਾਦਕੀ

### ਗ਼ੈਰ-ਕਾਨੂੰਨੀ ਢੰਗ ਨਾਲ ਰੁੱਖਾਂ ਦੀ ਕਟਾਈ ਕਰਨਾ ਕਾਨੂੰਨ ਦੇ ਰਾਜ 'ਤੇ ਇੱਕ ਵੱਡਾ ਹਮਲਾ

ਗ਼ੈਰ-ਕਾਨੂੰਨੀ ਢੰਗ ਨਾਲ ਰੁੱਖਾਂ ਦੀ ਕਟਾਈ ਕਰਨਾ ਜਨਤਕ ਸਾਧਨਾਂ, ਕੁਦਰਤੀ ਵੰਨ-ਸੁਵੰਨਤਾ ਅਤੇ ਕਾਨੂੰਨ ਦੇ ਰਾਜ 'ਤੇ ਇੱਕ ਵੱਡਾ ਹਮਲਾ ਹੈ। ਊਨਾ ਵਿੱਚ ਲੱਕੜ ਦੀ ਕਥਿਤ ਤਸਕਰੀ ਦੇ ਮਾਮਲੇ ਵਿੱਚ ਹਿਮਾਚਲ ਪ੍ਰਦੇਸ਼ ਹਾਈਕੋਰਟ ਵੱਲੋਂ ਕੀਤੀ ਗਈ ਤਾਜ਼ਾ ਦਖਲਅੰਦਾਜ਼ੀ ਬਹੁਤ ਹੀ ਸਾਰਥਕ ਅਤੇ ਸਮੇਂ ਦੀ ਮੁੱਖ ਮੰਗ ਹੈ। ਵਣ ਵਿਭਾਗ ਤੋਂ ਵਿਸਥਾਰਪੂਰਵਕ ਹਲਫ਼ਨਾਮਾ ਮੰਗ ਕੇ ਅਤੇ ਗਗਰੇਟ ਚੌਂਕ-ਪੋਸਟ ਦੀ ਸੁਤੰਤਰ ਨਿਗਰਾਨੀ ਦੇ ਹੁਕਮ ਦੇ ਕੇ ਅਦਾਲਤ ਨੇ ਇਹ ਸਾਫ਼ ਕਰ ਦਿੱਤਾ ਹੈ ਕਿ ਜੰਗਲਾਂ ਦੀ ਰਾਖੀ ਨੂੰ ਸਿਰਫ਼ ਸਰਕਾਰੀ ਅਫ਼ਸਰਾਂ ਦੇ ਭਰੋਸੇ ਨਹੀਂ ਛੱਡਿਆ ਜਾ ਸਕਦਾ। ਇਸ ਮਾਮਲੇ ਵਿੱਚ ਲੱਗੇ ਦੋਸ਼ ਬੇਹੱਦ ਚਿੰਤਾਜਨਕ ਹਨ। ਇਹ ਦੋਸ਼ ਹਿਮਾਚਲ-ਪੰਜਾਬ ਸਰਹੱਦ 'ਤੇ ਜੰਗਲਾਤ ਸਾਧਨਾਂ ਦੀ ਅੰਨ੍ਹੇਵਾਹ ਲੁੱਟ ਕਰਨ ਵਾਲੇ ਇੱਕ ਸੰਗਠਿਤ ਗਰੋਹ ਦੀ ਮੌਜੂਦਗੀ ਵੱਲ ਇਸ਼ਾਰਾ ਕਰਦੇ ਹਨ। ਇਸ ਤੋਂ ਵੀ ਵੱਧ ਚਿੰਤਾਜਨਕ ਗੱਲ ਪ੍ਰਸ਼ਾਸਨ ਦੇ ਦਾਅਵਿਆਂ ਅਤੇ ਵੱਡੇ ਪੱਧਰ 'ਤੇ ਹੋ ਰਹੀ ਗ਼ੈਰ-ਕਾਨੂੰਨੀ ਢੋਆ-ਢੁਆਈ ਵਿਚਾਲੇ ਜ਼ਮੀਨ-ਆਸਮਾਨ ਦਾ ਫ਼ਰਕ ਹੋਣਾ ਹੈ। ਜੇਕਰ ਪਿਛਲੇ ਸਾਲਾਂ ਦੌਰਾਨ ਗ਼ੈਰ-ਕਾਨੂੰਨੀ ਜੰਗਲਾਤ ਸਾਧਨਾਂ ਨੂੰ ਲੈ ਕੇ ਜਾ ਰਹੇ ਸੈਂਕੜੇ ਵਾਹਨ ਫੜੇ ਗਏ ਹਨ ਤਾਂ ਇਹ ਸਵਾਲ ਉੱਠਣਾ ਸੁਭਾਵਿਕ ਹੈ ਕਿ ਅੱਖ ਬਚਾ ਕੇ ਕਿੰਨੀ ਨਾਜਾਇਜ਼ ਲੱਕੜ ਸਰਹੱਦ ਪਾਰ ਨਿਕਲ ਗਈ ਹੋਵੇਗੀ ? ਇਹ ਮਾਮਲਾ ਸਿਸਟਮ ਦੀ ਜਵਾਬਦੇਹੀ 'ਤੇ ਵੱਡੇ ਸਵਾਲ ਖੜ੍ਹੇ ਕਰਦਾ ਹੈ। ਜੰਗਲਾਂ ਦੀ ਰਾਖੀ ਲਈ ਸਿਰਫ਼ ਨੁਕਸਾਨ ਹੋਣ ਤੋਂ ਬਾਅਦ ਐੱਫ ਆਈ ਆਰ ਦਰਜ ਕਰਨਾ ਹੀ ਕਾਫ਼ੀ ਨਹੀਂ। ਇਸ ਲਈ ਹਰ ਵੇਲੇ ਤਿੱਖੀ ਨਜ਼ਰ ਰੱਖਣ, ਲੱਕੜ ਦੇ ਪਰਮਿਟਾਂ ਦੀ ਡਿਜੀਟਲ ਟਰੈਕਿੰਗ, ਗੁਆਂਢੀ ਸੂਬਿਆਂ ਵਿੱਚ ਆਪਸੀ ਤਾਲਮੇਲ ਅਤੇ ਸ਼ੱਕੀ ਚੌਂਕ-ਪੋਸਟਾਂ ਦੀ ਲਗਾਤਾਰ ਜਾਂਚ ਦੀ ਲੋੜ ਹੈ। ਹਾਈਕੋਰਟ ਵੱਲੋਂ ਸੁਤੰਤਰ ਨਿਗਰਾਨੀ ਦੇ ਦਿੱਤੇ ਹੁਕਮ ਕਾਨੂੰਨੀ ਕਾਰਵਾਈ 'ਤੇ ਲੋਕਾਂ ਦਾ ਭਰੋਸਾ ਵਧਾਉਣਗੇ। ਇਸ ਦੇ ਨਾਲ ਹੀ, ਵਾਤਾਵਰਨ ਦੀ ਲੁੱਟ ਦਾ ਪਰਦਾਫਾਸ਼ ਕਰਨ ਵਾਲੇ ਜਾਗਰੂਕ ਨਾਗਰਿਕਾਂ ਅਤੇ ਵ੍ਹਿਸਲਬਲੋਅਰਾਂ ਦੀ ਸੁਰੱਖਿਆ ਯਕੀਨੀ ਬਣਾਉਣੀ ਬੇਹੱਦ ਜ਼ਰੂਰੀ ਹੈ। ਵਾਤਾਵਰਨ ਨਾਲ ਜੁੜੇ ਅਪਰਾਧਾਂ ਨੂੰ ਠੱਲ੍ਹ ਪਾਉਣ ਲਈ ਆਮ ਲੋਕਾਂ ਦੀ ਹਿੱਸੇਦਾਰੀ ਸਭ ਤੋਂ ਵੱਡੀ ਢਾਲ ਸਾਬਤ ਹੋ ਸਕਦੀ ਹੈ। ਹਿਮਾਚਲ ਦੇ ਜੰਗਲ ਬਹੁਮੁੱਲੀ ਕੁਦਰਤੀ ਸੰਪਤੀ ਹੈ ਜੋ ਜੀਵ-ਵਿਭਿੰਨਤਾ ਨੂੰ ਬਚਾਉਣ, ਪਾਣੀ ਦੇ ਸਰੋਤਾਂ ਨੂੰ ਬਰਕਰਾਰ ਰੱਖਣ ਅਤੇ ਸਥਾਨਕ ਲੋਕਾਂ ਦੀ ਰੋਜ਼ੀ-ਰੋਟੀ ਚਲਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਇਨ੍ਹਾਂ ਦੀ ਰੱਖਿਆ ਕਰਨਾ ਸਾਡੀ ਸੰਵਿਧਾਨਕ ਜ਼ਿੰਮੇਵਾਰੀ ਹੈ। ਹਾਈਕੋਰਟ ਨੇ ਇਸ ਗੰਭੀਰ ਸਮੱਸਿਆ ਦੀ ਬਾਰੀਕੀ ਨਾਲ ਜਾਂਚ ਦੇ ਰਾਹ ਖੋਲ੍ਹ ਦਿੱਤੇ ਹਨ। ਹੁਣ ਸੂਬਾ ਸਰਕਾਰ ਨੂੰ ਇਸ ਮੌਕੇ ਦਾ ਫ਼ਾਇਦਾ ਉਠਾਉਂਦਿਆਂ ਲੱਕੜ ਤਸਕਰਾਂ ਦੇ ਸੰਗਠਿਤ ਨੈੱਟਵਰਕ ਨੂੰ ਤੋੜਨਾ ਚਾਹੀਦਾ ਹੈ, ਪ੍ਰਸ਼ਾਸਨ ਦੀ ਜਵਾਬਦੇਹੀ ਤੈਅ ਕਰਨੀ ਚਾਹੀਦੀ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਜੰਗਲਾਤ ਕਾਨੂੰਨਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇ।

**-ਛੱਤਰਪਾਲ ਸਿੰਘ**





Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807


# ਪੰਜਾਬ ਦੇ ਸਿਆਸੀ ਘਮਸਾਣ ਦੀ ਬਦਲ ਰਹੀ ਹਵਾ

**ਜਯੋਤੀ ਮਲਹੋਤਰਾ**

ਪੰਜਾਬ ਦੀ ਸਿਆਸਤ ਵਿੱਚ ਇਹ ਹਫ਼ਤਾ ਪੂਰੀ ਤਰ੍ਹਾਂ ਭਖਿਆ ਰਿਹਾ ਹੈ। ਭਾਜਪਾ ਦੇ ਨਵੇਂ ਸੂਬਾ ਪ੍ਰਧਾਨ ਨਿਤਿਨ ਨਬੀਨ ਨੇ 2027 ਦੇ ਸ਼ੁਰੂ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਚੁਣੌਤੀਆਂ ਦੀ ਟੋਹ ਲੈਣ ਲਈ ਅੰਮ੍ਰਿਤਸਰ, ਲੁਧਿਆਣਾ ਅਤੇ ਜਲੰਧਰ ਦਾ ਦੌਰਾ ਕੀਤਾ ਸੀ। ਅਜੇ ਨਿਤਿਨ ਨਬੀਨ ਪੰਜਾਬ ਤੋਂ ਪਰਤੇ ਹੀ ਸਨ ਕਿ ਇੱਕ ਪੁਰਾਣੀ ਵੀਡੀਓ ਸੋਸ਼ਲ ਮੀਡੀਆ ਅਤੇ ਸਿਆਸੀ ਗਲਿਆਰਿਆਂ ਵਿੱਚ ਤੇਜ਼ੀ ਨਾਲ ਵਾਇਰਲ ਹੋ ਗਈ, ਜਿਸ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਉੱਤੇ ਕਥਿਤ ਤੌਰ 'ਤੇ ਬੇਅਦਬੀ ਕਰਨ ਦੇ ਦੋਸ਼ ਲੱਗ ਰਹੇ ਹਨ।

ਸਿੱਖਾਂ ਦੀ ਸਰਵਉੱਚ ਧਾਰਮਿਕ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਇਸ ਵੀਡੀਓ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਨਿੰਦਾ ਕੀਤੀ ਹੈ ਅਤੇ ਸਮੁੱਚੀ ਵਿਰੋਧੀ ਧਿਰ ਵੀ ਉਨ੍ਹਾਂ 'ਤੇ ਹਮਲਾਵਰ ਹੈ। ਦੂਜੇ ਪਾਸੇ ਭਗਵੰਤ ਮਾਨ ਭਾਜਪਾ ਸ਼ਾਸਿਤ ਹਰਿਆਣਾ ਦੇ ਗੁਰੂਗ੍ਰਾਮ ਦੀ ਇੱਕ ਲੈਬਾਰਟਰੀ ਤੋਂ ਮਿਲੀ ਕਲੀਨ ਚਿੱਟ ਦਾ ਹਵਾਲਾ ਦੇ ਕੇ ਆਪਣਾ ਬਚਾਅ ਕਰ ਰਹੇ ਹਨ। ਪਰ ਕਹਾਣੀ ਵਿੱਚ ਮੋੜ ਉਦੋਂ ਆਇਆ ਜਦੋਂ ਹਰਿਆਣਾ ਪੁਲੀਸ ਨੇ ਪੈਸਿਆਂ ਦੇ ਲੈਣ-ਦੇਣ ਦੇ ਦੋਸ਼ ਵਿੱਚ ਉਸੇ ਲੈਬ ਦੇ ਦੋ ਕਰਮਚਾਰੀਆਂ ਨੂੰ ਗ੍ਰਿਫ਼ਤਾਰ ਕਰ ਲਿਆ। ਹੁਣ ਸਵਾਲ ਇਹ ਹੈ ਕਿ ਕੀ ਭਗਵੰਤ ਮਾਨ ਇਸ ਸਿਆਸੀ ਸੰਕਟ ਵਿੱਚੋਂ ਨਿਕਲ ਸਕਣਗੇ ? ਕੀ ਇਹ ਘਟਨਾ ਆਮ ਆਦਮੀ ਪਾਰਟੀ ਦੇ ਅਕਸ ਨੂੰ ਵੱਡੀ ਢਾਹ ਲਾਏਗੀ, ਜਿਸ ਨੇ ਦਿੱਲੀ ਦੀ ਧਰਤੀ ਤੋਂ ਭ੍ਰਿਸ਼ਟਾਚਾਰ ਵਿਰੁੱਧ ਇੱਕ ਲੋਕ ਅੰਦੋਲਨ ਵਜੋਂ ਆਪਣਾ ਸਿਆਸੀ ਸਫ਼ਰ ਸ਼ੁਰੂ ਕੀਤਾ ਸੀ, ਜਾਂ ਫਿਰ ਪਾਰਟੀ ਇਸ ਹਫ਼ਤੇ ਦੇ ਸਿਆਸੀ ਝਟਕੇ ਤੋਂ ਉੱਭਰ ਕੇ ਇਸ ਸੰਕਟ ਨੂੰ ਇੱਕ ਮੌਕੇ ਵਿੱਚ ਬਦਲਣ ਵਿੱਚ ਕਾਮਯਾਬ ਹੋਵੇਗੀ ?

ਪਿਛਲੇ ਹਫ਼ਤੇ ਤੱਕ 'ਆਪ' ਦੀ ਸਥਿਤੀ ਕਾਫ਼ੀ ਮਜ਼ਬੂਤ ਮੰਨੀ ਜਾ ਰਹੀ ਸੀ ਅਤੇ ਖੇਰੂੰ-ਖੇਰੂੰ ਹੋਈ ਵਿਰੋਧੀ ਧਿਰ ਉਸ ਨੂੰ ਕੋਈ ਵੱਡੀ ਚੁਣੌਤੀ ਦਿੰਦੀ ਨਜ਼ਰ ਨਹੀਂ ਆ ਰਹੀ ਸੀ। ਮੁੱਖ ਮੰਤਰੀ ਵੱਲੋਂ ਸ਼ਾਮ ਵੇਲੇ ਕੀਤੇ ਜਾਣ ਵਾਲੇ ਸਰਸਰੀ ਦੌਰੇ ਸਤਲੁਜ ਦੇ ਸ਼ਾਂਤ ਪਾਣੀਆਂ ਵਿੱਚ ਕੋਈ ਹਲਚਲ ਪੈਦਾ ਕਰਨ ਲਈ ਕਾਫ਼ੀ ਨਹੀਂ ਸਨ। ਇਸ ਦੇ ਨਾਲ ਹੀ ਅਰਵਿੰਦ ਕੇਜਰੀਵਾਲ ਵੱਲੋਂ ਮੁਫ਼ਤ ਸਹੂਲਤਾਂ ਦੇ ਕੀਤੇ ਚਤੁਰਾਈ ਭਰੇ ਵਾਅਦੇ (ਜੋ ਫਾਰਮੂਲਾ ਉਨ੍ਹਾਂ ਨੇ ਭਾਜਪਾ ਤੋਂ ਹੀ ਸਿੱਖਿਆ ਜਾਪਦਾ ਹੈ, ਜਿਸ ਤਹਿਤ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਨੂੰ 1500 ਰੁਪਏ ਅਤੇ ਬਾਕੀ ਔਰਤਾਂ ਨੂੰ 1000 ਰੁਪਏ ਮਹੀਨਾ ਦੇਣ ਦੀ ਗੱਲ ਕਹੀ ਗਈ ਹੈ) ਨੇ ਆਪਣਾ ਅਸਰ ਦਿਖਾਉਣਾ ਸ਼ੁਰੂ ਕਰ ਦਿੱਤਾ ਸੀ। ਇਸ ਤੋਂ ਇਲਾਵਾ ਸਫ਼ਾਈ ਕਰਮਚਾਰੀਆਂ, ਸਕੂਲ ਅਧਿਆਪਕਾਂ ਅਤੇ ਸਰਪੰਚਾਂ ਵਰਗੇ ਰਸੂਖ਼ਵਾਨ ਵਰਗਾਂ ਦੇ ਗਿਲੇ-ਸ਼ਿਕਵੇ ਦੂਰ ਕਰਨ ਦਾ ਭਰੋਸਾ ਦੇ ਕੇ 'ਆਪ' ਇੱਕ ਅਜਿਹਾ ਫਾਰਮੂਲਾ ਘੜ ਰਹੀ ਸੀ, ਜਿਸ ਵਿੱਚ ਹਰ ਕਿਸੇ ਲਈ ਕੁਝ ਨਾ ਕੁਝ ਜ਼ਰੂਰ ਸੀ। ਪੰਜਾਬ ਇਸ ਵੇਲੇ ਸਾਹ ਰੋਕੀ ਬੈਠਾ ਹੈ ਅਤੇ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਵੀਡੀਓਜ਼ ਨੂੰ ਲੈ ਕੇ ਸ਼ੁਰੂ ਹੋਈ ਇਹ ਸਿਆਸੀ ਜੰਗ ਕੀ ਅਗਲੇ ਹਫ਼ਤੇ ਵੀ ਇਵੇਂ ਹੀ ਜਾਰੀ ਰਹੇਗੀ ? ਪਿਛਲੇ ਹਫ਼ਤੇ ਤੱਕ ਭਾਜਪਾ ਨੂੰ ਚੋਣ ਮੈਦਾਨ ਵਿੱਚ ਬਹੁਤ ਪੱਛੜੀ ਪਾਰਟੀ ਵਜੋਂ ਦੇਖਿਆ ਜਾ ਰਿਹਾ ਸੀ ਪਰ ਇਸ ਹਫ਼ਤੇ ਦੇ ਸਿਆਸੀ ਘਮਸਾਣ ਦਰਮਿਆਨ ਉਸ ਨੂੰ ਆਪਣੇ ਪੈਰਾਂ ਹੇਠਲੀ ਸਿਆਸੀ ਜ਼ਮੀਨ ਮਜ਼ਬੂਤ ਹੁੰਦੀ ਜਾਪ ਰਹੀ ਹੈ। ਸੱਤਾ ਦਾ ਲਾਲਚ ਵਿਰੋਧੀਆਂ ਨੂੰ ਵੀ ਆਪਸ ਵਿੱਚ ਜੋੜ ਦਿੰਦਾ ਹੈ ਪਰ ਵੱਡਾ ਸਵਾਲ ਇਹ ਹੈ ਕਿ ਕੀ ਇਹ ਜੋੜ ਚੋਣਾਂ ਜਿੱਤਣ ਲਈ ਕਾਫ਼ੀ ਹੋਵੇਗਾ ? ਕਹਿਣ ਦਾ ਭਾਵ ਇਹ ਹੈ ਕਿ ਵਿਧਾਨ ਸਭਾ ਚੋਣਾਂ ਵਿੱਚ ਜਦੋਂ ਛੇ ਕੁ ਮਹੀਨਿਆਂ ਦਾ ਸਮਾਂ ਰਹਿ ਗਿਆ ਹੈ ਤਾਂ ਕੀ ਭਾਜਪਾ ਕੋਲ ਸੂਬੇ ਦੀਆਂ ਸਾਰੀਆਂ 117 ਸੀਟਾਂ 'ਤੇ ਚੋਣ ਲੜਨ ਲਈ ਉਮੀਦਵਾਰ ਮੌਜੂਦ ਹਨ ?

ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਨਿਤਿਨ ਨਬੀਨ ਵਰਗੇ ਭਾਜਪਾ ਦੇ ਸੀਨੀਅਰ ਆਗੂਆਂ ਨੂੰ ਤਾਂ ਇਹੀ ਲਗਦਾ ਹੈ। ਪਰ ਟ੍ਰਿਬਿਊਨ ਸਮੂਹ ਦੀਆਂ ਜ਼ਮੀਨੀ ਰਿਪੋਰਟਾਂ ਦੱਸਦੀਆਂ ਹਨ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਵਿੱਚੋਂ ਕੋਈ ਵੀ ਇਕੱਲੇ ਦਮ 'ਤੇ ਪੈਰ ਜਮਾਉਣ ਦੀ ਹਾਲਤ ਵਿੱਚ ਨਹੀਂ ਹੈ; ਹਾਂ, ਜੇ ਇਹ ਦੋਵੇਂ ਇਕੱਠੇ ਹੋ ਜਾਣ ਤਾਂ ਇੱਕ ਵੱਡੀ ਸਿਆਸੀ ਤਾਕਤ ਬਣ ਕੇ ਉੱਭਰ ਸਕਦੇ ਹਨ। ਮੇਰੀ ਸਹਿਯੋਗੀ ਆਦਿਤੀ ਟੰਡਨ ਨੇ ਹਾਲ ਹੀ ਵਿੱਚ



ਭਾਜਪਾ ਦੇ ਇੱਕ ਸੀਨੀਅਰ ਆਗੂ ਦੇ ਹਵਾਲੇ ਨਾਲ (ਨਾਮ ਨਾ ਛਾਪਣ ਦੀ ਸ਼ਰਤ 'ਤੇ) ਲਿਖਿਆ ਸੀ ਕਿ ਸਿਆਸਤ ਵਿੱਚ ਕਿਸੇ ਵੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਇਸ ਲਈ ਪੰਜਾਬ ਦੀ ਬਦਲ ਰਹੀ ਸਿਆਸੀ ਹਵਾ ਦਰਮਿਆਨ ਇਸ ਹਫ਼ਤੇ ਇਹ ਸਵਾਲ ਸਭ ਦੀ ਜ਼ੁਬਾਨ 'ਤੇ ਹੈ ਕਿ ਕੀ ਸਾਲ 2020 ਵਿੱਚ ਮੋਦੀ ਸਰਕਾਰ ਦੇ ਖੇਤੀ ਕਾਨੂੰਨਾਂ ਕਾਰਨ ਪੈਦਾ ਹੋਈ ਕੁੜੱਤਣ ਨੂੰ ਭੁਲਾ ਕੇ ਭਾਜਪਾ ਅਤੇ ਅਕਾਲੀ ਦਲ ਆਖ਼ਰਕਾਰ ਮੁੜ ਗਲਵਕੜੀ ਪਾਉਣਗੇ ?

ਇਹ ਅਖਾਣ ਕਿ ਸਿਆਸਤ ਵਿੱਚ ਇੱਕ ਹਫ਼ਤਾ ਵੀ ਬਹੁਤ ਲੰਮਾ ਸਮਾਂ ਹੁੰਦਾ ਹੈ ਹਰ ਸਿਆਸਤਦਾਨ ਦੀ ਗੁੜ੍ਹਤੀ ਹੈ, ਸਿਵਾਏ ਰਾਹੁਲ ਗਾਂਧੀ ਦੇ ਜਿਨ੍ਹਾਂ ਦੇ ਨਿਸ਼ਾਨੇ ਸ਼ਾਇਦ ਕੁਝ ਹੋਰ ਹੀ ਵੱਡੇ ਹਨ। ਉਹ ਪਿਛਲੇ ਹਫ਼ਤੇ ਦਿੱਲੀ ਵਿੱਚ ਪੰਜਾਬ ਕਾਂਗਰਸ ਦੇ ਨਵੇਂ ਪ੍ਰਧਾਨ ਦੀ ਚੋਣ ਵਰਗੇ ਅਹਿਮ ਮੁਹਾਜ਼ ਨੂੰ ਅੱਧ ਵਿਚਾਲੇ ਛੱਡ ਕੇ ਆਪਣਾ 56ਵਾਂ ਜਨਮਦਿਨ ਮਨਾਉਣ ਲਈ ਵਿਦੇਸ਼ ਉਡਾਰੀ ਮਾਰ ਗਏ। ਯਾਦ ਰਹੇ ਕਿ ਹਾਲ ਹੀ ਵਿੱਚ ਹੋਈਆਂ ਨਗਰ ਨਿਗਮ/ਸਥਾਨਕ ਚੋਣਾਂ ਵਿੱਚ ਕਾਂਗਰਸ 'ਆਪ' ਤੋਂ ਬਾਅਦ ਦੂਜੇ ਨੰਬਰ 'ਤੇ ਰਹੀ ਸੀ। ਇਸ ਤੋਂ ਸਾਫ਼ ਹੈ ਕਿ ਭਾਵੇਂ ਸੂਬੇ ਵਿੱਚ ਕਾਂਗਰਸ ਅੰਦਰੂਨੀ ਫੁੱਟ ਦਾ ਸ਼ਿਕਾਰ ਹੈ (ਜਿੱਥੇ ਮੁੱਖ ਮੰਤਰੀ ਅਹੁਦੇ ਦੇ ਘੱਟੋ-ਘੱਟ ਪੰਜ ਸਵੈ-ਘੋਸ਼ਿਤ ਦਾਅਵੇਦਾਰ ਹਨ) ਪਰ ਲੋਕਾਂ ਦੇ ਮਨਾਂ ਵਿੱਚ ਕਾਂਗਰਸ ਦੀ ਵਿਚਾਰਧਾਰਾ ਪ੍ਰਤੀ ਵਫ਼ਾਦਾਰੀ ਦੀ ਇੱਕ ਚੰਗਿਆੜੀ ਅਜੇ ਵੀ ਬਾਕੀ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਇਹ ਹੈ ਕਿ ਕੀ ਪੰਜਾਬ ਦੇ ਲੋਕ ਉਨ੍ਹਾਂ ਨੂੰ ਬੇਅਦਬੀ ਦੇ ਉਸ ਗੁਨਾਹ ਲਈ ਮੁਆਫ਼ ਕਰ ਚੁੱਕੇ ਹਨ, ਜੋ ਸਾਲ 2015 ਵਿੱਚ ਬਰਗਾੜੀ ਵਿਖੇ ਵਾਪਰਿਆ ਸੀ ? ਉਦੋਂ ਪਵਿੱਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗ ਪਾੜ ਕੇ ਗਲੀਆਂ ਵਿੱਚ ਸੁੱਟੇ ਗਏ ਸਨ ਅਤੇ ਸੂਬੇ ਵਿੱਚ ਅਕਾਲੀ ਦਲ ਦੀ ਸਰਕਾਰ ਸੀ, ਜਿਸ 'ਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਨਾ ਕਰਨ ਦੇ ਗੰਭੀਰ ਦੋਸ਼ ਲੱਗੇ ਸਨ। ਦਿਲਚਸਪ ਗੱਲ ਇਹ ਹੈ ਕਿ ਇਸ ਹਫ਼ਤੇ ਵਿਰੋਧੀ ਧਿਰ ਮੁੱਖ ਮੰਤਰੀ ਭਗਵੰਤ ਮਾਨ ਸਿਰ ਵੀ ਉਸੇ ਬੇਅਦਬੀ ਦਾ ਭਾਂਡਾ ਭੰਨ ਰਹੀ ਹੈ, ਹਾਲਾਂਕਿ ਮਾਨ ਅਤੇ 'ਆਪ' ਨੇ ਇਨ੍ਹਾਂ ਦੋਸ਼ਾਂ ਨੂੰ ਸਿਰੇ ਤੋਂ ਨਕਾਰਿਆ ਹੈ। ਇਹੀ ਕਾਰਨ ਹੈ ਕਿ ਆਉਣ ਵਾਲੇ ਦਿਨ ਇਹ ਤੈਅ ਕਰਨਗੇ ਕਿ 2027 ਦੀਆਂ ਚੋਣਾਂ ਦਾ ਮੁਹਾਰ ਕਿਸ ਪਾਸੇ ਮੁੜੇਗਾ। ਕੀ ਮੁੱਖ ਮੰਤਰੀ ਇਸ ਸਿਆਸੀ ਝੱਖੜ ਦਾ ਸਾਹਮਣਾ ਕਰਕੇ ਖੁਦ ਨੂੰ ਬੇਕਸੂਰ ਸਾਬਤ ਕਰ ਸਕਣਗੇ ? ਜਾਂ ਫਿਰ ਪੰਜਾਬ ਦੇ ਲੋਕ 2027 ਵਿੱਚ 'ਆਪ' ਦਾ ਵੀ ਉਹੀ ਹਾਲ ਕਰਨਗੇ ਜੋ ਉਨ੍ਹਾਂ ਨੇ 2017 ਵਿੱਚ ਅਕਾਲੀ ਦਲ ਦਾ ਕੀਤਾ ਸੀ ?

2027 ਦੀ ਇਹ ਸਿਆਸੀ ਜੰਗ ਅਜੇ ਸਿਰਫ਼ ਸ਼ੁਰੂ ਹੋਈ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੰਜਾਬ ਭਰ ਦੇ ਇਤਿਹਾਸਕ ਗੁਰਦੁਆਰਿਆਂ ਵਿੱਚ ਭਗਵੰਤ ਮਾਨ ਖ਼ਿਲਾਫ਼ ਬੈਨਰ ਲਗਾਉਣ ਦੇ ਆਦੇਸ਼ ਦਿੱਤੇ ਹਨ। ਕਈ ਥਾਵਾਂ 'ਤੇ ਇਨ੍ਹਾਂ ਹੁਕਮਾਂ ਦੀ ਪਾਲਣਾ ਹੋਈ ਵੀ ਹੈ ਪਰ ਅਜਿਹੀਆਂ ਰਿਪੋਰਟਾਂ ਵੀ ਹਨ ਕਿ ਕੁਝ ਸੁਤੰਤਰ ਕਮੇਟੀਆਂ ਅਤੇ ਸਿੰਘ ਸਭਾ ਨਾਲ ਸਬੰਧਿਤ ਪ੍ਰਬੰਧਕ ਅਜੇ ਇਸ ਫੈਸਲੇ ਨੂੰ ਮੰਨਣ ਲਈ ਤਿਆਰ ਨਹੀਂ ਹਨ, ਘੱਟੋ-ਘੱਟ ਅਜੇ ਤੱਕ ਤਾਂ ਨਹੀਂ। ਇਸ ਹਫ਼ਤੇ ਸਿਆਸੀ ਵੰਡ ਦੀਆਂ ਇਹ ਲੀਕਾਂ ਅਜੇ ਧੁੰਦਲੀਆਂ ਹਨ।

ਇਸ ਸਭ ਦੇ ਦਰਮਿਆਨ ਇੱਕ ਹੋਰ ਧਿਰ 'ਵਾਰਿਸ ਪੰਜਾਬ ਦੇ' ਵੀ ਮੈਦਾਨ ਵਿੱਚ ਹੈ। ਇਸ ਜਥੇਬੰਦੀ ਦੇ ਮੁਖੀ ਅਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਉਦੋਂ ਚੋਣ ਜਿੱਤੇ ਸਨ ਜਦੋਂ ਉਹ ਆਸਾਮ ਦੀ ਜੇਲ੍ਹ ਵਿੱਚ ਬੰਦ ਸਨ ਅਤੇ ਉਹ ਅਜੇ ਵੀ ਉੱਥੇ ਹੀ ਹਨ। ਪੰਜਾਬ ਦੀ ਬਦਲ ਰਹੀ ਇਸ ਸਿਆਸੀ ਹਵਾ ਵਿੱਚ ਹੁਣ ਦੇਖਣਾ ਇਹ ਹੋਵੇਗਾ ਕਿ 'ਵਾਰਿਸ ਪੰਜਾਬ ਦੇ' ਇਸ ਨਵੇਂ ਘਮਸਾਣ ਵਿੱਚ ਆਪਣੀ ਕੀ ਥਾਂ ਬਣਾਉਂਦੀ ਹੈ ? ਹਫ਼ਤਾ ਖ਼ਤਮ ਹੁੰਦਿਆਂ-ਹੁੰਦਿਆਂ ਪੰਜਾਬ ਦਾ ਸਿਆਸੀ ਤੇ ਸਮਾਜਿਕ ਦ੍ਰਿਸ਼ ਹੋਰ ਧੁੰਦਲਾ ਹੋ ਗਿਆ ਹੈ ਅਤੇ ਲੋਕਾਂ ਦੇ ਮਨਾਂ ਵਿੱਚ ਇਹੋ ਸਵਾਲ ਹੈ ਕਿ ਆਉਣ ਵਾਲਾ ਕੱਲ੍ਹ ਕੀ ਲੈ ਕੇ ਆਵੇਗਾ। ਇਸ ਵੇਲੇ ਸੂਬੇ ਦੀ ਜੋ ਤਸਵੀਰ ਸਾਹਮਣੇ ਆ ਰਹੀ ਹੈ ਉਸ ਤੋਂ ਲੱਗਦਾ ਹੈ ਕਿ ਪੰਜਾਬ ਇੱਕ ਅਜਿਹੇ ਚੱਕਰਵਿਊਹ ਵਿੱਚ ਫਸ ਕੇ ਤੇਜ਼ੀ ਨਾਲ ਘੁੰਮ ਰਿਹਾ ਹੈ ਜਿਸ ਦੀਆਂ ਤਾਰਾਂ ਬਾਹਰੋਂ ਹਿੱਲ ਰਹੀਆਂ ਹਨ।

ਅੰਮ੍ਰਿਤਸਰ ਤੋਂ ਟ੍ਰਿਬਿਊਨ ਸਮੂਹ ਦੇ ਪੱਤਰਕਾਰ ਪਵਨ ਕੇ. ਜੈਸਵਾਰ ਦੀ ਰਿਪੋਰਟ ਮੁਤਾਬਿਕ ਭਾਰਤ-ਪਾਕਿਸਤਾਨ ਸਰਹੱਦ 'ਤੇ ਹਰ ਰੋਜ਼ ਹੈਰੋਇਨ ਅਤੇ ਛੋਟੇ ਹਥਿਆਰਾਂ ਦੀ ਬਰਾਮਦਗੀ ਵਧ ਰਹੀ ਹੈ; ਪੁਲੀਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਸਰਹੱਦ ਪਾਰੋਂ ਆਉਣ ਵਾਲੇ ਡਰੋਨ ਹੁਣ ਪਹਿਲਾਂ ਨਾਲੋਂ ਕਿਤੇ ਵਧੇਰੇ ਆਧੁਨਿਕ ਹੋ ਗਏ ਹਨ, ਜੋ ਰਾਡਾਰ ਦੀ ਅੱਖ ਤੋਂ ਬਚਣ ਲਈ ਬਹੁਤ ਨੀਵਾਂ ਹੋ ਕੇ ਉੱਡਦੇ ਹਨ ਅਤੇ ਨਸ਼ਿਆਂ-ਹਥਿਆਰਾਂ ਦੀਆਂ ਵੱਡੀਆਂ ਖੇਪਾਂ ਭਾਰਤ ਵੱਲ ਧੱਕ ਰਹੇ ਹਨ।

ਜਲੰਧਰ ਤੋਂ ਅਪਰਣਾ ਬੈਨਰਜੀ ਦੀਆਂ ਰਿਪੋਰਟਾਂ ਦੱਸਦੀਆਂ ਹਨ ਕਿ ਕਿਵੇਂ ਹੈਰੋਇਨ ਕਾਰਨ ਹੱਸਦੇ-ਖੇਡਦੇ ਪੂਰੇ ਦੇ ਪੂਰੇ ਪਰਿਵਾਰ ਤਬਾਹ ਹੋ ਰਹੇ ਹਨ, ਜੋ ਇਸ ਨਸ਼ੇ ਦੇ ਡਰਾਉਣੇ ਰੂਪ ਨੂੰ ਜ਼ਾਹਿਰ ਕਰਦਾ ਹੈ। 'ਆਪ' ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਸ਼ਲਾਘਾਯੋਗ ਹੈ ਕਿਉਂਕਿ ਇਸ ਨੇ ਇਸ ਵੱਡੇ ਸੰਕਟ ਦੀਆਂ ਪਰਤਾਂ ਨੂੰ ਫਰੋਲ ਕੇ ਸੱਚ ਸਾਹਮਣੇ ਲਿਆਂਦਾ ਹੈ ਪਰ ਚੁਣੌਤੀ ਇੰਨੀ ਵਿਰਾਟ ਹੈ ਕਿ ਨਸ਼ਾ ਛੁਡਾਊ ਅਤੇ ਮੁੜ-ਵਸੇਬਾ ਕੇਂਦਰਾਂ ਦੇ ਪ੍ਰਬੰਧਾਂ ਨੂੰ ਸਿਰਫ਼ ਕਾਗਜ਼ੀ ਕਾਰਵਾਈਆਂ ਜਾਂ ਇੱਕ-ਦੂਜੇ 'ਤੇ ਦੋਸ਼ ਮੜ੍ਹਨ ਤੱਕ ਸੀਮਤ ਨਹੀਂ ਰੱਖਿਆ ਜਾ ਸਕਦਾ। ਜੇ ਪੰਜਾਬ ਨੂੰ ਬਚਾਉਣਾ ਹੈ ਤਾਂ ਇੱਕ ਅਜਿਹੀ ਵਿਆਪਕ ਰਣਨੀਤੀ ਬਣਾਉਣੀ ਪਵੇਗੀ ਜਿਸ ਵਿੱਚ ਸੱਤਾਧਾਰੀ ਧਿਰ ਅਤੇ ਵਿਰੋਧੀ ਧਿਰ, ਦੋਵੇਂ ਇੱਕ ਮੰਚ 'ਤੇ ਇਕੱਠੇ ਹੋਣ।

ਸਥਿਤੀ ਉਦੋਂ ਹੋਰ ਵੀ ਨਾਜ਼ੁਕ ਹੋ ਜਾਂਦੀ ਹੈ ਜਦੋਂ ਨਸ਼ਾ ਤਸਕਰੀ ਅਤੇ ਹਥਿਆਰਾਂ ਦੀ ਸਮਗਲਿੰਗ ਆਪਸ 'ਚ ਜੁੜ ਜਾਂਦੀ ਹੈ। ਇਸੇ ਹਫ਼ਤੇ ਅੰਮ੍ਰਿਤਸਰ ਵਿੱਚ ਭਾਜਪਾ ਨੇ ਆਪਣੇ ਇੱਕ ਸਥਾਨਕ ਸੀਨੀਅਰ ਆਗੂ ਨੂੰ ਉਦੋਂ ਪਾਰਟੀ ਵਿੱਚੋਂ ਮੁਅੱਤਲ ਕਰ ਦਿੱਤਾ ਜਦੋਂ ਬੀ ਐੱਸ ਐੱਫ ਨੇ ਉਸ ਦੇ ਪੁੱਤਰ (ਜੋ ਕਥਿਤ ਤੌਰ 'ਤੇ ਨਸ਼ੇੜੀ ਦੱਸਿਆ ਜਾਂਦਾ ਹੈ) ਕੋਲੋਂ ਏਕੇ-47 ਸਮੇਤ 26 ਆਧੁਨਿਕ ਹਥਿਆਰ ਬਰਾਮਦ ਕੀਤੇ।

ਇਸ ਹਫ਼ਤੇ ਦੀ ਗੱਲ ਨੂੰ ਸਮੇਟਦਿਆਂ ਮੇਰੇ ਸਹਿਯੋਗੀਆਂ ਨੇਹਾ ਸੈਣੀ ਅਤੇ ਰਾਜਮੀਤ ਸਿੰਘ ਦੀ ਉਸ ਰਿਪੋਰਟ ਦਾ ਜ਼ਿਕਰ ਕਰਨਾ ਬਣਦਾ ਹੈ ਜਿਸ ਵਿੱਚ ਉਨ੍ਹਾਂ ਲਿਖਿਆ ਹੈ ਕਿ ਕਿਵੇਂ ਸਿਆਸੀ ਪਾਰਟੀਆਂ ਆਪਣੇ ਅੱਜ ਨੂੰ ਚਮਕਾਉਣ ਲਈ ਇਤਿਹਾਸ ਦਾ ਸਹਾਰਾ ਲੈਂਦੀਆਂ ਹਨ, ਜਿਵੇਂ 'ਆਪ' ਨੇ 2022 ਦੀਆਂ ਚੋਣਾਂ ਵਿੱਚ ਸ਼ਹੀਦ ਭਗਤ ਸਿੰਘ ਦੇ ਨਾਂ ਦੀ ਵਰਤੋਂ ਕੀਤੀ ਅਤੇ ਅੱਜ ਭਾਜਪਾ ਮਹਾਰਾਜਾ ਰਣਜੀਤ ਸਿੰਘ ਦੇ 'ਸਰਕਾਰ-ਏ-ਖ਼ਾਲਸਾ' (ਇੱਕ ਅਜਿਹਾ ਸਿੱਖ ਰਾਜ ਜੋ ਧਰਮ-ਨਿਰਪੱਖ ਵੀ ਸੀ ਅਤੇ ਸਭ ਨੂੰ ਨਾਲ ਲੈ ਕੇ ਚੱਲਣ ਵਾਲਾ ਸੀ) ਦੀ ਦੁਹਾਈ ਦੇ ਰਹੀ ਹੈ।

ਪੰਜਾਬ ਦੀ ਕਹਾਣੀ ਅੱਜ ਵੀ ਇਵੇਂ ਹੀ ਚੱਲ ਰਹੀ ਹੈ, ਜਿੱਥੇ ਉਸ ਦਾ ਅਤੀਤ ਅਤੇ ਵਰਤਮਾਨ ਉਸ ਦੇ ਦਰਿਆਵਾਂ ਦੇ ਪਾਣੀਆਂ ਵਾਂਗ ਆਪਸ ਵਿੱਚ ਮਿਲ ਰਹੇ ਹਨ। ਹੁਣ ਵੱਡਾ ਸਵਾਲ ਇਹ ਹੈ ਕਿ ਕੀ ਇਹ ਦਰਿਆ ਆਪਣਾ ਸਹੀ ਰਸਤਾ ਲੱਭ ਕੇ ਸਮੁੰਦਰ ਤੱਕ ਪਹੁੰਚ ਸਕਣਗੇ ਜਾਂ ਫਿਰ ਰਾਹਾਂ ਵਿੱਚ ਹੀ ਭਟਕ ਜਾਣਗੇ ?

# ਕਾਦੀਆਂ ਹਲਕੇ ਨੂੰ ਛੇਤੀ ਮਿਲੇਗਾ ਸਬ-ਡਵੀਜ਼ਨ ਦਾ ਦਰਜਾ; ਲੋਕਾਂ ਨੂੰ ਸਾਰੀਆਂ ਸਰਕਾਰੀ ਸਹੂਲਤਾਂ ਇੱਕੋ ਛੱਤ ਹੇਠ ਮਿਲਣਗੀਆਂ: ਭਗਵੰਤ ਸਿੰਘ ਮਾਨ

**ਗੁਰਦਾਸਪੁਰ, 29 ਜੂਨ**
**-ਸ਼.ਅ.ਬਿਓਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਕਾਦੀਆਂ ਹਲਕੇ ਨੂੰ ਸਬ-ਡਵੀਜ਼ਨ ਵਜੋਂ ਅਪਗ੍ਰੇਡ ਕੀਤਾ ਜਾਵੇਗਾ, ਜਿਸ ਨਾਲ ਲੋਕਾਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਪੂਰੀ ਹੋਵੇਗੀ ਅਤੇ ਆਧੁਨਿਕ ਪ੍ਰਸ਼ਾਸਨਿਕ ਕੰਪਲੈਕਸ ਰਾਹੀਂ ਸਾਰੀਆਂ ਪ੍ਰਮੁੱਖ ਸਰਕਾਰੀ ਸੇਵਾਵਾਂ ਇੱਕੋ ਛੱਤ ਹੇਠ ਉਪਲਬਧ ਹੋਣਗੀਆਂ। ਕਾਦੀਆਂ ਵਿੱਚ ਵਿਸ਼ੇਸ਼ ਜਨਤਕ ਪ੍ਰੋਗਰਾਮ ਦੌਰਾਨ ਉਨ੍ਹਾਂ ਨੇ ਅਕਾਲੀ ਲੀਡਰਸ਼ਿਪ 'ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਉਨ੍ਹਾਂ ਨੇ ਵੋਟਾਂ ਹਾਸਲ ਕਰਨ ਲਈ ਲੋਕਾਂ ਨੂੰ ਡਰਾਇਆ-ਧਮਕਾਇਆ ਅਤੇ ਸਾਲਾਂਬੱਧੀ ਪੰਜਾਬ ਨੂੰ ਲੁੱਟਿਆ।

ਪੰਜਾਬੀਆਂ ਨੂੰ ਚੋਰਾਂ, ਲੁਟੇਰਿਆਂ ਅਤੇ ਠੱਗਾਂ ਵਿਰੁੱਧ ਇਕਜੁੱਟ ਹੋਣ ਦਾ ਸੱਦਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਾਲ 2027 ਦੀਆਂ ਚੋਣਾਂ ਵਿੱਚ 'ਝਾੜੂ' ਨੂੰ ਇੰਨੇ ਫੈਸਲਾਕੁੰਨ ਢੰਗ ਨਾਲ ਚਲਾਉਣ ਕਿ ਵਿਰੋਧੀ ਧਿਰ ਨੂੰ ਸੂਬੇ ਨੂੰ ਗੰਧਲਾ ਕਰਨ ਦਾ ਦੁਬਾਰਾ ਕੋਈ ਮੌਕਾ ਨਾ ਮਿਲੇ। ਮੁੱਖ ਮੰਤਰੀ ਨੇ ਕਿਸਾਨਾਂ ਨੂੰ ਇਹ ਭਰੋਸਾ ਵੀ ਦਿੱਤਾ ਕਿ ਕੀੜੀ ਸ਼ੂਗਰ ਮਿੱਲ ਦੇ ਗੰਨੇ ਦੇ ਬਕਾਏ ਜਲਦ ਹੀ ਅਦਾ ਕਰ ਦਿੱਤੇ ਜਾਣਗੇ। ਮੁੱਖ ਮੰਤਰੀ ਨੇ ਆਪਣੀ ਸਰਕਾਰ ਦੀਆਂ ਲੋਕ-ਪੱਖੀ ਪਹਿਲਕਦਮੀਆਂ, ਜਿਨ੍ਹਾਂ ਵਿੱਚ 90 ਫੀਸਦ ਘਰਾਂ ਲਈ ਜ਼ੀਰੋ ਬਿਜਲੀ ਬਿੱਲ ਅਤੇ 47 ਲੱਖ ਪਰਿਵਾਰਾਂ ਲਈ 10 ਲੱਖ ਰੁਪਏ ਦਾ ਕੈਸ਼ਲੈੱਸ ਸਿਹਤ ਬੀਮਾ ਸ਼ਾਮਲ ਹੈ ਦਾ ਜ਼ਿਕਰ ਕਰਦਿਆਂ ਲੋਕਾਂ ਨੂੰ 'ਰੰਗਲਾ ਪੰਜਾਬ' ਬਣਾਉਣ ਵਿੱਚ ਇਕਜੁਟ ਹੋਣ ਦੀ ਅਪੀਲ ਕੀਤੀ।

ਇਸ ਪ੍ਰੋਗਰਾਮ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐਕਸ' 'ਤੇ ਲਿਖਿਆ: ਮਾਝੇ ਦੀ ਬਹਾਦਰ ਧਰਤੀ ਅਤੇ ਕਾਦੀਆਂ ਹਲਕੇ ਦੇ ਲੋਕਾਂ ਦਾ ਅਥਾਹ ਪਿਆਰ ਅਤੇ ਸਨੇਹ ਲਈ ਤਹਿ ਦਿਲੋਂ ਧੰਨਵਾਦ। ਲੋਕਾਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਮੈਂ ਐਲਾਨ ਕੀਤਾ ਹੈ ਕਿ ਕਾਦੀਆਂ ਨੂੰ ਹੁਣ ਸਬ-ਡਵੀਜ਼ਨ ਬਣਾਇਆ ਜਾਵੇਗਾ। ਐਸ.ਡੀ.ਐਮ., ਡੀ.ਐਸ.ਪੀ., ਅਤੇ ਏ.ਡੀ.ਸੀ. ਦੇ ਦਫ਼ਤਰ ਇੱਕੋ ਆਧੁਨਿਕ ਇਮਾਰਤ ਤੋਂ ਕੰਮ ਕਰਨਗੇ, ਜਿਸ ਨਾਲ ਲੋਕਾਂ ਨੂੰ ਸਰਕਾਰੀ ਸੇਵਾਵਾਂ ਲੈਣ ਵਿੱਚ ਹੁੰਦੀ ਖ਼ੁਆਰੀ ਖ਼ਤਮ ਹੋਵੇਗੀ। ਹਲਕੇ ਦੇ ਵਿਕਾਸ ਨੂੰ ਹੋਰ ਤੇਜ਼ ਕਰਨ ਲਈ ਗੁਰਇਕਬਾਲ ਸਿੰਘ ਮਾਹਲ ਨੂੰ ਹਲਕੇ ਦਾ ਨਵਾਂ ਸੇਵਾਦਾਰ ਨਿਯੁਕਤ ਕੀਤਾ ਗਿਆ ਹੈ। ਰਵਾਇਤੀ ਸਿਆਸੀ



ਆਗੂਆਂ ਵੱਲੋਂ ਸ਼ੋਸ਼ਣ ਦਾ ਦੌਰ ਹੁਣ ਖ਼ਤਮ ਹੋ ਗਿਆ ਹੈ। ਅੱਜ ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ, ਅਤੇ 47 ਲੱਖ ਪਰਿਵਾਰ ਪਹਿਲਾਂ ਹੀ 10 ਲੱਖ ਰੁਪਏ ਦੇ ਕੈਸ਼ਲੈੱਸ ਸਿਹਤ ਇਲਾਜ ਦੇ ਕਾਰਡ ਪ੍ਰਾਪਤ ਕਰ ਚੁੱਕੇ ਹਨ। ਆਓ, ਅਸੀਂ ਸਾਰੇ ਮਿਲ ਕੇ ਖੁਸ਼ਹਾਲ ਪੰਜਾਬ ਦਾ ਨਿਰਮਾਣ ਕਰੀਏ।

ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਵੱਡਾ ਇਕੱਠ ਦਰਸਾਉਂਦਾ ਹੈ ਕਿ ਕਾਦੀਆਂ ਦੇ ਲੋਕ ਬਦਲਾਅ ਲਿਆਉਣ ਅਤੇ ਇਸ ਹਲਕੇ ਨੂੰ ਉਸ ਪਰਿਵਾਰ ਤੋਂ ਮੁਕਤ ਕਰਵਾਉਣ ਲਈ ਬੇਸਬਰੀ ਨਾਲ ਉਡੀਕ ਕਰ ਰਹੇ ਹਨ ਜਿਸ ਨੇ ਦਹਾਕਿਆਂ ਤੱਕ ਇੱਥੇ ਰਾਜ ਕੀਤਾ ਹੈ। ਪਿਛਲੀਆਂ ਸਰਕਾਰਾਂ ਨੇ ਪੰਜਾਬ ਦੇ ਸਰਹੱਦੀ ਖੇਤਰ ਦੇ ਵਿਕਾਸ ਨੂੰ ਅਣਗੌਲਿਆ ਕੀਤਾ, ਪਰ ਸਾਡੀ ਸਰਕਾਰ ਨੇ ਇਸ ਦੀ ਤਰੱਕੀ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਹੈ। ਸਰਹੱਦ 'ਤੇ ਰਹਿਣ ਵਾਲੇ ਲੋਕ ਸੱਚੇ ਦੇਸ਼ ਭਗਤ ਹਨ ਜੋ ਹਮੇਸ਼ਾ ਦੇਸ਼ ਦੇ ਨਾਲ ਚੱਟਾਨ ਵਾਂਗ ਖੜ੍ਹੇ ਰਹੇ ਹਨ, ਅਤੇ ਸਾਡੀ ਸਰਕਾਰ ਉਨ੍ਹਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ, ਇਸ ਵਿਧਾਨ ਸਭਾ ਹਲਕੇ ਦੀ ਲੰਮਾ ਸਮਾਂ ਨੁਮਾਇੰਦਗੀ ਕਰਨ ਵਾਲੇ ਸਮੱਗਲਰਾਂ ਨੇ ਪੰਜਾਬ ਦੀਆਂ ਪੀੜ੍ਹੀਆਂ ਨੂੰ ਬਰਬਾਦ ਕਰ ਦਿੱਤਾ ਹੈ। ਲੋਕਾਂ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਨੂੰ ਢੁਕਵਾਂ ਸਬਕ ਸਿਖਾਉਣਾ ਚਾਹੀਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅਸੀਂ ਆਂਢ-ਗੁਆਂਢ ਦੀਆਂ ਬੇਕਰੀਆਂ ਵਿੱਚ ਬਣੇ ਬਿਸਕੁਟ ਖਾ ਕੇ ਵੱਡੇ ਹੋਏ ਹਾਂ, ਜਦੋਂ ਕਿ ਪਹਾੜਾਂ ਦੇ ਕਾਨਵੈਂਟ ਸਕੂਲਾਂ ਵਿੱਚ ਪੜ੍ਹੇ ਇਹ ਆਗੂ ਆਪਣੇ ਪਿਉ-ਦਾਦਿਆਂ ਦੁਆਰਾ ਸਮੱਗਲ ਕੀਤੇ ਸੋਨੇ ਦੇ ਬਿਸਕੁਟ ਖਾਂਦੇ ਰਹੇ ਹਨ। ਉਨ੍ਹਾਂ ਕੋਲ ਨਾ ਤਾਂ ਕੋਈ ਵਿਚਾਰਧਾਰਾ ਹੈ ਅਤੇ ਨਾ ਹੀ ਜਨਤਾ ਦੀ ਸੇਵਾ ਲਈ ਕੋਈ ਵਚਨਬੱਧਤਾ ਹੈ। ਉਨ੍ਹਾਂ ਦਾ ਇੱਕੋ ਇੱਕ ਉਦੇਸ਼ ਹਮੇਸ਼ਾ ਸੱਤਾ 'ਤੇ ਕਾਬਜ਼ ਹੋਣਾ ਰਿਹਾ ਹੈ। ਹੁਣ ਸਮਾਂ ਆ ਗਿਆ ਹੈ ਕਿ ਲੋਕ ਬੇਕਰੀ ਦੇ ਬਿਸਕੁਟਾਂ ਅਤੇ ਸੋਨੇ ਦੇ ਬਿਸਕੁਟਾਂ ਵਿਚਕਾਰ ਫਰਕ ਨੂੰ ਸਮਝਣ।

ਉਨ੍ਹਾਂ ਕਿਹਾ, ਇਨ੍ਹਾਂ ਸ਼ਾਹੀ ਆਗੂਆਂ ਦਾ ਆਮ ਪੰਜਾਬੀਆਂ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਇਨ੍ਹਾਂ ਦੀਆਂ ਗੱਡੀਆਂ, ਕੱਪੜੇ ਅਤੇ ਜੀਵਨ ਸ਼ੈਲੀ ਸਾਡੇ ਨਾਲੋਂ ਬਿਲਕੁਲ ਵੱਖਰੀ ਹੈ। ਜਿਨ੍ਹਾਂ ਨੇ ਵਿਧਾਨ ਸਭਾ, ਰਾਜ ਸਭਾ ਅਤੇ ਲੋਕ ਸਭਾ ਵਿੱਚ ਇਸ ਖੇਤਰ ਦੀ ਨੁਮਾਇੰਦਗੀ ਕੀਤੀ, ਉਨ੍ਹਾਂ ਨੇ ਕਦੇ ਵੀ ਇਸ ਦੇ ਵਿਕਾਸ ਲਈ ਕੰਮ ਨਹੀਂ ਕੀਤਾ। ਇਸ ਦੀ ਬਜਾਏ, ਉਨ੍ਹਾਂ ਨੇ ਸੜਕਾਂ 'ਤੇ ਟੋਲ ਲਾਏ ਅਤੇ ਲੋਕਾਂ 'ਤੇ ਬੋਝ ਪਾਇਆ। ਇੱਥੋਂ ਤੱਕ ਕਿ ਉਨ੍ਹਾਂ ਦਾ ਆਪਣਾ ਘਰ ਵੀ ਵੰਡਿਆ ਹੋਇਆ ਹੈ, ਜਿਸ 'ਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਝੰਡੇ ਲਹਿਰਾ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੇਰਾ ਨਾਮ ਰਵਾਇਤੀ ਪਾਰਟੀਆਂ ਦੇ ਆਗੂਆਂ ਲਈ ਡਰਾਉਣਾ ਸੁਪਨਾ ਬਣ ਗਿਆ ਹੈ ਕਿਉਂਕਿ ਮੈਂ ਉਨ੍ਹਾਂ ਦੇ ਮਾੜੇ ਕੰਮਾਂ ਨੂੰ ਲੋਕਾਂ ਸਾਹਮਣੇ ਬੇਨਕਾਬ ਕੀਤਾ ਹੈ। ਉਹ ਇਸ ਗੱਲ ਨੂੰ ਹਜ਼ਮ ਨਹੀਂ ਕਰ ਪਾ ਰਹੇ ਕਿ ਇੱਕ ਆਮ ਆਦਮੀ ਦਾ ਪੁੱਤ ਪੰਜਾਬ ਨੂੰ ਸਫ਼ਲਤਾਪੂਰਵਕ ਚਲਾ ਰਿਹਾ ਹੈ। ਲੋਕਾਂ ਨੇ ਇਨ੍ਹਾਂ ਆਗੂਆਂ ਨੂੰ ਪਹਿਲਾਂ ਹੀ ਨਕਾਰ ਦਿੱਤਾ ਹੈ ਕਿਉਂਕਿ ਉਨ੍ਹਾਂ ਨੇ ਹਮੇਸ਼ਾ ਪੰਜਾਬ ਤੇ ਪੰਜਾਬੀਆਂ ਨਾਲੋਂ ਆਪਣੇ ਪਰਿਵਾਰਾਂ ਦੀ ਜ਼ਿਆਦਾ ਪ੍ਰਵਾਹ ਕੀਤੀ ਹੈ। ਕਾਦੀਆਂ ਨੂੰ ਜਲਦ ਹੀ ਸਬ-ਡਵੀਜ਼ਨ ਬਣਾਉਣ ਦਾ ਐਲਾਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਸਾਰੀਆਂ ਰਸਮੀ ਕਾਰਵਾਈਆਂ ਛੇਤੀ ਹੀ ਪੂਰੀਆਂ ਕਰ ਲਈਆਂ ਜਾਣਗੀਆਂ ਤਾਂ ਜੋ ਲੋਕਾਂ ਨੂੰ ਆਪਣੇ ਕੰਮਾਂ ਲਈ ਜ਼ਿਆਦਾ ਇੰਤਜ਼ਾਰ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਡੁੱਬਦਾ ਹੋਇਆ ਜਹਾਜ਼ ਹੈ ਅਤੇ ਇਸ ਦੇ ਸੂਝਵਾਨ ਆਗੂ ਵੀ ਲੋਕਾਂ ਦੇ ਹਿੱਤ ਵਿੱਚ ਪਾਰਟੀ ਛੱਡ ਰਹੇ ਹਨ।







# ਪੈਟਰੋਲ, ਡੀਜ਼ਲ, ਐਲ.ਪੀ.ਜੀ. ਅਤੇ ਕੁਦਰਤੀ ਗੈਸ ਦੀਆਂ ਕੀਮਤਾਂ ਤੁਰੰਤ ਘਟਾਈਆਂ ਜਾਣ; ਅਮਨ ਦਾ ਲਾਭ ਭਾਰਤ ਦੇ ਗਰੀਬ ਲੋਕਾਂ ਤੱਕ ਪਹੁੰਚਾਇਆ ਜਾਵੇ

**ਸੁਨਾਮ, 29 ਜੂਨ**
**ਜਗਦੇਵ ਰੰਚਨਾਂ**

ਪੱਛਮੀ ਏਸ਼ੀਆ ਵਿੱਚ ਹੋਏ ਯੁੱਧ ਨੇ ਭਾਰਤ ਦੇ ਗਰੀਬ ਲੋਕਾਂ, ਕਿਸਾਨਾਂ, ਟਰਾਂਸਪੋਰਟਰਾਂ, ਮਜ਼ਦੂਰਾਂ, ਢਾਬਾ ਚਲਾਉਣ ਵਾਲਿਆਂ, ਛੋਟੇ ਦੁਕਾਨਦਾਰਾਂ ਅਤੇ ਛੋਟੇ ਉਦਯੋਗਾਂ ਉੱਤੇ ਸਿੱਧਾ ਆਰਥਿਕ ਬੋਝ ਪਾਇਆ ਹੈ। 7 ਮਾਰਚ 2026 ਨੂੰ ਦਿੱਲੀ ਵਿੱਚ 14.2 ਕਿਲੋਗ੍ਰਾਮ ਦੇ ਘਰੇਲੂ ਐਲ.ਪੀ.ਜੀ. ਸਿਲੰਡਰ ਦੀ ਕੀਮਤ 7 ਫੀਸਦੀ ਵਧਾ ਕੇ ?913 ਕਰ ਦਿੱਤੀ ਗਈ। ਇਸ ਤੋਂ ਬਾਅਦ 7 ਜੂਨ 2026 ਨੂੰ ਇਸ ਵਿੱਚ ਹੋਰ ?29 ਦਾ ਵਾਧਾ ਕਰਕੇ ਕੀਮਤ ?942 ਕਰ ਦਿੱਤੀ ਗਈ। ਇਸ ਤਰ੍ਹਾਂ ਸਿਰਫ਼ ਤਿੰਨ ਮਹੀਨਿਆਂ ਵਿੱਚ ਘਰੇਲੂ ਪਰਿਵਾਰਾਂ ਉੱਤੇ ?89 ਦਾ ਵਾਧੂ ਬੋਝ ਪਾ ਦਿੱਤਾ ਗਿਆ।

ਵਪਾਰਕ ਐਲ.ਪੀ.ਜੀ. ਦੀਆਂ ਕੀਮਤਾਂ ਵਿੱਚ ਤਾਂ ਹੋਰ ਵੀ ਵੱਡਾ ਵਾਧਾ ਕੀਤਾ ਗਿਆ। ਦਿੱਲੀ ਵਿੱਚ 19 ਕਿਲੋਗ੍ਰਾਮ ਦੇ ਵਪਾਰਕ ਸਿਲੰਡਰ ਦੀ ਕੀਮਤ 7 ਮਾਰਚ ਨੂੰ ?1,883 ਸੀ, ਜੋ 993 ਦੇ ਵਾਧੇ ਨਾਲ 1 ਮਈ ਨੂੰ ?3,071.50 ਹੋ ਗਈ ਅਤੇ 1 ਜੂਨ ਤੋਂ ?3,113.50 ਕਰ ਦਿੱਤੀ ਗਈ। ਇਸ ਦਾ ਸਿੱਧਾ ਅਸਰ ਛੋਟੇ ਭੋਜਨ ਵਿਕਰੇਤਾਵਾਂ, ਰੈਸਟੋਰੈਂਟਾਂ, ਕੇਟਰਿੰਗ ਸੇਵਾਵਾਂ, ਢਾਬਿਆਂ ਅਤੇ ਉਹਨਾਂ ਸਾਰੇ ਮਿਹਨਤੀ ਲੋਕਾਂ ਉੱਤੇ ਪਿਆ ਹੈ ਜੋ ਸਸਤੇ ਪੱਕੇ ਭੋਜਨ ਉੱਤੇ ਨਿਰਭਰ ਹਨ।

ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵੀ ਵਾਧਾ ਕੀਤਾ ਗਿਆ। 15 ਮਈ 2026 ਨੂੰ ਸਰਕਾਰੀ ਤੇਲ ਕੰਪਨੀਆਂ ਨੇ ਪੈਟਰੋਲ ਅਤੇ ਡੀਜ਼ਲ ਦੀ ਕੀਮਤ ਵਿੱਚ ?3 ਪ੍ਰਤੀ ਲੀਟਰ ਦਾ ਵਾਧਾ ਕੀਤਾ। ਇਸ ਦਾ ਕਾਰਨ ਯੁੱਧ ਦੌਰਾਨ ਅੰਤਰਰਾਸ਼ਟਰੀ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਆਇਆ ਉਛਾਲ ਅਤੇ ਸਟ੍ਰੇਟ ਆਫ ਹੋਰਮੁਜ਼ ਵਿੱਚ ਸਪਲਾਈ ਸੰਬੰਧੀ ਚਿੰਤਾਵਾਂ ਨੂੰ ਦੱਸਿਆ ਗਿਆ। 25 ਮਈ ਤੱਕ ਦਿੱਲੀ ਵਿੱਚ ਪੈਟਰੋਲ



ਦੀ ਕੀਮਤ ?102.12 ਪ੍ਰਤੀ ਲੀਟਰ ਅਤੇ ਡੀਜ਼ਲ ਦੀ ਕੀਮਤ ?95.20 ਪ੍ਰਤੀ ਲੀਟਰ ਹੋ ਚੁੱਕੀ ਸੀ।

ਹੁਣ ਇਹੋ ਹੀ ਤਰਕ ਉਲਟ ਦਿਸ਼ਾ ਵਿੱਚ ਵੀ ਲਾਗੂ ਹੋਣਾ ਚਾਹੀਦਾ ਹੈ। ਕੂਟਨੀਤਿਕ ਯਤਨਾਂ ਨਾਲ ਪੱਛਮੀ ਏਸ਼ੀਆ ਵਿੱਚ ਤਣਾਅ ਘਟਿਆ ਹੈ, ਸਟ੍ਰੇਟ ਆਫ ਹੋਰਮੁਜ਼ ਰਾਹੀਂ ਆਵਾਜਾਈ ਮੁੜ ਸਥਿਰ ਹੋਈ ਹੈ ਅਤੇ ਅੰਤਰਰਾਸ਼ਟਰੀ ਊਰਜਾ ਕੀਮਤਾਂ ਵਿੱਚ ਵੀ ਕਮੀ ਆਈ ਹੈ। 24 ਜੂਨ 2026 ਨੂੰ ਭਾਰਤੀ ਕੱਚੇ ਤੇਲ ਦੀ ਔਸਤ ਕੀਮਤ ਲਗਭਗ US$70.71 ਪ੍ਰਤੀ ਬੈਰਲ ਰਹਿ ਗਈ, ਜੋ ਸੰਕਟ ਦੌਰਾਨ ਦੇ ਉੱਚ ਪੱਧਰਾਂ ਨਾਲੋਂ ਕਾਫ਼ੀ ਘੱਟ ਸੀ।

ਇਸ ਲਈ ਅਸੀਂ ਭਾਰਤ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਪੈਟਰੋਲ, ਡੀਜ਼ਲ, ਘਰੇਲੂ ਐਲ.ਪੀ.ਜੀ., ਵਪਾਰਕ ਐਲ.ਪੀ.ਜੀ., ਸੀ.ਐਨ.ਜੀ. ਅਤੇ ਕੁਦਰਤੀ ਗੈਸ ਦੀਆਂ ਕੀਮਤਾਂ ਵਿੱਚ ਤੁਰੰਤ ਕਟੌਤੀ ਕੀਤੀ ਜਾਵੇ। ਸਰਕਾਰ ਨੂੰ ਯੁੱਧ, ਡਰ ਅਤੇ ਮਹਿੰਗਾਈ ਤੋਂ ਮੁਨਾਫ਼ਾਖੋਰੀ ਨਹੀਂ ਕਰਨੀ ਚਾਹੀਦੀ। ਜਦੋਂ ਯੁੱਧ ਦੇ ਨਾਂ 'ਤੇ ਗਰੀਬ ਲੋਕਾਂ ਤੋਂ ਵੱਧ ਕੀਮਤ ਵਸੂਲੀ ਗਈ ਸੀ, ਤਾਂ ਹੁਣ ਅਮਨ ਦੇ ਨਤੀਜੇ ਵਜੋਂ ਮਿਲੇ ਲਾਭ ਦਾ ਹਿੱਸਾ ਵੀ ਲੋਕਾਂ ਨੂੰ ਮਿਲਣਾ ਚਾਹੀਦਾ ਹੈ।

ਅਸੀਂ ਪਾਕਿਸਤਾਨ ਰਾਜ ਅਤੇ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਪੂਰੇ ਦਿਲੋਂ ਧੰਨਵਾਦ ਕਰਦੇ ਹਾਂ ਕਿ ਉਨ੍ਹਾਂ ਨੇ ਖੇਤਰੀ ਤਣਾਅ ਘਟਾਉਣ ਲਈ ਕੂਟਨੀਤਿਕ ਯਤਨ ਕੀਤੇ। ਰਾਇਟਰਜ਼ ਅਨੁਸਾਰ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ਼ ਨੇ ਐਲਾਨ ਕੀਤਾ ਕਿ ਅਮਰੀਕਾ ਅਤੇ ਇਰਾਨ ਦਰਮਿਆਨ ਗੱਲਬਾਤ ਸਫ਼ਲ ਰਹੀ, ਜਿਸ ਵਿੱਚ ਪਾਕਿਸਤਾਨ ਅਤੇ ਕਤਰ ਨੇ ਵੀ ਭੂਮਿਕਾ ਨਿਭਾਈ। ਰਾਸ਼ਟਰਪਤੀ ਟਰੰਪ ਨੇ ਵੀ ਜੰਗਬੰਦੀ ਦੀ ਕੋਸ਼ਿਸ਼ ਦੌਰਾਨ ਇਜ਼ਰਾਈਲ ਅਤੇ ਇਰਾਨ ਨੂੰ ਗੋਲੀਬਾਰੀ ਬੰਦ ਕਰਨ ਦੀ ਜਨਤਕ ਅਪੀਲ ਕੀਤੀ।

ਇਨ੍ਹਾਂ ਕੂਟਨੀਤਿਕ ਯਤਨਾਂ ਨੇ ਭਾਰਤ ਦੇ ਗਰੀਬ ਲੋਕਾਂ ਨੂੰ ਹੋਰ ਵੱਡੀ ਮਹਿੰਗਾਈ, ਖਾਣ-ਪੀਣ ਦੀਆਂ ਵਧੀਆਂ ਕੀਮਤਾਂ, ਆਵਾਜਾਈ ਦੇ ਵਧੇ ਹੋਏ ਖ਼ਰਚਿਆਂ, ਖਾਦਾਂ ਦੀਆਂ ਕੀਮਤਾਂ ਅਤੇ ਰਸੋਈ ਗੈਸ ਦੇ ਵਾਧੂ ਬੋਝ ਤੋਂ ਬਚਾਉਣ ਵਿੱਚ ਮਦਦ ਕੀਤੀ ਹੈ। ਅਮਨ ਸਿਰਫ਼ ਵਿਦੇਸ਼ ਨੀਤੀ ਦਾ ਵਿਸ਼ਾ ਨਹੀਂ; ਅਮਨ ਦਾ ਅਰਥ ਹੈ ਰੋਟੀ, ਦਾਲ, ਆਵਾਜਾਈ, ਬੱਚਿਆਂ ਦੀ ਫੀਸ, ਦਵਾਈ ਅਤੇ ਆਮ ਲੋਕਾਂ ਦੀ ਜ਼ਿੰਦਗੀ।

ਇੱਥੇ ਇੱਕ ਨੈਤਿਕ ਅੰਤਰ ਵੀ ਸਪਸ਼ਟ ਦਿਖਾਈ ਦਿੰਦਾ ਹੈ। ਭਾਰਤ ਨੇ ਇਜ਼ਰਾਈਲ ਨਾਲ ਆਪਣੇ ਰਣਨੀਤਿਕ ਸੰਬੰਧ, ਰੱਖਿਆ ਸਹਿਯੋਗ ਅਤੇ ਉੱਚ ਪੱਧਰੀ ਰਾਜਨੀਤਿਕ ਸਹਿਯੋਗ ਨੂੰ ਜਾਰੀ ਰੱਖਿਆ ਹੈ। ਦੂਜੇ ਪਾਸੇ, ਇਜ਼ਰਾਈਲ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਗੰਭੀਰ ਆਲੋਚਨਾ ਦਾ ਸਾਹਮਣਾ ਕਰਨਾ ਪਿਆ ਹੈ। ਸੰਯੁਕਤ ਰਾਸ਼ਟਰ ਦੀ ਜਾਂਚ ਵਿੱਚ ਇਜ਼ਰਾਈਲੀ ਅਧਿਕਾਰੀਆਂ ਉੱਤੇ ਫ਼ਲਸਤੀਨੀ ਬੱਚਿਆਂ ਨੂੰ ਜਾਣਬੁੱਝ ਕੇ ਨਿਸ਼ਾਨਾ ਬਣਾਉਣ ਦੇ ਦੋਸ਼ ਲਗਾਏ ਗਏ ਹਨ, ਜਿਨ੍ਹਾਂ ਨੂੰ ਨਸਲਕੁਸ਼ੀ, ਮਨੁੱਖਤਾ ਵਿਰੁੱਧ ਅਪਰਾਧ ਅਤੇ ਯੁੱਧ ਅਪਰਾਧਾਂ ਦੇ ਦਾਇਰੇ ਵਿੱਚ ਵੇਖਿਆ ਗਿਆ ਹੈ। ਯੂਰਪੀ ਸੰਘ ਨੇ ਵੀ ਕਬਜ਼ੇ ਹੇਠਲੇ ਪੱਛਮੀ ਕਿਨਾਰੇ ਵਿੱਚ ਹਿੰਸਕ ਇਜ਼ਰਾਈਲੀ ਬਸਤੀਕਾਰਾਂ ਅਤੇ ਸੰਬੰਧਤ ਸੰਗਠਨਾਂ ਉੱਤੇ ਪਾਬੰਦੀਆਂ ਲਗਾਈਆਂ ਹਨ।

ਨਿਓਕਨਜ਼ਰਵੇਟਿਵ ਵਿਚਾਰਧਾਰਾ ਤੋਂ ਬਾਹਰਲੇ ਕਈ ਵਿਦਵਾਨਾਂ ਨੇ ਵੀ ਚੇਤਾਵਨੀ ਦਿੱਤੀ ਹੈ ਕਿ ਇਜ਼ਰਾਈਲ ਅਤੇ ਅਮਰੀਕਾ ਦੀਆਂ ਨੀਤੀਆਂ ਨੇ ਇਰਾਨ ਨਾਲ ਸੰਘਰਸ਼ ਨੂੰ ਹੋਰ ਵਿਆਪਕ ਬਣਾਇਆ। ਪ੍ਰੋਫੈਸਰ ਜੌਨ ਮੀਅਰਸ਼ਾਈਮਰ ਦਾ ਮਤ ਹੈ ਕਿ ਟਰੰਪ ਪ੍ਰਸ਼ਾਸਨ ਇਜ਼ਰਾਈਲ ਅਤੇ ਉਸ ਦੀ ਲੌਬੀ ਦੇ ਪ੍ਰਭਾਵ ਹੇਠ ਇਰਾਨ ਯੁੱਧ ਵਿੱਚ ਹੋਰ ਡੂੰਘਾ ਫਸ ਗਿਆ, ਜਦਕਿ ਪ੍ਰੋਫੈਸਰ ਰਾਬਰਟ ਪੇਪ ਨੇ ਚੇਤਾਵਨੀ ਦਿੱਤੀ ਕਿ ਹੋਰਮੁਜ਼, ਇਜ਼ਰਾਈਲ-ਲੈਬਨਾਨ ਅਤੇ ਲਾਲ ਸਾਗਰ ਵਿੱਚ ਵਧਦਾ ਤਣਾਅ ਇਸ ਯੁੱਧ ਨੂੰ ਹੋਰ ਲੰਮਾ ਅਤੇ ਖ਼ਤਰਨਾਕ ਬਣਾ ਸਕਦਾ ਹੈ। ਭਾਰਤ ਨੂੰ ਜੰਗ ਨੂੰ ਹੋਰ ਡੂੰਘਾ ਕਰਨ ਵਾਲੀਆਂ ਨੀਤੀਆਂ ਦੀ ਬਜਾਏ ਗੱਲਬਾਤ, ਜੰਗਬੰਦੀ, ਸੰਜਮ ਅਤੇ ਅਮਨ ਦੇ ਪੱਖ ਵਿੱਚ ਖੜ੍ਹਾ ਹੋਣਾ ਚਾਹੀਦਾ ਹੈ। ਇਸ ਸੰਕਟ ਦੌਰਾਨ ਪਾਕਿਸਤਾਨ ਦੀ ਕੂਟਨੀਤਿਕ ਭੂਮਿਕਾ ਦਰਸਾਉਂਦੀ ਹੈ ਕਿ ਗੁਆਂਢੀ ਦੇਸ਼ ਵਿਸ਼ਵ ਪੱਧਰੀ ਤਣਾਅ ਘਟਾਉਣ ਵਿੱਚ ਸਕਾਰਾਤਮਕ ਯੋਗਦਾਨ ਪਾ ਸਕਦੇ ਹਨ। ਇਹੋ ਜਿਹੀ ਭਾਵਨਾ ਹੁਣ ਭਾਰਤ ਅਤੇ ਪਾਕਿਸਤਾਨ ਦੇ ਆਪਸੀ ਸੰਬੰਧਾਂ ਵਿੱਚ ਵੀ ਲਾਗੂ ਹੋਣੀ ਚਾਹੀਦੀ ਹੈ—ਜੰਗ ਨਹੀਂ, ਵਪਾਰ; ਬੰਦ ਸਰਹੱਦਾਂ ਨਹੀਂ, ਖੁੱਲ੍ਹੇ ਵਪਾਰਕ ਰਸਤੇ; ਟਾਪੀ ਅਤੇ ਆਈ.ਪੀ.ਆਈ. ਵਰਗੇ ਊਰਜਾ ਕੌਰੀਡੋਰ; ਅਤੇ ਪੰਜਾਬ ਰਾਹੀਂ ਅਮਨ ਅਤੇ ਖੁਸ਼ਹਾਲੀ। ਜੰਗ ਤਾਕਤਵਰਾਂ ਨੂੰ ਅਮੀਰ ਬਣਾਉਂਦੀ ਹੈ। ਅਮਨ ਗਰੀਬਾਂ ਦਾ ਪੇਟ ਭਰਦਾ ਹੈ। ਭਾਰਤ ਸਰਕਾਰ ਨੂੰ ਚਾਹੀਦਾ ਹੈ ਕਿ ਅਮਨ ਨਾਲ ਮਿਲੇ ਆਰਥਿਕ ਲਾਭ ਨੂੰ ਤੁਰੰਤ ਲੋਕਾਂ ਤੱਕ ਪਹੁੰਚਾਏ।

# ਅੰਮ੍ਰਿਤਸਰ ਵਿੱਚ ਮਾਤਾ ਸੀਤਾ ਅਤੇ ਲਵ-ਕੁਸ਼ ਨੂੰ ਸਮਰਪਿਤ ਵਿਸ਼ਾਲ ਮੰਦਰ ਬਣਾਇਆ ਜਾਵੇਗਾ: ਅਰਵਿੰਦ ਕੇਜਰੀਵਾਲ

**➢ ਦੁਨੀਆ ਭਰ ਦੇ 'ਰਾਮ ਭਗਤਾਂ' ਲਈ ਵੱਡੀ ਖ਼ਬਰ; ਅੰਮ੍ਰਿਤਸਰ ਵਿੱਚ ਭਗਵਾਨ ਵਾਲਮੀਕਿ ਮੰਦਰ ਦੇ ਬਿਲਕੁਲ ਨਾਲ ਬਣੇਗਾ ਵਿਸ਼ਾਲ ਮੰਦਰ ➢ ਪੂਰੇ ਪੰਜਾਬ ਵਿੱਚ ਇਕ ਅਗਸਤ ਤੋਂ 'ਹਮਾਰੇ ਰਾਮ' ਨਾਟਕ ਖੇਡਿਆ ਜਾਵੇਗਾ, ਜਿਸ ਵਿੱਚ ਪ੍ਰਭੂ ਸ੍ਰੀ ਰਾਮ ਅਤੇ ਰਾਵਣ ਵਿਚਕਾਰ ਅਣਛੋਹੇ ਸੰਵਾਦ ਦੀਆਂ ਪੇਸ਼ਕਾਰੀਆਂ ਮੁਫ਼ਤ ਦਿਖਾਈਆਂ ਜਾਣਗੀਆਂ: ਅਰਵਿੰਦ ਕੇਜਰੀਵਾਲ**

**ਅੰਮ੍ਰਿਤਸਰ, 29 ਜੂਨ**
**-ਸ਼.ਅ.ਬਿਓਰੋ-**

ਭਾਰਤ ਦੀ ਅਧਿਆਤਮਿਕ ਵਿਰਾਸਤ ਨੂੰ ਸੰਭਾਲਣ ਅਤੇ ਸਨਾਤਨ ਧਰਮ ਦੀਆਂ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਲਈ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੰਮ੍ਰਿਤਸਰ ਵਿਖੇ 'ਇੱਕ ਸ਼ਾਮ ਭਗਵਾਨ ਸ਼ਿਵ ਜੀ ਕੇ ਨਾਮ' ਭਜਨ ਸੰਧਿਆ ਦੌਰਾਨ ਹਜ਼ਾਰਾਂ ਸ਼ਰਧਾਲੂਆਂ ਨਾਲ ਸ਼ਾਮਲ ਹੋਏ।

ਇਸ ਮੌਕੇ ਉਨ੍ਹਾਂ ਨੇ ਪੰਜਾਬ ਦੀ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਹੋਰ ਅਮੀਰ ਕਰਨ ਲਈ ਕਈ ਇਤਿਹਾਸਕ ਪਹਿਲਕਦਮੀਆਂ ਦਾ ਐਲਾਨ ਕੀਤਾ। ਇਨ੍ਹਾਂ ਵਿੱਚ ਅੰਮ੍ਰਿਤਸਰ ਵਿੱਚ ਮਾਤਾ ਸੀਤਾ, ਮਾਤਾ ਜਾਨਕੀ ਅਤੇ ਲਵ-ਕੁਸ਼ ਨੂੰ ਸਮਰਪਿਤ ਵਿਸ਼ਾਲ ਮੰਦਰ ਦਾ ਨਿਰਮਾਣ, ਨਵੇਂ ਤੀਰਥ ਯਾਤਰਾ ਰੂਟ ਦੇ ਨਾਲ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਵਿਸਥਾਰ, ਇਕ ਅਗਸਤ ਤੋਂ ਪੂਰੇ ਪੰਜਾਬ ਵਿੱਚ ਅਧਿਆਤਮਿਕ ਨਾਟਕ 'ਹਮਾਰੇ ਰਾਮ' ਦੀ ਪੇਸ਼ਕਾਰੀ ਅਤੇ ਪਟਿਆਲਾ ਦੇ ਇਤਿਹਾਸਕ ਕਾਲੀ ਮਾਤਾ ਮੰਦਰ ਦੇ ਚੱਲ ਰਹੇ 80 ਕਰੋੜ ਰੁਪਏ ਦੇ ਨਵੀਨੀਕਰਨ ਦਾ ਕੰਮ ਸ਼ਾਮਲ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੀ ਮਿੱਟੀ ਨੇ ਹਮੇਸ਼ਾ ਹੀ ਆਸਥਾ, ਸਦਭਾਵਨਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕੀਤਾ ਹੈ। ਮੁੱਖ ਮੰਤਰੀ ਨੇ ਸਤਿਕਾਰਯੋਗ ਪੂਜਾ ਅਸਥਾਨਾਂ ਦੀ ਸੰਭਾਲ ਕਰਨ, ਅਧਿਆਤਮਿਕ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਅਤੇ ਲੋਕਾਂ ਦੀਆਂ ਧਾਰਮਿਕ ਇੱਛਾਵਾਂ ਦਾ ਪੂਰੀ ਇਮਾਨਦਾਰੀ ਅਤੇ ਸ਼ਰਧਾ ਭਾਵਨਾ ਨਾਲ ਸਤਿਕਾਰ ਕਰਨ ਦੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।

'ਭਜਨ ਸੰਧਿਆ' (ਭਗਤੀ ਦੀ ਸ਼ਾਮ) 'ਤੇ ਇਕੱਠ ਨੂੰ ਸੰਬੋਧਨ ਕਰਦਿਆਂ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ, ਅੱਜ ਪੰਜਾਬ ਸਰਕਾਰ ਨੇ 'ਇੱਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਦਾ ਆਯੋਜਨ ਕੀਤਾ ਹੈ, ਜਿਸ ਦੀ ਪੇਸ਼ਕਾਰੀ ਹੰਸਰਾਜ ਰਘੂਵੰਸ਼ੀ ਵੱਲੋਂ ਕੀਤੀ ਗਈ ਹੈ। ਬਹੁਤ ਸਾਰੇ ਲੋਕ ਮੇਰੇ ਕੋਲ ਆਏ ਅਤੇ ਕਹਿਣ ਲੱਗੇ ਕਿ ਇਸ ਤੋਂ ਪਹਿਲਾਂ ਕਿਸੇ ਵੀ ਸਰਕਾਰ ਨੇ ਅਜਿਹੀ 'ਭਜਨ ਸੰਧਿਆ' ਨਹੀਂ ਕਰਵਾਈ। ਇਹ ਪਹਿਲੀ ਸਰਕਾਰ ਹੈ ਜੋ ਲੋਕਾਂ ਲਈ ਅਤੇ ਉਨ੍ਹਾਂ ਦੀ ਭਗਤੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਇਸ ਤਰ੍ਹਾਂ ਦੀਆਂ ਭਜਨ ਸ਼ਾਮਾਂ ਕਰਵਾ ਰਹੀ ਹੈ। ਇਸ ਤੋਂ ਪਹਿਲਾਂ ਅਜਿਹਾ ਪ੍ਰੋਗਰਾਮ ਜਲੰਧਰ ਵਿੱਚ ਕਰਵਾਇਆ ਗਿਆ ਸੀ ਅਤੇ ਅੱਜ ਇਹ ਅੰਮ੍ਰਿਤਸਰ ਵਿੱਚ ਕਰਵਾਇਆ ਜਾ ਰਿਹਾ ਹੈ। ਪਹਿਲੀ ਖ਼ੁਸ਼ਖ਼ਬਰੀ ਦਾ ਐਲਾਨ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ, 'ਇੱਕ ਸ਼ਾਮ ਸ਼ਿਵ ਜੀ ਕੇ ਨਾਮ' ਦੀ ਲੜੀ, ਜੋ ਜਲੰਧਰ ਤੋਂ ਸ਼ੁਰੂ ਹੋਈ ਸੀ ਅਤੇ ਹੁਣ ਅੰਮ੍ਰਿਤਸਰ ਪਹੁੰਚ ਚੁੱਕੀ ਹੈ, ਜਲਦੀ ਹੀ ਪੰਜਾਬ ਦੇ ਸਾਰੇ 22 ਸ਼ਹਿਰਾਂ ਵਿੱਚ ਆਯੋਜਿਤ ਕੀਤੀ ਜਾਵੇਗੀ। ਹੁਣ ਸਾਰੇ 22 ਸ਼ਹਿਰਾਂ ਵਿੱਚ 'ਭਜਨ ਸੰਧਿਆ' ਕਰਵਾਈ ਜਾਵੇਗੀ।

ਦੂਜਾ ਐਲਾਨ ਸਾਂਝਾ ਕਰਦਿਆਂ 'ਆਪ' ਮੁਖੀ ਨੇ ਅੱਗੇ ਕਿਹਾ, ਪਟਿਆਲਾ ਵਿੱਚ ਪ੍ਰਸਿੱਧ ਕਾਲੀ ਮਾਤਾ ਮੰਦਰ ਹੈ। ਇਸ ਮੰਦਰ ਦੀ ਬਹੁਤ ਧਾਰਮਿਕ ਮਹੱਤਤਾ ਹੈ। ਉੱਥੇ ਲੋਕਾਂ ਦੀਆਂ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ। ਕਾਲੀ ਮਾਤਾ ਸਭ ਦੇ ਦੁੱਖ ਦੂਰ ਕਰਦੀ ਹੈ, ਸਭ ਦੀਆਂ ਪ੍ਰਾਰਥਨਾਵਾਂ ਪੂਰੀਆਂ ਕਰਦੀ ਹੈ, ਅਤੇ ਮੰਦਰ ਦੇ ਦਰਸ਼ਨਾਂ ਨਾਲ ਅਪਾਰ ਸ਼ਾਂਤੀ ਮਿਲਦੀ ਹੈ।

ਉਨ੍ਹਾਂ ਕਿਹਾ, ਪੰਜਾਬ ਸਰਕਾਰ 80 ਕਰੋੜ ਰੁਪਏ ਦੀ ਲਾਗਤ ਨਾਲ ਮੰਦਰ ਦਾ ਨਵੀਨੀਕਰਨ ਕਰਵਾ ਰਹੀ ਹੈ। ਇਹ ਕੰਮ ਸਤੰਬਰ ਤੱਕ ਮੁਕੰਮਲ ਕਰ ਲਿਆ ਜਾਵੇਗਾ। ਮੈਂ ਤੁਹਾਨੂੰ ਸਾਰਿਆਂ ਨੂੰ ਬੇਨਤੀ ਕਰਦਾ ਹਾਂ ਕਿ ਅਕਤੂਬਰ ਤੋਂ ਬਾਅਦ ਕਾਲੀ ਮਾਤਾ ਮੰਦਰ ਦੇ ਦਰਸ਼ਨ ਜ਼ਰੂਰ ਕਰੋ। ਤੁਹਾਨੂੰ ਸੱਚਮੁੱਚ ਬਹੁਤ ਵਧੀਆ ਲੱਗੇਗਾ। ਮੈਂ ਖ਼ੁਦ ਮੰਦਰ ਲਈ ਤਿਆਰ ਕੀਤਾ ਆਰਕੀਟੈਕਚਰ ਮਾਡਲ ਦੇਖਿਆ ਹੈ ਅਤੇ ਨਿਰਮਾਣ ਕਾਰਜ ਬਹੁਤ ਤੇਜ਼ੀ ਨਾਲ ਚੱਲ ਰਿਹਾ ਹੈ। ਇੱਕ ਸ਼ਾਨਦਾਰ ਮੰਦਰ ਦਾ ਰੂਪ ਸਾਹਮਣੇ ਆ ਰਿਹਾ ਹੈ। ਮੇਰਾ ਮੰਨਣਾ ਹੈ ਕਿ ਮੁਕੰਮਲ



ਹੋਣ ਤੋਂ ਬਾਅਦ ਇਹ ਪੂਰੇ ਉੱਤਰੀ ਭਾਰਤ ਦਾ ਸਭ ਤੋਂ ਵੱਡਾ ਮੰਦਰ ਬਣ ਜਾਵੇਗਾ।

ਤੀਜੀ ਖ਼ੁਸ਼ਖ਼ਬਰੀ ਦਾ ਐਲਾਨ ਕਰਦਿਆਂ ਅਰਵਿੰਦ ਕੇਜਰੀਵਾਲ ਨੇ ਕਿਹਾ, ਪੰਜਾਬ ਸਰਕਾਰ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਚਲਾ ਰਹੀ ਹੈ। ਮੌਜੂਦਾ ਸਮੇਂ ਵਿੱਚ ਇਹ ਤੀਰਥ ਯਾਤਰਾ ਸਕੀਮ ਦੋ ਰੂਟਾਂ 'ਤੇ ਚੱਲ ਰਹੀ ਹੈ, ਇੱਕ ਸ੍ਰੀ ਦਰਬਾਰ ਸਾਹਿਬ ਅਤੇ ਦੂਜੀ ਅਨੰਦਪੁਰ ਸਾਹਿਬ ਲਈ। ਹੁਣ ਤਿੰਨ ਹੋਰ ਰੂਟ ਸ਼ੁਰੂ ਕੀਤੇ ਜਾ ਰਹੇ ਹਨ। ਇੱਕ ਰੂਟ ਸਾਲਾਸਰ ਅਤੇ ਖਾਟੂ ਸ਼ਿਆਮ ਜੀ ਲਈ ਹੋਵੇਗਾ, ਦੂਜਾ ਹਰਿਦੁਆਰ ਅਤੇ ਰਿਸ਼ੀਕੇਸ਼ ਲਈ ਅਤੇ ਤੀਜਾ ਮਥੁਰਾ ਅਤੇ ਵ੍ਰਿੰਦਾਵਨ ਲਈ ਹੋਵੇਗਾ। ਸਾਨੂੰ ਉਮੀਦ ਹੈ ਕਿ ਇਹ ਤਿੰਨੋਂ ਰੂਟ ਇਕ ਅਗਸਤ ਦੇ ਆਸ-ਪਾਸ ਸ਼ੁਰੂ ਹੋ ਜਾਣਗੇ ਅਤੇ ਲਗਭਗ 1.5 ਲੱਖ ਸ਼ਰਧਾਲੂਆਂ ਨੂੰ ਇਨ੍ਹਾਂ ਯਾਤਰਾਵਾਂ 'ਤੇ ਲਿਜਾਇਆ ਜਾਵੇਗਾ।

ਅਰਵਿੰਦ ਕੇਜਰੀਵਾਲ ਨੇ ਅੱਗੇ ਕਿਹਾ, ਤੁਹਾਡੇ ਵਿੱਚੋਂ ਬਹੁਤ ਸਾਰੇ ਆਰਥਿਕ ਤੌਰ 'ਤੇ ਅਮੀਰ ਹੋ ਸਕਦੇ ਹਨ। ਪ੍ਰਮਾਤਮਾ ਨੇ ਤੁਹਾਨੂੰ ਸਭ ਕੁਝ ਦਿੱਤਾ ਹੈ ਅਤੇ ਤੁਸੀਂ ਇਹ ਸੋਚ ਸਕਦੇ ਹੋ ਕਿ ਤੁਹਾਨੂੰ ਮੁਫ਼ਤ 'ਤੀਰਥ' 'ਤੇ ਕਿਉਂ ਜਾਣਾ ਚਾਹੀਦਾ ਹੈ ? ਪਰ ਜਦੋਂ ਤੁਸੀਂ ਸਾਰਿਆਂ ਨਾਲ ਮਿਲ ਕੇ ਯਾਤਰਾ ਕਰਦੇ ਹੋ ਤਾਂ ਤੁਸੀਂ ਆਲੀਸ਼ਾਨ ਏਅਰ-ਕੰਡੀਸ਼ਨਡ ਬੱਸਾਂ ਵਿੱਚ ਸਫ਼ਰ ਕਰਦੇ ਹੋ, ਚੰਗੇ ਏਅਰ-ਕੰਡੀਸ਼ਨਡ ਹੋਟਲਾਂ ਵਿੱਚ ਠਹਿਰਦੇ ਹੋ ਅਤੇ ਤੁਹਾਡਾ ਸਫ਼ਰ, ਖਾਣਾ, ਰਹਿਣਾ ਅਤੇ ਦਰਸ਼ਨ ਸਭ ਕੁਝ ਪੂਰੀ ਤਰ੍ਹਾਂ ਮੁਫ਼ਤ ਹੁੰਦਾ ਹੈ। ਪੰਜਾਬ ਸਰਕਾਰ ਸਾਰਾ ਖ਼ਰਚਾ ਖ਼ੁਦ ਚੁੱਕਦੀ ਹੈ।

ਉਨ੍ਹਾਂ ਅੱਗੇ ਕਿਹਾ, ਤੁਹਾਨੂੰ ਸਿਰਫ਼ ਇੱਕ ਸੂਟਕੇਸ ਵਿੱਚ ਚਾਰ ਦਿਨਾਂ ਦੇ ਕੱਪੜੇ ਪੈਕ ਕਰਨ ਦੀ ਲੋੜ ਹੈ। ਹੋਰ ਕੁਝ ਵੀ ਲੈ ਕੇ ਜਾਣ ਦੀ ਲੋੜ ਨਹੀਂ ਹੈ ਕਿਉਂਕਿ ਪੰਜਾਬ ਸਰਕਾਰ ਸਾਰੇ ਪ੍ਰਬੰਧ ਕਰਦੀ ਹੈ। ਜਦੋਂ ਤੁਸੀਂ ਸਾਰੇ ਇਕੱਠੇ ਸਫ਼ਰ ਕਰਦੇ ਹੋ, ਪੂਰੇ ਰਸਤੇ ਕੀਰਤਨ ਅਤੇ ਭਜਨ ਗਾਉਂਦੇ ਹੋ ਤਾਂ ਇਹ ਅਨੁਭਵ ਅਭੁੱਲ ਬਣ ਜਾਂਦਾ ਹੈ। ਮੈਂ ਤੁਹਾਨੂੰ ਯਕੀਨ ਦਿਵਾਉਂਦਾ ਹਾਂ ਕਿ ਬਹੁਤ ਸਾਰੇ ਸ਼ਰਧਾਲੂ ਜੋ ਪਹਿਲਾਂ ਹੀ ਵਾਪਸ ਆ ਚੁੱਕੇ ਹਨ, ਉਨ੍ਹਾਂ ਨੇ ਮੈਨੂੰ ਦੱਸਿਆ ਕਿ ਇਹ ਉਨ੍ਹਾਂ ਦੀ ਜ਼ਿੰਦਗੀ ਦਾ ਸਭ ਤੋਂ ਯਾਦਗਾਰੀ ਅਨੁਭਵ ਸੀ। ਤੁਹਾਨੂੰ ਜ਼ਰੂਰ ਜਾਣਾ ਚਾਹੀਦਾ ਹੈ। ਤੁਸੀਂ ਭਗਤੀ ਵਿੱਚ ਲੀਨ ਹੋ ਜਾਵੋਗੇ ਅਤੇ ਇਹ ਤੀਰਥ ਯਾਤਰਾ ਸਾਰੀ ਉਮਰ ਤੁਹਾਡੇ ਨਾਲ ਰਹੇਗੀ। ਅਗਲੀ ਖ਼ੁਸ਼ਖ਼ਬਰੀ ਦਾ ਐਲਾਨ ਕਰਦਿਆਂ 'ਆਪ' ਦੇ ਸੁਪਰੀਮੋ ਨੇ ਕਿਹਾ, ਇਕ ਅਗਸਤ ਤੋਂ ਪੂਰੇ ਪੰਜਾਬ ਵਿੱਚ ਭਗਵਾਨ ਰਾਮ 'ਤੇ ਅਧਾਰਿਤ ਇੱਕ ਨਾਟਕੀ ਪੇਸ਼ਕਾਰੀ ਸ਼ੁਰੂ ਹੋਵੇਗੀ। ਇਸ ਨਾਟਕ ਦਾ ਨਾਮ 'ਹਮਾਰੇ ਰਾਮ' ਹੈ। ਇਸ ਵਿੱਚ ਭਗਵਾਨ ਰਾਮ ਅਤੇ ਰਾਵਣ ਵਿਚਕਾਰ ਕਈ ਸੰਵਾਦ ਸ਼ਾਮਲ ਹਨ ਅਤੇ ਕਈ ਅਜਿਹੇ ਦ੍ਰਿਸ਼ ਅਤੇ ਘਟਨਾਵਾਂ ਪੇਸ਼ ਕੀਤੀਆਂ ਗਈਆਂ ਹਨ ਜੋ ਸ਼ਾਇਦ ਪਹਿਲਾਂ ਕਿਸੇ ਨੇ ਤੁਹਾਨੂੰ ਨਹੀਂ ਦੱਸੀਆਂ ਹੋਣਗੀਆਂ। ਮੈਂ ਇਹ ਨਾਟਕ ਦਿੱਲੀ ਵਿੱਚ ਦੇਖਿਆ ਸੀ। ਆਸ਼ੂਤੋਸ਼ ਰਾਣਾ ਇੱਕ ਮਸ਼ਹੂਰ ਅਦਾਕਾਰ ਹਨ ਅਤੇ ਉਹ ਇਸ ਵਿੱਚ ਮੁੱਖ ਭੂਮਿਕਾ ਨਿਭਾ ਰਹੇ ਹਨ। ਜਦੋਂ ਮੈਂ ਇਸ ਨੂੰ ਦਿੱਲੀ ਵਿੱਚ ਦੇਖਿਆ ਸੀ ਤਾਂ ਟਿਕਟ ਦੀ ਕੀਮਤ 8,000 ਰੁਪਏ ਸੀ। ਪਰ ਪੰਜਾਬ ਦੇ ਲੋਕਾਂ ਲਈ ਇਹ ਨਾਟਕ ਬਿਲਕੁਲ ਮੁਫ਼ਤ ਹੋਵੇਗਾ। ਤੁਹਾਨੂੰ ਸਾਰਿਆਂ ਨੂੰ ਜਾ ਕੇ ਇਹ ਦੇਖਣਾ ਚਾਹੀਦਾ ਹੈ। ਇਹ ਇੱਕ ਬਹੁਤ ਹੀ ਸ਼ਾਨਦਾਰ ਪੇਸ਼ਕਾਰੀ ਹੈ।

ਆਪਣਾ ਪੰਜਵਾਂ ਅਤੇ ਸਭ ਤੋਂ ਵੱਡਾ ਐਲਾਨ ਕਰਦਿਆਂ 'ਆਪ' ਸੁਪਰੀਮੋ ਨੇ ਕਿਹਾ, ਸਾਡਾ ਅੰਮ੍ਰਿਤਸਰ ਹਰ ਧਰਮ ਦੇ ਲੋਕਾਂ ਲਈ ਦੁਨੀਆ ਦੀ ਸਭ ਤੋਂ ਪਵਿੱਤਰ ਧਰਤੀ ਹੈ। ਇੱਥੇ ਸ੍ਰੀ ਦਰਬਾਰ ਸਾਹਿਬ ਹੈ ਅਤੇ ਦੁਨੀਆ ਭਰ ਤੋਂ ਹਰ ਧਰਮ ਦੇ ਲੋਕ ਇੱਥੇ ਸੀਸ ਨਿਵਾਉਣ ਆਉਂਦੇ ਹਨ। ਉਨ੍ਹਾਂ ਨੂੰ ਇੱਥੇ ਆ ਕੇ ਸ਼ਾਂਤੀ ਤੇ ਸਕੂਨ ਮਿਲਦਾ ਹੈ ਅਤੇ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ।

ਉਨ੍ਹਾਂ ਨੇ ਆਪਣੀ ਗੱਲ ਜਾਰੀ ਰੱਖਦਿਆਂ ਕਿਹਾ, ਅੰਮ੍ਰਿਤਸਰ ਵਿੱਚ ਦੁਰਗਿਆਣਾ ਮੰਦਰ ਵੀ ਹੈ। ਇੱਥੇ ਦੇਸ਼ ਭਗਤੀ ਦਾ ਪ੍ਰਤੀਕ ਜਲ੍ਹਿਆਂਵਾਲਾ ਬਾਗ ਅਤੇ ਵਾਹਗਾ ਬਾਰਡਰ ਹੈ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਭਗਵਾਨ ਵਾਲਮੀਕਿ ਜੀ ਨੇ ਅੰਮ੍ਰਿਤਸਰ ਵਿੱਚ ਰਹਿੰਦਿਆਂ ਹੀ ਰਾਮਾਇਣ ਦਾ ਰਚਨਾ ਕੀਤੀ ਸੀ। ਇਹ ਉਹੀ ਥਾਂ ਹੈ ਜਿੱਥੇ ਭਗਵਾਨ ਵਾਲਮੀਕਿ ਜੀ ਦਾ ਪਵਿੱਤਰ ਮੰਦਰ ਸਥਿਤ ਹੈ। ਮਾਤਾ ਜਾਨਕੀ, ਮਾਤਾ ਸੀਤਾ ਇੱਥੇ ਰਹਿੰਦੇ ਸਨ। ਲਵ ਤੇ ਕੁਸ਼ ਦਾ ਜਨਮ ਇੱਥੇ ਹੋਇਆ ਸੀ, ਅਤੇ ਉਨ੍ਹਾਂ ਨੇ ਆਪਣੀ ਸਿੱਖਿਆ ਇੱਥੇ ਹੀ ਪ੍ਰਾਪਤ ਕੀਤੀ ਸੀ। ਜਦੋਂ ਭਗਵਾਨ ਰਾਮ ਨੇ ਅਸ਼ਵਮੇਧ ਯੱਗ ਲਈ ਘੋੜਾ ਛੱਡਿਆ ਸੀ ਤਾਂ ਇਹ ਉਹ ਥਾਂ ਸੀ ਜਿੱਥੇ ਲਵ ਅਤੇ ਕੁਸ਼ ਨੇ ਘੋੜੇ ਨੂੰ ਰੋਕਿਆ ਅਤੇ ਇੱਕ ਦਰੱਖਤ ਨਾਲ ਬੰਨ੍ਹ ਦਿੱਤਾ ਸੀ। ਅੰਮ੍ਰਿਤਸਰ ਸੱਚਮੁੱਚ ਇੱਕ ਅਦਭੁਤ ਅਤੇ ਪਵਿੱਤਰ ਸਥਾਨ ਹੈ।

ਅਰਵਿੰਦ ਕੇਜਰੀਵਾਲ ਨੇ ਕਿਹਾ, ਅੱਜ ਮੈਂ ਐਲਾਨ ਕਰਦਾ ਹਾਂ ਕਿ ਭਗਵਾਨ ਵਾਲਮੀਕਿ ਦੇ ਮੰਦਰ ਦੇ ਬਿਲਕੁਲ ਨਾਲ ਲਵ, ਕੁਸ਼ ਅਤੇ ਮਾਤਾ ਜਾਨਕੀ ਨੂੰ ਸਮਰਪਿਤ ਵਿਸ਼ਾਲ ਮੰਦਰ ਬਣਾਇਆ ਜਾਵੇਗਾ। ਮੈਂ ਕੱਲ੍ਹ ਹੀ ਸ੍ਰੀ ਰਾਮ ਮੰਦਰ ਵਿੱਚ ਰਾਮ ਲੱਲਾ ਦੇ ਦਰਸ਼ਨ ਕਰਕੇ ਅਯੁੱਧਿਆ ਤੋਂ ਵਾਪਸ ਆਇਆ ਹਾਂ। ਅੱਜ ਇਹ ਐਲਾਨ ਕਰਦਿਆਂ ਮੈਨੂੰ ਬਹੁਤ ਖ਼ੁਸ਼ੀ ਹੋ ਰਹੀ ਹੈ। ਇਹ ਨਾ ਸਿਰਫ਼ ਅੰਮ੍ਰਿਤਸਰ ਦੇ ਲੋਕਾਂ ਲਈ, ਸਗੋਂ ਦੁਨੀਆ ਭਰ ਦੇ ਭਗਵਾਨ ਰਾਮ ਅਤੇ ਮਾਤਾ ਜਾਨਕੀ ਦੇ ਸ਼ਰਧਾਲੂਆਂ ਲਈ ਵੱਡੀ ਖ਼ੁਸ਼ਖ਼ਬਰੀ ਹੈ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੰਮ੍ਰਿਤਸਰ ਵਿੱਚ ਮਾਤਾ ਜਾਨਕੀ ਅਤੇ ਲਵ-ਕੁਸ਼ ਨੂੰ ਸਮਰਪਿਤ ਵਿਸ਼ਾਲ ਮੰਦਰ ਬਣਾਉਣ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਕਿਹਾ, ਇਹ ਖ਼ੂਬਸੂਰਤ ਤਰੀਕੇ ਨਾਲ ਡਿਜ਼ਾਈਨ ਕੀਤਾ ਗਿਆ ਮੰਦਰ ਮਾਤਾ ਜਾਨਕੀ, ਲਵ ਅਤੇ ਕੁਸ਼ ਦੀ ਸ਼ਾਨਦਾਰ ਵਿਰਾਸਤ ਨੂੰ ਸੰਭਾਲੇਗਾ। ਪੰਜਾਬ ਸਰਕਾਰ ਇਸ ਪਵਿੱਤਰ ਧਰਤੀ 'ਤੇ ਇਸ ਸ਼ਾਨਦਾਰ ਮੰਦਰ ਦੇ ਨਿਰਮਾਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ। ਇਹ ਆਸਥਾ ਦੇ ਇੱਕ ਵੱਡੇ ਕੇਂਦਰ ਵਜੋਂ ਉਭਰੇਗਾ ਅਤੇ ਦੁਨੀਆ ਭਰ ਦੇ ਸ਼ਰਧਾਲੂਆਂ ਅਤੇ ਸੈਲਾਨੀਆਂ ਨੂੰ ਆਕਰਸ਼ਿਤ ਕਰੇਗਾ, ਕਿਉਂਕਿ ਲਵ ਅਤੇ ਕੁਸ਼ ਦਾ ਜਨਮ ਅਤੇ ਸਿੱਖਿਆ ਇੱਥੇ ਹੀ ਹੋਈ ਸੀ। ਅੰਮ੍ਰਿਤਸਰ ਨੂੰ ਫ਼ਿਰਕੂ ਸਦਭਾਵਨਾ ਦਾ ਪ੍ਰਤੀਕ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਵਿੱਤਰ ਸ਼ਹਿਰ ਅੰਮ੍ਰਿਤਸਰ ਪੂਰੀ ਦੁਨੀਆ ਨੂੰ ਇਨਸਾਨੀਅਤ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੰਦਾ ਹੈ। ਹਰ ਧਰਮ ਦੇ ਲੋਕ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ, ਗੁਰਬਾਣੀ ਕੀਰਤਨ ਸਰਵਣ ਕਰਨ, ਜਲ੍ਹਿਆਂਵਾਲਾ ਬਾਗ ਵਿਖੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ, ਦੁਰਗਿਆਣਾ ਮੰਦਰ ਵਿੱਚ ਪ੍ਰਾਰਥਨਾ ਕਰਨ ਅਤੇ ਵਾਹਗਾ ਬਾਰਡਰ 'ਤੇ ਸਾਡੇ ਸੈਨਿਕਾਂ ਦੀ ਬਹਾਦਰੀ ਦੇਖਣ ਲਈ ਆਉਂਦੇ ਹਨ।

ਪੰਜਾਬ ਨੂੰ ਸੰਤਾਂ ਤੇ ਮਹਾਨ ਗੁਰੂਆਂ ਦੀ ਧਰਤੀ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, ਪੰਜਾਬ ਦੀ ਮਿੱਟੀ ਇੰਨੀ ਉਪਜਾਊ ਹੈ ਕਿ ਇੱਥੇ ਨਫ਼ਰਤ ਦੇ ਬੀਜ ਨੂੰ ਛੱਡ ਕੇ ਹਰ ਬੀਜ ਉੱਗਦਾ ਹੈ। ਅਸੀਂ ਰਾਮ ਨੌਮੀ, ਗੁਰਪੁਰਬ, ਹਨੂਮਾਨ ਜੈਅੰਤੀ, ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ, ਈਦ ਅਤੇ ਹਰ ਤਿਉਹਾਰ ਰਲ-ਮਿਲ ਕੇ ਮਨਾਉਂਦੇ ਹਾਂ। ਅੱਜ ਵੱਖ-ਵੱਖ ਧਰਮਾਂ ਦੇ ਸ਼ਰਧਾਲੂ ਹੰਸਰਾਜ ਰਘੂਵੰਸ਼ੀ ਜੀ ਦੇ ਸੁਰੀਲੇ ਭਜਨਾਂ ਰਾਹੀਂ ਭਗਵਾਨ ਸ਼ਿਵ ਦੀ ਭਗਤੀ ਵਿੱਚ ਲੀਨ ਹੋਣ ਲਈ ਇੱਥੇ ਇਕੱਠੇ ਹੋਏ ਹਨ।

# ਅਧਿਆਪਕਾਂ ਵੱਲੋਂ ਮੁੱਖ ਮੰਤਰੀ ਦੇ ਜੱਦੀ ਘਰ ਸਤੌਜ ਬਾਹਰ ਰੋਸ ਧਰਨਾ



**ਸੰਗਰੂਰ, 29 ਜੂਨ**
**-ਜਗਦੇਵ ਰੰਚਨਾਂ-**

ਅਧਿਆਪਕ ਯੂਨੀਅਨ ਪੰਜਾਬ ਅਤੇ 180 ਈਟੀਟੀ ਯੂਨੀਅਨ ਪੰਜਾਬ ਵੱਲੋਂ ਮੁੱਖ ਮੰਤਰੀ ਦੇ ਪਿੰਡ ਸਤੌਜ ਵਿਖੇ ਜੱਦੀ ਘਰ ਅੱਗੇ ਰੋਸ ਧਰਨਾ ਦਿੰਦਿਆਂ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ। ਪੁਲੀਸ ਨੂੰ ਚਕਮਾ ਦੇ ਕੇ ਅਧਿਆਪਕ ਅੱਜ ਪਿੰਡ ਸਤੌਜ ਵਿਖੇ ਮੁੱਖ ਮੰਤਰੀ ਦੇ ਘਰ ਅੱਗੇ ਪੁੱਜ ਗਏ ਅਤੇ ਰੋਸ ਧਰਨਾ ਲਗਾ ਦਿੱਤਾ।

ਇਸ ਮੌਕੇ ਯੂਨੀਅਨ ਆਗੂਆਂ ਹਰਜਿੰਦਰ ਸਿੰਘ ਅਤੇ ਕਮਲ ਠਾਕੁਰ ਨੇ ਕਿਹਾ ਕਿ 3704 ਅਤੇ 180 ਈਟੀਟੀ ਅਧਿਆਪਕ ਯੂਨੀਅਨ ਪਿਛਲੇ ਸਾਢੇ ਚਾਰ ਸਾਲਾਂ ਤੋਂ ਲਗਾਤਾਰ ਪੰਜਾਬ ਪੇਅ ਸਕੇਲ ਬਹਾਲ ਕਰਨ ਸਬੰਧੀ ਧਰਨੇ ਪ੍ਰਦਰਸ਼ਨ ਅਤੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਲਗਾਤਾਰ ਮੀਟਿੰਗਾਂ ਕਰਨ ਤੋਂ ਬਾਅਦ ਵੀ ਮੁੱਖ ਮੰਤਰੀ ਪੰਜਾਬ ਅਤੇ ਵਿੱਤ ਮੰਤਰੀ ਪੰਜਾਬ ਵੱਲੋਂ ਲਾਰੇ ਲਗਾ ਕੇ ਟਾਲ ਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ। ਇਸ ਤਹਿਤ ਹੀ ਲਗਪਗ ਪਿਛਲੇ ਇੱਕ ਮਹੀਨੇ ਤੋਂ ਦਿੜਬਾ ਹਲਕੇ ਦੇ ਪਿੰਡਾਂ ਵਿੱਚ ਘਰ ਘਰ ਜਾ ਕੇ ਪੰਜਾਬ ਸਰਕਾਰ ਦੇ ਚੋਣ ਵਾਅਦੇ ਲੋਕਾਂ ਦੀ ਕਚਹਿਰੀ ਵਿੱਚ ਰੱਖੇ ਜਾ ਰਹੇ ਹਨ ਜਿਨ੍ਹਾਂ ਵਿੱਚੋਂ ਇੱਕ ਵੀ ਚੋਣ ਵਾਅਦਾ ਪੂਰਾ ਨਹੀਂ ਹੋ ਸਕਿਆ। ਉਨ੍ਹਾਂ ਦੋਸ਼ ਲਾਇਆ ਕਿ ਮੁੱਖ ਮੰਤਰੀ ਸਿਰਫ਼ ਲਾਰੇ ਲਗਾ ਕੇ ਆਪਣਾ ਪੰਜ ਸਾਲ ਦਾ ਸਮਾਂ ਲੰਘਾਉਣ ਦੇ ਕੰਢੇ ਹਨ। ਭਰਤੀ ਪ੍ਰਕਿਰਿਆ ਅਤੇ ਮਨਜ਼ੂਰੀ ਪੰਜਾਬ ਦੇ ਪੇਅ ਸਕੇਲ ਅਨੁਸਾਰ ਜਾਰੀ ਕੀਤੀ ਗਈ ਸੀ ਅਤੇ ਸੁਪਰੀਮ ਕੋਰਟ ਤੱਕ ਕਾਨੂੰਨੀ ਜਿੱਤ ਹਾਸਿਲ ਕਰਨ ਤੋਂ ਬਾਅਦ ਇਨ੍ਹਾਂ ਅਧਿਆਪਕਾਂ ਨੂੰ ਲਗਪਗ ਛੇ ਮਹੀਨੇ ਪੰਜਾਬ ਕਮਿਸ਼ਨ ਦੇ ਅਨੁਸਾਰ ਤਨਖਾਹ ਦਿੱਤੀ ਗਈ ਪ੍ਰੰਤੂ ਇਸ ਤੋਂ ਬਾਅਦ ਮੁਨਕਰ ਹੋਈ ਸਰਕਾਰ ਨੇ ਫਿਰ ਤੋਂ ਕੇਂਦਰੀ ਪੇਅ ਸਕੇਲ ਲਾਗੂ ਕਰ ਦਿਤੇ। ਸਿੱਖਿਆ ਮੰਤਰੀ ਅਤੇ ਵਿੱਤ ਮੰਤਰੀ ਪੰਜਾਬ ਵੱਲੋਂ ਇਨ੍ਹਾਂ ਅਧਿਆਪਕਾਂ ਨੂੰ ਲਿਖਤੀ ਰੂਪ ਵਿੱਚ ਵੀ ਪੱਤਰ ਜਾਰੀ ਕਰ ਦਿੱਤੇ ਗਏ ਸਨ ਕਿ ਇਹਨਾਂ ਦਾ ਪੰਜਾਬ ਦਾ ਤਨਖਾਹ ਸਕੇਲ ਬਣਦਾ ਹੈ। ਪ੍ਰੰਤੂ ਫਿਰ ਇਨਾਂ ਅਧਿਆਪਕਾਂ ਨੂੰ ਸੈਂਟਰ ਦੇ ਅਧੂਰੇ ਤਨਖਾਹ ਸਕੇਲ ਲੈਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਆਗੂਆਂ ਨੇ ਦੋਸ਼ ਲਾਇਆ ਕਿ ਪੁਲੀਸ ਵੱਲੋਂ ਸਤੌਜ ਪਿੰਡ ਵਿੱਚ ਇਕੱਠੇ ਹੋਏ ਅਧਿਆਪਕਾਂ ਨੂੰ ਤੰਗ ਕਰਨ ਦੀ ਨੀਅਤ ਨਾਲ ਪਾਰਕਿੰਗ ਵਿੱਚ ਖੜੀਆਂ ਗੱਡੀਆਂ ਦੇ ਚਲਾਨ ਕੀਤੇ ਗਏ। ਉਹ ਆਪਣੀਆਂ ਮੰਗਾਂ ਮਨਾਏ ਬਿਨਾਂ ਇਹ ਪ੍ਰਦਰਸ਼ਨ ਖਤਮ ਨਹੀਂ ਕਰਨਗੇ। ਜੇ ਪੁਲੀਸ ਪ੍ਰਸ਼ਾਸਨ ਸਰਕਾਰ ਦੀ ਸ਼ਹਿ ਤੇ ਕਿਸੇ ਪ੍ਰਕਾਰ ਦੀ ਕੋਈ ਧੱਕਾਸ਼ਾਹੀ ਕਰਦੀ ਹੈ ਤਾਂ ਗੁਪਤ ਐਕਸ਼ਨ ਉਲੀਕਿਆ ਜਾਵੇਗਾ ਅਤੇ ਮੁੱਖ ਮੰਤਰੀ ਪੰਜਾਬ ਅਤੇ ਵਿੱਤ ਮੰਤਰੀ ਪੰਜਾਬ ਦਾ ਵਿਰੋਧ ਪੰਜਾਬ ਭਰ ਵਿੱਚ ਕੀਤਾ ਜਾਵੇਗਾ।



# ਮਾਂ-ਬੋਲੀ ਲਈ ਆਰ-ਪਾਰ ਦੀ ਲੜਾਈ: ਆਈਏਐੱਸ ਅਫ਼ਸਰਾਂ ਖ਼ਿਲਾਫ਼ ਕੁੱਦੇ ਜਸਵੰਤ ਜ਼ਫ਼ਰ





**ਪਟਿਆਲਾ, 29 ਜੂਨ**
**-ਛਤਰਪਾਲ ਸਿੰਘ-**

ਪੰਜਾਬ ਦੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਜ਼ਫ਼ਰ ਨੇ ਆਖ਼ਰ ਭਾਸ਼ਾ ਵਿਭਾਗ ਨੂੰ ਟਿੱਚ ਜਾਣਨ ਵਾਲੇ ਆਈ ਏ ਐੱਸ ਅਫ਼ਸਰਾਂ ਖ਼ਿਲਾਫ਼ ਬਿਗਲ ਵਜਾ ਦਿੱਤਾ ਹੈ। ਜਦੋਂ ਜਸਵੰਤ ਜ਼ਫ਼ਰ ਨੇ ਪੰਜਾਬੀ ਨੂੰ ਦਰਕਿਨਾਰ ਕਰਕੇ ਅੰਗਰੇਜ਼ੀ ਭਾਸ਼ਾ 'ਚ ਕੰਮ ਕਰਨ ਵਾਲੇ ਆਈਏਐੱਸ ਅਫ਼ਸਰਾਂ ਨੂੰ ਉੱਪਰੋਥਲੀ ਚਿਤਾਵਨੀ ਪੱਤਰ ਜਾਰੀ ਕੀਤੇ ਤਾਂ ਆਈਏਐੱਸ ਅਫ਼ਸਰਾਂ ਦੀ ਇੱਕ ਲਾਬੀ ਔਖ ਮਹਿਸੂਸ ਕਰਨ ਲੱਗੀ। ਭਾਸ਼ਾ ਵਿਭਾਗ ਦੇ ਕੰਮਾਂ 'ਚ ਆਈ ਏ ਐੱਸ ਅਫ਼ਸਰਾਂ ਨੇ ਅੜਿੱਕੇ ਪਾਉਣੇ ਸ਼ੁਰੂ ਕਰ ਦਿੱਤੇ।

ਵੇਰਵਿਆਂ ਅਨੁਸਾਰ 2026-27 ਦਾ ਪੰਜਾਬ ਬਜਟ ਪੇਸ਼ ਹੋਣ ਤੋਂ ਪਹਿਲਾਂ ਡਾਇਰੈਕਟਰ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਭਾਸ਼ਾ ਵਿਭਾਗ ਦੇ ਬਜਟ 'ਚ ਕੋਈ ਕਟੌਤੀ ਨਾ ਕਰਨ ਵਾਰੇ ਇੱਕ ਪੱਤਰ ਲਿਖਿਆ ਜਿਸ ਤੋਂ ਇੱਕ ਆਈ ਏ ਐੱਸ ਅਧਿਕਾਰੀ ਭੜਕ ਉੱਠਿਆ। ਉਸ ਵਕਤ ਹੀ ਭਾਸ਼ਾ ਵਿਭਾਗ ਦੇ ਕੰਮ ਕਾਰ 'ਚ ਅੜਿੱਕੇ ਪਾਉਣ ਦਾ ਮੁੱਢ ਬੱਝ ਗਿਆ ਸੀ। ਅਹਿਮ ਸੂਤਰਾਂ ਅਨੁਸਾਰ ਇੱਕ ਆਈਏਐੱਸ ਅਧਿਕਾਰੀ ਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਵਿਚਾਲੇ ਆਪਸੀ ਕਹੀ ਸੁਣੀ ਵੀ ਹੋਈ ਹੈ। ਡਾਇਰੈਕਟਰ ਜ਼ਫ਼ਰ ਨੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਕਰਕੇ ਸਾਰਾ ਮਾਮਲਾ ਉਨ੍ਹਾਂ ਦੇ ਸਨਮੁਖ ਵੀ ਰੱਖਿਆ ਸੀ।

**ਮੁੱਖ ਮੰਤਰੀ ਭਗਵੰਤ ਮਾਨ ਨੇ ਅਧਿਕਾਰੀਆਂ ਨੂੰ ਤਾੜਿਆ**

ਮੁੱਖ ਮੰਤਰੀ ਭਗਵੰਤ ਮਾਨ ਨੇ ਮੁੱਖ ਸਕੱਤਰ ਦੇ ਜ਼ਰੀਏ ਸਬੰਧਿਤ ਆਈਏਐੱਸ ਅਧਿਕਾਰੀ ਨੂੰ ਤਾੜਿਆ ਵੀ ਸੀ। ਸੂਤਰ ਦੱਸਦੇ ਹਨ ਕਿ ਡਾਇਰੈਕਟਰ ਵੱਲੋਂ ਭਾਸ਼ਾ ਵਿਭਾਗ ਦੇ ਜਦੋਂ ਵੀ ਮਸਲੇ ਰੱਖੇ ਗਏ ਤਾਂ ਆਈਏਐੱਸ ਅਫ਼ਸਰਾਂ ਦੇ ਇੱਕ ਗਰੁੱਪ ਨੇ ਕੋਈ ਪੇਸ਼ ਨਾ ਜਾਣ ਦਿੱਤੀ। ਆਖ਼ਰ ਅੱਕ ਕੇ ਹੁਣ ਡਾਇਰੈਕਟਰ ਜ਼ਫ਼ਰ ਨੇ ਸੋਸ਼ਲ ਮੀਡੀਆ 'ਤੇ 'ਕਹਿੰਦੇ..ਭਾਸ਼ਾ ਵਿਭਾਗ ਪੰਜਾਬ ਦਾ ਭੋਗ ਪਾਉਣਾ' ਸਿਰਲੇਖ ਹੇਠ ਭਾਸ਼ਾ ਵਿਭਾਗ ਦੀ ਮੌਜੂਦਾ ਸਥਿਤੀ ਦਾ ਵਿਖਿਆਨ ਕਰ ਦਿੱਤਾ। ਉਨ੍ਹਾਂ ਲਿਖਿਆ ਕਿ ਨੌਕਰਸ਼ਾਹੀ ਦਾ ਇੱਕ ਧੜਾ ਭਾਸ਼ਾ ਵਿਭਾਗ ਦਾ ਭੋਗ ਪਾਉਣ ਲਈ ਤਰਲੋਮੱਛੀ ਹੋ ਰਿਹਾ ਹੈ।

**ਵਿਭਾਗੀ ਤਰੱਕੀਆਂ ਤੋਂ ਕੀਤਾ ਗਿਆ ਇਨਕਾਰ: ਜ਼ਫ਼ਰ**

ਉਨ੍ਹਾਂ ਲਿਖਿਆ ਹੈ ਕਿ ਮੁੱਖ ਮੰਤਰੀ ਦੇ ਹੁਕਮਾਂ ਦੇ ਬਾਵਜੂਦ ਵਿਭਾਗ ਦੀਆਂ ਛਪਾਈ ਦੀ ਉਡੀਕ 'ਚ ਪਈਆਂ 70 ਕਿਤਾਬਾਂ ਦੇ ਪ੍ਰਕਾਸ਼ਨ ਲਈ ਕੋਈ ਬਜਟ ਨਹੀਂ ਦਿੱਤਾ ਗਿਆ। ਪੰਜ ਛੇ ਸਮਾਗਮਾਂ ਦੀ ਅਦਾਇਗੀ 'ਤੇ ਰੋਕ ਲਗਾ ਦਿੱਤੀ ਗਈ ਅਤੇ ਸੇਵਾਦਾਰ/ ਸਫ਼ਾਈ ਕਰਮਚਾਰੀ ਵਜੋਂ ਕੰਮ ਕਰਦੇ 70 ਕੱਚੇ ਮੁਲਾਜ਼ਮਾਂ ਨੂੰ ਇੱਕ ਅਪਰੈਲ ਤੋਂ ਬਾਅਦ ਕੰਮ ਕਰਨ ਦੀ ਪ੍ਰਵਾਨਗੀ ਨਹੀਂ ਦਿੱਤੀ ਗਈ। ਇਸੇ ਤਰ੍ਹਾਂ ਵਿਭਾਗੀ ਤਰੱਕੀਆਂ ਤੋਂ ਇਨਕਾਰ ਕਰ ਦਿੱਤਾ ਗਿਆ ਹੈ। ਜ਼ਫ਼ਰ ਨੇ ਲਿਖਿਆ ਹੈ ਕਿ ਨੌਕਰਸ਼ਾਹੀ ਵਿਭਾਗ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਦਾ ਮਨੋਬਲ ਡੇਗਣਾ ਚਾਹੁੰਦੀ ਹੈ।

ਜਸਵੰਤ ਜ਼ਫ਼ਰ ਨੇ ਕਿਹਾ ਕਿ ਹੁਣ ਨੌਕਰਸ਼ਾਹੀ ਇਸ ਕਰਕੇ ਖਿਝ ਗਈ ਹੈ ਕਿ ਭਾਸ਼ਾ ਵਿਭਾਗ ਨੇ ਪ੍ਰਕਾਸ਼ਨਾਂ ਲਈ ਰਾਸ਼ੀ ਨਾ ਮਿਲਣ ਦੇ ਬਾਵਜੂਦ ਵਿਭਾਗੀ ਰਸਾਲੇ ਆਪਣੇ ਤੌਰ 'ਤੇ ਛਪਾ ਲਏ ਹਨ। ਚੇਤੇ ਰਹੇ ਕਿ ਕਈ ਦਹਾਕਿਆਂ ਮਗਰੋਂ ਭਾਸ਼ਾ ਵਿਭਾਗ ਦੀ ਵਾਗਡੋਰ ਕਿਸੇ ਲੇਖਕ ਦੇ ਹਿੱਸੇ ਆਈ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਕਿਸੇ ਸਾਹਿਤਕਾਰ ਨੂੰ ਹੀ ਡਾਇਰੈਕਟਰੀ ਦੀ ਕੁਰਸੀ 'ਤੇ ਬਿਠਾਉਣਾ ਚਾਹੁੰਦੇ ਸਨ। ਪਿਛਾਂਹ ਦੇਖੀਏ ਤਾਂ ਭਾਸ਼ਾ ਵਿਭਾਗ ਦੇ ਡਾਇਰੈਕਟਰ ਜ਼ਫ਼ਰ ਵੱਲੋਂ 11 ਮਾਰਚ 2025 ਨੂੰ ਮੁੱਖ ਸਕੱਤਰ ਨੂੰ ਪੱਤਰ ਜਾਰੀ ਕਰਕੇ ਦਫ਼ਤਰੀ ਕੰਮ ਪੰਜਾਬੀ 'ਚ ਕਰਨ ਦੀ ਨਸੀਹਤ ਦਿੱਤੀ ਸੀ।

**ਕੀ ਪੰਜਾਬ ਸਰਕਾਰ ਫੜੇਗੀ ਪੰਜਾਬੀ ਭਾਸ਼ਾ ਦੀ ਬਾਂਹ ?**

ਭਾਸ਼ਾ ਵਿਭਾਗ ਨੇ ਮੁੱਖ ਸਕੱਤਰ ਨੂੰ ਮੁੜ 24 ਮਾਰਚ 2025 ਅਤੇ ਫਿਰ 8 ਜਨਵਰੀ 2026 ਨੂੰ ਪੱਤਰ ਜਾਰੀ ਕੀਤਾ। ਪਹਿਲੀ ਵਾਰ ਪੰਜਾਬ ਸਰਕਾਰ ਨੇ ਬਦਲੀਆਂ ਦੇ ਹੁਕਮ 4 ਅਪਰੈਲ 2025 ਨੂੰ ਪੰਜਾਬੀ ਭਾਸ਼ਾ 'ਚ ਜਾਰੀ ਕੀਤੇ ਸਨ। ਭਾਸ਼ਾ ਵਿਭਾਗ ਦੇ ਡਾਇਰੈਕਟਰ ਨੇ 4 ਮਾਰਚ 2025 ਨੂੰ ਪ੍ਰਮੁੱਖ ਸਕੱਤਰ, ਪਰਸੋਨਲ ਵਿਭਾਗ, 15 ਜੁਲਾਈ 2025 ਨੂੰ ਉਚੇਰੀ ਸਿੱਖਿਆ ਵਿਭਾਗ ਅਤੇ ਗ੍ਰਹਿ ਵਿਭਾਗ ਦੇ ਵਧੀਕ ਮੁੱਖ ਸਕੱਤਰ ਨੂੰ ਵੀ ਸਰਕਾਰੀ ਕੰਮ ਕਾਜ ਪੰਜਾਬੀ 'ਚ ਕਰਨ ਲਈ ਪੱਤਰ ਲਿਖਿਆ ਸੀ। ਕਿੰਨੇ ਹੀ ਵਿਭਾਗਾਂ ਦੇ ਆਈਏਐੱਸ ਅਫ਼ਸਰਾਂ ਨੂੰ ਅਜਿਹੇ ਪੱਤਰ ਜਾਰੀ ਹੋਏ। ਇਨ੍ਹਾਂ ਪੱਤਰਾਂ ਤੋਂ ਖ਼ਫ਼ਾ ਆਈ ਏ ਐੱਸ ਅਫ਼ਸਰਾਂ ਦਾ ਇੱਕ ਧੜਾ ਭਾਸ਼ਾ ਵਿਭਾਗ ਵੱਲ ਟੇਢੀ ਨਿਗ੍ਹਾ ਨਾਲ ਦੇਖ ਰਿਹਾ ਹੈ। ਹੁਣ ਦੇਖਣਾ ਇਹ ਹੈ ਕਿ ਪੰਜਾਬ ਸਰਕਾਰ ਪੰਜਾਬੀ ਭਾਸ਼ਾ ਦੀ ਬਾਂਹ ਫੜਦੀ ਹੈ ਜਾਂ ਨਹੀਂ।

# ਪ੍ਰਸ਼ਾਸਕ ਨੇ ਜੀਐੱਮਸੀਐੱਚ-32, ਚੰਡੀਗੜ੍ਹ ਵਿਖੇ ਬਾਲ.ਗ ਅਤੇ ਬਜ਼ੁਰਗ ਵੈਕਸੀਨੇਸ਼ਨ ਕਲੀਨਿਕ ਦਾ ਉਦਘਾਟਨ ਕੀਤਾ




**ਚੰਡੀਗੜ੍ਹ, 29 ਜੂਨ**
**-ਸੰਜੀਵ ਸ਼ਰਮਾ-**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ (ਜੀਐੱਮਸੀਐੱਚ-32), ਚੰਡੀਗੜ੍ਹ ਵਿਖੇ ਬਾਲ.ਗ ਅਤੇ ਬਜ਼ੁਰਗ ਵੈਕਸੀਨੇਸ਼ਨ ਕਲੀਨਿਕ ਦਾ ਉਦਘਾਟਨ ਕੀਤਾ।

ਕਮਿਊਨਿਟੀ ਮੈਡੀਸਿਨ ਵਿਭਾਗ, ਜੀਐੱਮਸੀਐੱਚ-32 ਦੁਆਰਾ ਰੋਟਰੀ ਕਲੱਬ ਸੈਂਟਰਲ, ਚੰਡੀਗੜ੍ਹ ਦੇ ਸਹਿਯੋਗ ਨਾਲ ਸਥਾਪਿਤ ਇਸ ਕਲੀਨਿਕ ਦਿ ਉਦੇਸ਼ ਤੰਦਰੁਸਤ ਬਿਰਧ-ਅਵਸਥਾ ਨੂੰ ਹੁਲਾਰਾ ਦੇਣਾ ਅਤੇ ਬਾਲਗਾਂ ਅਤੇ ਬਜ਼ੁਰਗ ਨਾਗਰਿਕਾਂ ਨੂੰ ਟੀਕਾਕਰਣ ਦੁਆਰਾ ਰੋਕੀਆਂ ਜਾ ਸਕਣ ਵਾਲੀਆਂ ਬਿਮਾਰੀਆਂ ਤੋਂ ਸੁਰੱਖਿਆ ਪ੍ਰਦਾਨ ਕਰਨਾ ਹੈ।

ਇਹ ਕਲੀਨਿਕ ਇਨਫਲੂਐਂਜ਼ਾ, ਨਿਊਮੋਕੋਕਲ ਰੋਗ, ਹੈਪੇਟਾਇਟਿਸ ਏ ਅਤੇ ਬੀ, ਟਾਇਫਾਇਡ, ਟੈਟਨਸ, ਸ਼ਿੰਗਲਸ (ਹਰਪੀਜ਼ ਜ਼ੋਸਟਰ) ਅਤੇ ਹਿਊਮਨ ਪੈਪੀਲੋਮਾਵਾਇਰਸ (ਐੱਚਪੀਵੀ) ਦੇ ਵਿਰੁੱਧ ਟੀਕਾਕਰਣ ਸੇਵਾਵਾਂ ਪ੍ਰਦਾਨ ਕਰੇਗਾ। ਇਹ ਬਿਮਾਰੀਆਂ ਹਰ ਵਰ੍ਹੇ ਬੜੀ ਸੰਖਿਆ ਵਿੱਚ ਬਾਲ.ਗਾਂ ਵਿੱਚ ਗੰਭੀਰ ਸਿਹਥ ਸਮੱਸਿਆਵਾਂ, ਹਸਪਤਾਲ ਵਿੱਚ ਭਰਤੀ ਹੋਣ ਅਤੇ ਰੋਕੀਆਂ ਜਾ ਸਕਣ ਵਾਲੀਆਂ ਮੌਤਾਂ ਦਾ ਕਾਰਨ ਬਣਦੀਆਂ ਹਨ, ਜਿਨ੍ਹਾਂ ਨੂੰ ਸਮੇਂ 'ਤੇ ਟੀਕਾਕਰਣ ਦੇ ਜ਼ਰੀਏ ਕਾਫੀ ਹੱਦ ਤੱਕ ਟਾਲਿਆ ਜਾ ਸਕਦਾ ਹੈ।

ਨਵੀਂ ਸਥਾਪਿਤ ਇਹ ਸੁਵਿਧਾ ਇੱਕ 'ਵੰਨ-ਸਟਾਪ ਸੈਂਟਰ' ਦੇ ਰੂਪ ਵਿੱਚ ਕਾਰਜ ਕਰੇਗੀ, ਜਿੱਥੇ ਬਾਲ.ਗਾਂ ਅਤੇ ਸੀਨੀਅਰ ਨਾਗਰਿਕਾਂ ਨੂੰ ਉਨ੍ਹਾਂ ਦੀ ਉਮਰ ਅਤੇ ਸਿਹਤ ਸਥਿਤੀ ਦੇ ਅਧਾਰ 'ਤੇ ਵਿਅਕਤੀਗਤ ਟੀਕਾਕਰਣ ਸਲਾਹ ਅਤੇ ਟੀਕਾਕਰਣ ਸੇਵਾਵਾਂ ਉਪਲਬਧ ਕਰਵਾਈਆਂ ਜਾਣਗੀਆਂ।

ਇਸ ਅਵਸਰ 'ਤੇ ਜੀਐੱਮਸੀਐੱਚ-32 ਦੇ ਡਾਇਰੈਕਟਰ ਪ੍ਰਿੰਸੀਪਲ, ਡਾ. ਰਵਨੀਤ ਕੌਰ ਬੇਦੀ; ਰੋਟਰੀ ਕਲੱਬ ਸੈਂਟਰਲ, ਚੰਡੀਗੜ੍ਹ ਦੇ ਪ੍ਰਧਾਨ, ਸ਼੍ਰੀ ਵੇਭੂ ਭਟਨਾਗਰ; ਮੈਡੀਕਲ ਸੁਪਰਡੈਂਟ, ਡਾ. ਵਿਸ਼ਾਲ ਗੁਗਲਾਨੀ; ਕਮਿਊਨਿਟੀ ਮੈਡੀਸਿਨ ਵਿਭਾਗ ਦੇ ਮੁਖੀ, ਡਾ. ਸੋਨੀਆ ਪੁਰੀ; ਜੀਐੱਮਸੀਐੱਚ ਦੇ ਫੈਕਲਟੀ ਮੈਂਬਰ ਅਤੇ ਸੀਨੀਅਰ ਡਾਕਟਰ ਅਤੇ ਹੋਰ ਹਿਤਧਾਰਕ ਵੀ ਉਪਸਥਿਤ ਸਨ।

# ਖੰਡਾ ਚੌਂਕ ਤੋ ਫਲਾਈ ਓਵਰ ਤੱਕ ਸੜਕ ਦਾ ਵਿਧਾਇਕ ਕੋਹਲੀ ਵਲੋਂ ਉਦਘਾਟਨ



**ਪਟਿਆਲਾ, 29 ਜੂਨ**
**-ਛਤਰਪਾਲ ਸਿੰਘ-**

ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਵਿਕਾਸ ਕਾਰਜ ਕਰ ਰਹੀ

ਪਟਿਆਲਾ, 29 ਜੂਨ 2026 ਛਤਰਪਾਲ ਸਿੰਘ): ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੱਲੋਂ ਅੱਜ ਸ੍ਰੀ ਦੁੱਖ ਨਿਵਾਰਨ ਸਾਹਿਬ (ਖੰਡਾ ਚੌਂਕ) ਤੋਂ ਲੈ ਕੇ ਪੁਰਾਣਾ ਬੱਸ ਅੱਡਾ ਫਲਾਈ ਓਵਰ ਤੱਕ 94 ਲੱਖ ਰੁਪਏ ਦੀ ਲਾਗਤ ਨਾਲ ਬਣੀ ਸੜਕ ਦਾ ਉਦਘਾਟਨ ਕੀਤਾ ਗਿਆ।ਓਹਨਾ ਕਿਹਾ ਕਿ ਜਿਹੜੀ ਸੰਗਤ ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ ਵਿਖੇ ਨਿਤ ਆਉਂਦੀ ਹੈ ਓਹਨਾ ਸੰਗਤਾਂ ਨੂੰ ਇਸ ਸੜਕ ਤੋਂ ਲੰਘਣ ਲਈ ਦਿੱਕਤ ਨਾ ਆਵੇ , ਇਸ ਮੰਤਵ ਨਾਲ ਇਹ ਸੜਕ ਪਹਿਲ ਦੇ ਅਧਾਰ 'ਤੇ ਸ਼ੁਰੂ ਕਰ ਦਿੱਤੀ ਗਈ ਹੈ ਇਥੋਂ ਤੱਕ ਫਲਾਈ ਓਵਰ ਤੋਂ ਉਤਰ ਕੇ ਖੰਡਾ ਚੌਂਕ ਤੱਕ ਜਾਣ ਲਈ ਇਹ ਸੜਕ ਬਣਾਉਣਾ ਸਮੇਂ ਦੀ ਲੋੜ ਸੀ।

ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਵਿੱਚ ਜਿਹੜੀਆਂ ਸੜਕਾਂ ਕਾਫੀ ਦੇਰ ਤੋਂ ਨਹੀਂ ਬਣੀਆਂ ਸਨ ਉਹ ਸੜਕਾਂ ਨੂੰ ਵੀ ਨਵੀਆਂ ਬਣਾ ਦਿੱਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਵਿਕਾਸ ਕਾਰਜ ਕਰ ਰਹੀ ਹੈ।

ਵਿਧਾਇਕ ਨੇ ਕਿਹਾ ਕਿ ਲੋਕਾਂ ਨੂੰ ਬਿਹਤਰ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਹੋਰ ਜ਼ਰੂਰੀ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।ਓਹਨਾ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਇਲਾਕਾ ਨਿਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ ਅਤੇ ਖੇਤਰ ਦੀ ਦਿੱਖ ਵੀ ਹੋਰ ਸੁੰਦਰ ਬਣੇਗੀ।

ਉਨ੍ਹਾਂ ਭਰੋਸਾ ਦਿਵਾਇਆ ਕਿ ਪਟਿਆਲਾ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਵਿਕਾਸ ਪ੍ਰੋਜੈਕਟਾਂ ਦੀ ਲੜੀ ਲਗਾਤਾਰ ਜਾਰੀ ਰਹੇਗੀ।

ਇਸ ਮੌਕੇ ਕੌਂਸਲਰ ਨੇਹਾ ਸਿੱਧੂ, ਅਮਨ ਜੋਲੀ ਬਲਾਕ ਪ੍ਰਧਾਨ, ਐਕਸੀਅਨ ਪਿਊਸ ਅਗਰਵਾਲ ਅਤੇ ਐੱਸਡੀਓ ਮੁਨੀਸ਼ ਕੁਮਾਰ ਅਤੇ ਸੰਦੀਪ ਵਾਲੀਆ ਮੌਜੂਦ ਰਹੇ।

# ਸੱਕਤਰ, ਰੈੱਡ ਕਰਾਸ ਦੁਆਰਾ ਯੋਗ ਲਾਭਪਾਤਰੀਆਂ ਕੋਲੋਂ ਬਿਨੈ ਪੱਤਰਾਂ ਦੀ ਕੀਤੀ ਗਈ ਮੰਗ



**ਹੁਸ਼ਿਆਰਪੁਰ, 29 ਜੂਨ**
**-ਸ਼.ਅ.ਬਿਓਰੋ-**

ਡਿਪਟੀ ਕਮਿਸ਼ਨਰ-ਕਮ-ਪ੍ਰਧਾਨ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ, ਹੁਸ਼ਿਆਰਪੁਰ ਸ਼੍ਰੀਮਤੀ ਆਸ਼ਿਕਾ ਜੈਨ ਜੀ ਦੀ ਯੋਗ ਅਗਵਾਈ ਹੇਠਾਂ ਚਲਾਈ ਜਾ ਰਹੀ ਰੈੱਡ ਕਰਾਸ ਸੁਸਾਇਟੀ ਵੱਲੋਂ ਦਿਵਿਆਂਗਾਂ ਦੇ ਜੀਵਨ ਵਿੱਚ ਨਵੀਂ ਉਮੀਦ ਅਤੇ ਰੋਸ਼ਨੀ ਭਰਨ ਲਈ ਇੱਕ ਵੱਡੀ ਮੁਹਿੰਮ ਸ਼ੁਰੂ ਕੀਤੀ ਗਈ ਹੈ। ਜਿਸ ਤਹਿਤ ਰੈੱਡ ਕਰਾਸ ਸੁਸਾਇਟੀ ਵੱਲੋਂ 'ਆਰਟੀਫੀਸ਼ੀਅਲ ਲਿਮਬਸ ਮੈਨੂਫੈਕਚਰਿੰਗ ਕਾਰਪੋਰੇਸ਼ਨ ਆਫ ਇੰਡੀਆ' ਦੇ ਵਿਸ਼ੇਸ਼ ਸਹਿਯੋਗ ਨਾਲ 07 ਜੁਲਾਈ ਨੂੰ ਕਮਿਊਨਿਟੀ ਹਾਲ, ਕਮਾਹੀ ਦੇਵੀ ਅਤੇ 08 ਜੁਲਾਈ ਨੂੰ ਬੀ.ਡੀ.ਪੀ.ਓ ਦਫਤਰ, ਦਸੂਹਾ ਵਿਖੇ ਮੁਫਤ ਬਣਾਵਟੀ ਅੰਗਾਂ ਅਤੇ ਹੋਰ ਸਹਾਇਕ ਉਪਕਰਣਾ ਦੀ ਵੰਡ ਸਬੰਧੀ ਕੈਂਪ ਲਗਾਇਆ ਜਾ ਰਿਹਾ ਹੈ। ਇਸ ਕੈਂਪ ਦਾ ਲਾਭ ਲੈਣ ਲਈ ਯੋਗ ਬਿਨੈਕਾਰਾਂ ਤੋਂ ਬਿਨੈ-ਪੱਤਰਾਂ ਦੀ ਮੰਗ ਕੀਤੀ ਗਈ ਹੈ।

ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਸ਼੍ਰੀ ਮੰਗੇਸ਼ ਸੂਦ ਨੇ ਦੱਸਿਆ ਕਿ ਪਿਛਲੇ ਇੱਕ ਸਾਲ ਵਿੱਚ ਇਹ ਉਹਨਾਂ ਦਾ ਪੰਜਵਾਂ ਕੈਂਪ ਹੈ। ਇਸ ਕੈਂਪ ਦਾ ਮੁੱਖ ਮਕਸਦ ਉਹਨਾਂ ਗਰੀਬ ਦਿਵਿਆਂਗ ਲੋਕਾਂ ਦੀ ਮਦਦ ਕਰਨਾ ਹੈ ਜੋ ਆਰਥਿਕ ਤੰਗੀ ਕਰਕੇ ਸਹਾਇਕ ਸਾਧਨ ਨਹੀਂ ਖਰੀਦ ਸਕਦੇ। ਕੈਂਪ ਵਿੱਚ ਡਾਕਟਰਾਂ ਵੱਲੋਂ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ। ਇਸ ਦੌਰਾਨ ਲੋੜਵੰਦਾ ਨੂੰ ਕੰਨਾਂ ਦੀਆਂ ਮਸ਼ੀਨਾਂ, ਵ੍ਹੀਲ ਚੇਅਰ, ਟ੍ਰਾਈਸਾਈਕਲ, ਵੈਸਾਖੀਆਂ ਅਤੇ ਕੈਲੀਪਰਸ ਮੌਕੇ 'ਤੇ ਹੀ ਤੁਰੰਤ ਮੁਫਤ ਮੁਹੱਈਆ ਕੀਤੇ ਜਾਣਗੇ, ਜਦਕਿ ਬਨਾਵਟੀ ਹੱਥ ਅਤੇ ਪੈਰ ਕੈਂਪ ਵਿੱਚ ਨਾਪ ਲੈਣ ਤੋਂ 10 ਤੋਂ 15 ਦਿਨਾਂ ਬਾਅਦ ਬਿਲਕੁਲ ਮੁਫ਼ਤ ਪ੍ਰਦਾਨ ਕੀਤੇ ਜਾਣਗੇ। ਇਸ ਦਾ ਮੁੱਖ ਉਦੇਸ਼ ਇਹ ਹੈ ਕਿ ਦਿਵਿਆਂਗ ਲੋਕ ਬਿਨਾਂ ਕਿਸੇ ਸਹਾਰੇ ਦੇ ਆਪਣਾ ਰੋਜ਼ਾਨਾ ਦਾ ਕੰਮ ਆਪ ਕਰ ਸਕਣ।

ਵਧੇਰੇ ਜਾਣਕਾਰੀ ਦਿੰਦੇ ਹੋਏ ਸਕੱਤਰ, ਰੈੱਡ ਕਰਾਸ ਦੁਆਰਾ ਇਹ ਵੀ ਦੱਸਿਆ ਗਿਆ ਕਿ ਇਹ ਉਪਕਰਣ ਪ੍ਰਾਪਤ ਕਰਨ ਲਈ ਕੁਝ ਜ਼ਰੂਰੀ ਯੋਗਤਾਵਾਂ ਰੱਖੀਆਂ ਗਈਆਂ ਹਨ। ਜਿਵੇਂ ਮੋਟਰਾਈਜ਼ਡ ਟ੍ਰਾਈਸਾਈਕਲ ਸਿਰਫ਼ ਉਨ੍ਹਾਂ ਬਿਨੈਕਾਰਾਂ ਨੂੰ ਦਿੱਤਾ ਜਾਵੇਗਾ ਜਿਨ੍ਹਾਂ ਦੀ ਦਿਵਿਆਂਗਤਾ 80% ਜਾਂ ਇਸ ਤੋਂ ਵੱਧ ਹੈ ਅਤੇ ਉਨ੍ਹਾਂ ਨੂੰ ਪਿਛਲੇ 5 ਸਾਲਾਂ ਵਿੱਚ ਸਰਕਾਰ ਜਾਂ ਕਿਸੇ ਸੰਸਥਾ ਵੱਲੋਂ ਅਜਿਹਾ ਮੋਟਰ ਵਾਲਾ ਸਾਈਕਲ ਪ੍ਰਾਪਤ ਨਹੀਂ ਕੀਤਾ ਹੈ, ਜਦਕਿ ਵ੍ਹੀਲ ਚੇਅਰ, ਨਕਲੀ ਅੰਗ ਅਤੇ ਕੰਨਾਂ ਦੀ ਮਸ਼ੀਨ ਵਰਗੇ ਹੋਰ ਸਹਾਇਕ ਸਾਧਨ ਸਿਰਫ਼ ਉਨ੍ਹਾਂ ਲੋੜਵੰਦਾਂ ਨੂੰ ਹੀ ਦਿੱਤੇ ਜਾਣਗੇ ਜਿਨ੍ਹਾਂ ਨੇ ਪਿਛਲੇ 3 ਸਾਲਾਂ ਦੌਰਾਨ ਇਹ ਸੁਵਿਧਾ ਪ੍ਰਾਪਤ ਨਹੀਂ ਕੀਤੀ ਹੈ।

ਸੰਯੁਕਤ ਸਕੱਤਰ, ਰੈੱਡ ਕਰਾਸ, ਸ਼੍ਰੀ ਆਦਿਤਯ ਰਾਣਾ ਜੀ ਦੁਆਰਾ ਦੱਸਿਆ ਗਿਆ ਕਿ ਕੈਂਪ ਵਿੱਚ ਪਹੁੰਚਣ ਵਾਲੇ ਵਿਅਕਤੀਆਂ ਦੀ ਸਹੂਲਤ ਲਈ ਹਰ ਤਰ੍ਹਾਂ ਦੇ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਜਾ ਰਹੇ ਹਨ।

ਇਸ ਵਿਸ਼ੇਸ਼ ਕੈਂਪ ਦਾ ਲਾਭ ਲੈਣ ਲਈ ਯੋਗ ਉਮੀਦਵਾਰ ਆਪਣੇ ਬਿਨੈ-ਪੱਤਰ ਜਮ੍ਹਾ ਕਰਨ ਅਤੇ ਰਜਿਸਟ੍ਰੇਸ਼ਨ ਕਰਵਾਉਣ ਲਈ ਮੋਬਾਈਲ ਨੰਬਰ 81462-41296 'ਤੇ ਸੰਪਰਕ ਕਰ ਸਕਦੇ ਹਨ। ਇਸ ਕੈਂਪ ਵਿੱਚ ਆਉਣ ਵਾਲੇ ਦਿਵਿਆਂਗ ਵਿਅਕਤੀ ਆਪਣੇ ਨਾਲ ਯੂ.ਡੀ.ਆਈ.ਡੀ. ਕਾਰਡ ਜਾਂ ਦਿਵਿਆਂਗਤਾ ਸਰਟੀਫਿਕੇਟ ਅਤੇ ਆਧਾਰ ਕਾਰਡ ਦੀ ਕਾਪੀ ਜ਼ਰੂਰ ਲੈ ਕੇ ਆਉਣ।

ਰੈੱਡ ਕਰਾੱਸ ਸੁਸਾਇਟੀ, ਹੁਸ਼ਿਆਰਪੁਰ ਵੱਲੋਂ ਸਮੂਹ ਇਲਾਕਾ ਨਿਵਾਸੀਆਂ, ਪੰਚਾਂ-ਸਰਪੰਚਾਂ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਉਹ 7 ਜੁਲਾਈ ਨੂੰ ਕਮਿਊਨਿਟੀ ਹਾਲ, ਕਮਾਹੀ ਦੇਵੀ ਅਤੇ 8 ਜੁਲਾਈ ਨੂੰ ਬੀ.ਡੀ.ਪੀ.ਓ ਦਫਤਰ, ਦਸੂਹਾ ਵਿਖੇ ਲੱਗਣ ਵਾਲੇ ਇਸ ਕੈਂਪ ਸਬੰਧੀ ਆਪਣੇ ਆਲੇ-ਦੁਆਲੇ ਰਹਿੰਦੇ ਲੋੜਵੰਦ ਦਿਵਿਆਂਗਾਂ ਨੂੰ ਜਾਗਰੂਕ ਕਰਨ ਤਾਂ ਜੋ ਵੱਧ ਤੋਂ ਵੱਧ ਲੋੜਵੰਦ ਇਸਦਾ ਲਾਭ ਉਠਾ ਸਕਣ।

# ਪਟਿਆਲਾ ਦਿਹਾਤੀ ਹਲਕੇ ਦੇ ਸੀਨੀਅਰ ਕਾਂਗਰਸੀ ਆਗੂ ਮਹੰਤ ਖਨੌੜਾ ਗੁਰਦੁਆਰਾ ਰੋੜੇਵਾਲ ਸਾਹਿਬ ਵਿਖੇ ਹੋਏ ਨਤਮਸਤਕ



**ਪਟਿਆਲਾ, 29 ਜੂਨ**
**-ਬਲਜੀਤ ਸਰਨਾ-**

ਸੰਤ ਬਾਬਾ ਪੂਰਨ ਦਾਸ ਜੀ ਤੇ ਬਾਬਾ ਬਲਵੰਤ ਸਿੰਘ ਜੀ ਸਿਹੋੜਾ ਸਾਹਿਬ ਵਾਲਿਆਂ ਦੇ ਚਰਨ ਛੋਹ ਅਸਥਾਨ ਪਿੰਡ ਰੋੜੇਵਾਲ ਦੇ ਗੁਰਦੁਆਰਾ ਸਾਹਿਬ ਵਿਖੇ ਪੰਜਾਬ ਕਾਂਗਰਸ ਦੇ ਸਾਬਕਾ ਸੂਬਾ ਚੇਅਰਮੈਨ ਤੇ ਪਟਿਆਲਾ ਦਿਹਾਤੀ ਹਲਕੇ ਦੇ ਸਿਰੀ ਰਾਗ ਆਗੂ ਮਹੰਤ ਹਰਵਿੰਦਰ ਸਿੰਘ ਖਨੌੜਾ ਨਤਮਸਤਕ ਹੋਏ ਜਿੱਥੇ ਉਹਨਾਂ ਗੱਦੀ ਨਸੀਨ ਸੰਤ ਬਾਬਾ ਗੁਰਚਰਨ ਸਿੰਘ ਜੀ ਨੂੰ ਮਿਲ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਉੱਥੇ ਹੀ ਸੰਤ ਬਾਬਾ ਗੁਰਚਰਨ ਸਿੰਘ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਸਮੁੱਚੇ ਧਰਮਾਂ ਦਾ ਇਹ ਸਾਂਝਾ ਸਥਾਨ ਹੈ ਤੇ ਹਰ ਕੋਈ ਸੰਤਾਂ ਮਹਾਂਪੁਰਸ਼ਾਂ ਤੋਂ ਸਮੇਂ ਸਮੇਂ ਅਨੁਸਾਰ ਆਸ਼ੀਰਵਾਦ ਪ੍ਰਾਪਤ ਕਰਨ ਦਾ ਸਿਲਸਿਲਾ ਫਿਰ ਲੰਬੇ ਸਮੇਂ ਤੋਂ ਚੱਲ ਰਿਹਾ ਹੈ।

ਊਨਾ ਕਿਹਾ ਵੀ ਵੱਖ ਵੱਖ ਪਾਰਟੀਆਂ ਦੇ ਰਾਜਨੀਤਿਕ ਆਗੂਆਂ ਨੂੰ ਚਾਹੀਦਾ ਹੈ ਕਿ ਉਹ ਲੋਕਾਂ ਨਾਲ ਵਿਚਰਨ ਲੱਗੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਣ ਦਾ ਸੁਨੇਹਾ ਦੇਣ ਉਹਨਾਂ ਕਿਹਾ ਕਿ ਜਿਹੜੇ ਵਿਅਕਤੀ ਨਸ਼ਿਆਂ ਦੀ ਦਲਦਲ ਵਿੱਚ ਫਸ ਜਾਂਦੇ ਹਨ ਉਹਨਾਂ ਦੇ ਪਰਿਵਾਰਾਂ ਦਾ ਬਹੁਤ ਹੀ ਮਾੜਾ ਹਾਲ ਹੋ ਜਾਂਦਾ ਜੋ ਆਰਥਿਕ ਪੱਖੋਂ ਕਮਜ਼ੋਰ ਹੋ ਜਾਂਦੇ ਹਨ ਜਿਨਾਂ ਦਾ ਸਹਾਰਾ ਬਣਨ ਤੋਂ ਲੋਕ ਵੀ ਦੂਰ ਹੋ ਕੇ ਰਹਿ ਜਾਂਦੇ ਹਨ ਜਿਨਾਂ ਨੂੰ ਬਚਾਉਣ ਲਈ ਹਰ ਸੁਲਝੇ ਹੋਏ ਵਿਅਕਤੀ ਨੂੰ ਜਾਗਰੂਕ ਕਰਨ ਲਈ ਅੱਗੇ ਆਉਣਾ ਸਮੇਂ ਦੀ ਮੁੱਖ ਲੋੜ ਹੈ। ਸੰਤ ਬਾਬਾ ਗੁਰਚਰਨ ਸਿੰਘ ਜੀ ਨੇ ਮਹੰਤ ਖਨੌੜਾ ਨੂੰ ਸਰੋਪਾ ਦੇ ਕੇ ਸਨਮਾਨਿਤ ਵੀ ਕੀਤਾ ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਜੀਤ ਸਿੰਘ ਕਾਠਮੱਠੀ, ਪ੍ਰਧਾਨ ਬਲਵਿੰਦਰ ਸਿੰਘ ਕੰਗ, ਯਾਦਵਿੰਦਰ ਸਿੰਘ ਨਾਭਾ ਆਦਿ ਵੀ ਹਾਜ਼ਰ ਸਨ।

# ਬੇਟ ਇਲਾਕੇ ਦੇ ਲੋਕ ਸੜਕਾਂ ਤੇ ਪਏ ਪੱਥਰਾਂ ਅਤੇ ਅਧੂਰੀਆਂ ਬਣੀਆਂ ਸੜਕਾਂ ਤੋਂ ਹੋਏ ਪਰੇਸ਼ਾਨ



**ਮਾਛੀਵਾੜਾ ਸਾਹਿਬ, 29 ਜੂਨ**
**-ਸ਼.ਅ.ਬਿਓਰੋ-**

ਲੋਕ ਨਿਰਮਾਣ ਵਿਭਾਗ ਵੱਲੋਂ ਮਾਛੀਵਾੜਾ ਦੇ ਬੇਟ ਇਲਾਕੇ ਵਿੱਚ ਸੜਕਾਂ ਬਣਾਉਣ ਲਈ ਪਿਛਲੇ ਕਈ ਮਹੀਨਿਆਂ ਤੋਂ ਕੰਮ ਆਰੰਭਿਆ ਹੋਇਆ ਹੈ ਪਰ ਸੜਕਾਂ ਤੇ ਪਿਆ ਪੱਥਰ ਰਾਹਗੀਰਾਂ ਤੇ ਪਿੰਡ ਵਾਸੀਆਂ ਲਈ ਮੁਸੀਬਤ ਬਣਿਆ ਹੋਇਆ ਹੈ। ਅੱਜ ਪਿੰਡ ਜਾਤੀਵਾਲ ਵਿਖੇ ਬਲਾਕ ਸੰਮਤੀ ਮੈਂਬਰ ਕੁਲਦੀਪ ਸਿੰਘ ਜਾਤੀਵਾਲ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਮਾਛੀਵਾੜਾ ਦੇ ਬੇਟ ਇਲਾਕੇ ਦੇ ਪਿੰਡਾਂ ਜਾਤੀਵਾਲ, ਜੱਸੋਵਾਲ, ਮਿਲਕੋਵਾਲ, ਈਸਾਪੁਰ ਅਤੇ ਮੰਡ ਝੜੌਦੀ ਦੀਆਂ ਸੜਕਾਂ ਬਣਾਉਣ ਲਈ ਅੱਜ ਤੋਂ ਕਰੀਬ 10 ਮਹੀਨੇ ਪਹਿਲਾਂ ਪੱਥਰ ਪਾਇਆ ਗਿਆ ਸੀ ਪਰ ਇਨੇ ਮਹੀਨੇ ਗੁਜ਼ਰ ਜਾਣ ਦੇ ਬਾਅਦ ਵੀ ਵਿਭਾਗ ਵੱਲੋਂ ਇਸ ਤੇ ਪ੍ਰੀਮਿਕਸ ਨਹੀਂ ਪਾਈ ਗਈ ਜਿਸ ਕਾਰਨ ਸੜਕਾਂ ਤੇ ਪਾਇਆ ਇਹ ਪੱਥਰ ਰਾਹਗੀਰਾਂ ਦੇ ਪਿੰਡ ਵਾਸੀਆਂ ਲਈ ਮੁਸੀਬਤ ਬਣ ਗਿਆ। ਉਹਨਾਂ ਦੱਸਿਆ ਕਿ ਇਹ ਪੱਥਰ ਆਲੇ ਦੁਆਲੇ ਖਿੱਲਰ ਗਏ ਹਨ ਤੇ ਇਸ ਤੋਂ ਲੰਘਣ ਵਾਲੇ ਕਈ ਮੋਟਰਸਾਈਕਲ ਸਵਾਰਾਂ ਤੇ ਹੋਰ ਵਾਹਨਾਂ ਦੇ ਟਾਇਰਾਂ ਨੂੰ ਨੁਕਸਾਨ ਪੁੱਜਿਆ ਹੈ। ਉਹਨਾਂ ਦੱਸਿਆ ਕਿ ਕਈ ਵਾਰ ਭਾਰੀ ਵਾਹਨ ਦੇ ਟਾਇਰਾਂ ਥੱਲੋਂ ਨਿਕਲ ਕੇ ਪੱਥਰ ਦੁਕਾਨਾਂ ਵਿੱਚ ਵੀ ਵੱਜਦੇ ਹਨ ਜਿਸ ਕਾਰਨ ਕਦੇ ਵੀ ਕੋਈ ਜਾਨੀ ਜਾਂ ਮਾਲੀ ਨੁਕਸਾਨ ਹੋ ਸਕਦਾ ਹੈ । ਉਹਨਾਂ ਕਿਹਾ ਕਿ ਹੁਣ ਝੋਨੇ ਤੇ ਮੱਕੀ ਦਾ ਸੀਜ਼ਨ ਚੱਲ ਰਿਹਾ ਹੈ ਜਿਸ ਕਾਰਨ ਕਿਸਾਨਾਂ ਨੂੰ ਦਿਨ ਰਾਤ ਕੰਮ ਕਰਨਾ ਪੈ ਰਿਹਾ ਹੈ ਪਰ ਸੜਕਾਂ ਤੇ ਪਿਆ ਹੈ ਪੱਥਰ ਉਨਾਂ ਲਈ ਖਤਰਾ ਬਣਿਆ ਹੋਇਆ ਹੈ । ਉਹਨਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਤੋਂ ਮੰਗ ਕੀਤੀ ਇਹਨਾਂ ਅਧੂਰੀਆਂ ਪਈਆਂ ਸੜਕਾਂ ਨੂੰ ਜਲਦ ਤੋਂ ਜਲਦ ਮੁਕੰਮਲ ਕੀਤਾ ਜਾਵੇ ਤਾਂ ਜੋ ਬੇਟ ਇਲਾਕੇ ਦੇ ਲੋਕਾਂ ਨੂੰ ਰਾਹਤ ਮਿਲ ਸਕੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਸਰਪੰਚ ਰਣਜੀਤ ਸਿੰਘ ਨੰਬਰਦਾਰ, ਜਸਵੀਰ ਸਿੰਘ ਨੰਬਰਦਾਰ, ਸਰਦਾਰਾ ਸਿੰਘ ਨੰਬਰਦਾਰ, ਸਰਪੰਚ ਕਮਲਜੀਤ ਕੌਰ, ਰਜਿੰਦਰ ਸਿੰਘ ਪੰਚ, ਗਿਆਨ ਸਿੰਘ ਸਾਬਕਾ ਸਰਪੰਚ, ਰਣਜੀਤ ਸਿੰਘ ਫੌਜੀ, ਸਵਰਨ ਸਿੰਘ ਸਾਬਕਾ ਪੰਚ, ਧਰਮਿੰਦਰ ਸਿੰਘ, ਰਣਜੀਤ ਸਿੰਘ ਜੀਤਾ, ਪਰਮਜੀਤ ਸਿੰਘ ਕਾਲਾ, ਅਮਰਿੰਦਰ ਸਿੰਘ ਅਤੇ ਚਰਨ ਸਿੰਘ ਵੀ ਮੌਜੂਦ ਸਨ।ਇਸ ਸਬੰਧੀ ਜਦੋਂ ਲੋਕ ਨਿਰਮਾਣ ਵਿਭਾਗ ਦੇ ਜੇਈ ਦਵਿੰਦਰ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਦੱਸਿਆ ਕਿ ਠੇਕੇਦਾਰ ਕੋਲ ਲੁੱਕ ਦੀ ਮਾਤਰਾ ਘੱਟ ਹੋਣ ਕਾਰਨ ਇਹਨਾਂ ਸੜਕਾਂ ਦੇ ਨਿਰਮਾਣ ਵਿੱਚ ਦੇਰੀ ਹੋਈ ਹੈ ਉਹਨਾਂ ਵਿਸ਼ਵਾਸ ਦਵਾਇਆ ਕਿ ਆਉਣ ਵਾਲੇ ਚਾਰ ਪੰਜ ਦਿਨਾਂ ਵਿਚ ਇਹਨਾਂ ਸੜਕਾਂ ਦਾ ਨਿਰਮਾਣ ਸ਼ੁਰੂ ਕਰ ਦਿੱਤਾ ਜਾਵੇਗਾ।

# ਐਸ.ਆਈ.ਆਰ ਸਬੰਧੀ ਜ਼ਿਲ੍ਹਾ ਪੱਧਰ 'ਤੇ ਸ਼ਿਕਾਇਤ ਸੈੱਲ ਸਥਾਪਿਤ

**ਤਰਨ ਤਾਰਨ, 29 ਜੂਨ**
**-ਸ਼.ਅ.ਬਿਓਰੋ-**

ਮੁੱਖ ਚੋਣ ਅਫ਼ਸਰ, ਪੰਜਾਬ ਅਤੇ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆਂ ਦੀ ਗਹਿਰੀ ਸੁਧਾਈ (ਐਸ.ਆਈ.ਆਰ) -2026 ਦੇ ਸਬੰਧ ਵਿੱਚ ਜ਼ਿਲ੍ਹਾ ਪੱਧਰ 'ਤੇ ਸ਼ਿਕਾਇਤ ਸੈੱਲ ਸਥਾਪਿਤ ਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਆਰ.ਡੀ)-ਕਮ-ਡੀ.ਜੀ.ਆਰ.ਓ (ਐਸ.ਆਈ.ਆਰ) ਤਰਨ ਤਾਰਨ ਸੰਜੀਵ ਸ਼ਰਮਾ ਨੇ ਦੱਸਿਆ ਕਿ ਇਸ ਜ਼ਿਲ੍ਹਾ ਪੱਧਰੀ ਸ਼ਿਕਾਇਤ ਸੈੱਲ ਦੀ ਈਮੇਲ ਆਈ.ਡੀ tarntaran sirgrievance@gmail.com 'ਤੇ ਕੋਈ ਵੀ ਯੋਗ ਵੋਟਰ ਆਪਣੀ ਜਾਣਕਾਰੀ ਅਤੇ ਸ਼ਿਕਾਇਤ ਸਬੰਧੀ ਲਿਖਤੀ ਰੂਪ ਵਿੱਚ ਅਰਜ਼ੀ ਦਾਖ਼ਲ ਕਰ ਸਕਦਾ ਹੈ।

# ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਨਾਟਕ ਤੱਤੀ ਤਵੀ ਦਾ ਸੱਚ ਦਾ ਮੰਚਨ ਅੱਜ

**ਬਠਿੰਡਾ, 29 ਜੂਨ**
**-ਗੁਰਤੇਜ ਅਤਲਾ-**

ਰੂਪਕ ਕਲਾ ਐਂਡ ਵੈਲਫੇਅਰ ਸੋਸਾਇਟੀ ਵੱਲੋਂ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹੀਦੀ ਨੂੰ ਸਮਰਪਿਤ ਪ੍ਰਸਿੱਧ ਨਾਟਕ ਤੱਤੀ ਤਵੀ ਦਾ ਸੱਚ ਦਾ ਮੰਚਨ ਅੱਜ ਬਲਵੰਤ ਗਾਰਗੀ ਆਡੀਟੋਰੀਅਮ ਬਠਿੰਡਾ ਵਿਖੇ ਕੀਤਾ ਜਾਵੇਗਾ। ਲਾਈਟ ਐਂਡ ਸਾਊਂਡ 'ਤੇ ਆਧਾਰਿਤ ਇਹ ਵਿਲੱਖਣ ਪੇਸ਼ਕਾਰੀ ਦਰਸ਼ਕਾਂ ਨੂੰ ਇਤਿਹਾਸਕ, ਅਧਿਆਤਮਿਕ ਅਤੇ ਕਲਾਤਮਕ ਅਨੁਭਵ ਪ੍ਰਦਾਨ ਕਰੇਗੀ।

ਸਾਹਿਤ ਅਕਾਦਮੀ ਐਵਾਰਡ ਨਾਲ ਸਨਮਾਨਿਤ ਨਾਟਕਕਾਰ ਡਾ. ਆਤਮਜੀਤ ਵੱਲੋਂ ਇਹ ਨਾਟਕ ਲਿਖਿਆ ਗਿਆ ਹੈ। ਨਾਟਕ ਵਿੱਚ ਸੰਵਾਦਾਂ ਅਤੇ ਬਹਿਸ ਦੀ ਪ੍ਰਭਾਵਸ਼ਾਲੀ ਨਾਟਕੀ ਤਕਨੀਕ ਰਾਹੀਂ ਗੁਰੂ ਸਾਹਿਬ ਦੀ ਸ਼ਹੀਦੀ ਦੇ ਅਸਲ ਕਾਰਨਾਂ ਅਤੇ ਉਸ ਸਮੇਂ ਦੇ ਸਮਾਜਿਕ-ਰਾਜਨੀਤਿਕ ਹਾਲਾਤਾਂ ਨੂੰ ਬੇਹੱਦ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ ਹੈ। ਇਸ ਦੇ ਨਾਲ ਹੀ ਬਾਦਸ਼ਾਹ ਅਕਬਰ ਦੀ ਧਾਰਮਿਕ ਸਹਿਣਸ਼ੀਲਤਾ ਅਤੇ ਜਹਾਂਗੀਰ ਦੀ ਧਾਰਮਿਕ ਕੱਟੜਤਾ ਦਾ ਯਥਾਰਥ ਚਿੱਤਰਣ ਦਰਸ਼ਕਾਂ ਨੂੰ ਇਤਿਹਾਸ ਦੇ ਅਹਿਮ ਪੱਖਾਂ ਨਾਲ ਰੂਬਰੂ ਕਰਵਾਉਂਦਾ ਹੈ। ਨਾਟਕ ਦੀ ਇੱਕ ਵਿਸ਼ੇਸ਼ ਖ਼ੂਬੀ ਇਹ ਹੈ ਕਿ ਇਸ ਵਿੱਚ ਰਵਾਇਤੀ ਸੂਤਰਧਾਰ ਨੂੰ ਨਵੇਂ ਅੰਦਾਜ਼ ਵਿੱਚ ਪੇਸ਼ ਕੀਤਾ ਗਿਆ ਹੈ। ਪੰਜ ਸੂਫ਼ੀ ਸੰਤ ਆਪਣੀ ਰੂਹਾਨੀ ਮਸਤ ਅਵਸਥਾ ਵਿੱਚ ਗਾਇਨ ਅਤੇ ਕਥਾ-ਵਾਚਨ ਰਾਹੀਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੀ ਗਾਥਾ ਬਿਆਨ ਕਰਦੇ ਹਨ। ਪ੍ਰੋਜੈਕਟਰ, ਲਾਈਟਿੰਗ ਅਤੇ ਸਾਊਂਡ ਇਫੈਕਟਸ ਦੀ ਕਲਾਤਮਕ ਵਰਤੋਂ ਇਸ ਪੇਸ਼ਕਾਰੀ ਨੂੰ ਹੋਰ ਵੀ ਜੀਵੰਤ ਅਤੇ ਪ੍ਰਭਾਵਸ਼ਾਲੀ ਬਣਾਉਂਦੀ ਹੈ। ਇਸ ਨਾਟਕ ਦੇ ਲੇਖਕ ਡਾ. ਆਤਮਜੀਤ ਹਨ । ਜਦਕਿ ਨਿਰਦੇਸ਼ਨ ਸੰਗੀਤਾ ਗੁਪਤਾ ਵੱਲੋਂ ਕੀਤਾ ਗਿਆ ਹੈ। ਸਹਾਇਕ ਨਿਰਦੇਸ਼ਕ ਸਾਹਿਨ, ਪ੍ਰੋਡਕਸ਼ਨ ਦੀ ਜ਼ਿੰਮੇਵਾਰੀ ਲਵਲੀਨ ਕੌਰ, ਲਾਈਟਿੰਗ ਚੇਤਨ ਅਤੇ ਸੰਗੀਤ ਜਤਿੰਦਰ ਸ਼ਾਹ ਵੱਲੋਂ ਸੰਭਾਲਿਆ ਗਿਆ ਹੈ। ਨਾਟਕ ਵਿੱਚ ਅਭਿਸ਼ੇਕ, ਅੰਕੁਜ, ਰੇਯਾ ਸ਼ਰਮਾ, ਯੁਵਰਾਜ, ਨੰਦਿਨੀ ਗੁਪਤਾ, ਪ੍ਰਿਯੰਕਾ, ਮੰਤਵ, ਰਾਕੇਸ਼ ਰਸਤੋਗੀ, ਅਰਸ਼ਦੀਪ ਸਿੰਘ, ਇਸ਼ਨੂਰ ਸਿੰਘ, ਗੁਰਵੀਰ ਸਿੰਘ, ਹਰਮਨਪ੍ਰੀਤ ਸਿੰਘ, ਜੋਤੀ ਸ਼੍ਰੀ ਗੁਹਾ, ਬਲਜਿੰਦਰ ਸਿੰਘ, ਪਰਮਵੀਰ, ਅਥਰਵ, ਨਵ ਕੌਰ, ਹਰਤੀਰਥ ਸਿੰਘ, ਮਿਰਜ਼ਾ, ਹਰਪ੍ਰੀਤ ਕੌਰ ਅਤੇ ਸਾਹਿਨ ਆਪਣੀ ਅਦਾਕਾਰੀ ਨਾਲ ਦਰਸ਼ਕਾਂ ਨੂੰ ਪ੍ਰਭਾਵਿਤ ਕਰਨਗੇ। ਰੂਪਕ ਕਲਾ ਐਂਡ ਵੈਲਫੇਅਰ ਸੋਸਾਇਟੀ ਨੇ ਬਠਿੰਡਾ ਅਤੇ ਆਸ-ਪਾਸ ਦੇ ਇਲਾਕਿਆਂ ਦੇ ਕਲਾ-ਪ੍ਰੇਮੀਆਂ, ਸਾਹਿਤਕਾਰਾਂ, ਵਿਦਿਆਰਥੀਆਂ ਅਤੇ ਸਮੂਹ ਸੰਗਤ ਨੂੰ ਇਸ ਵਿਲੱਖਣ ਨਾਟਕ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਹੈ।

# ਜ਼ਿਲ੍ਹਾ ਪੁਲਿਸ ਰੂਪਨਗਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਗੈਰਕਾਨੂੰਨੀ ਸੰਪਤੀ ਦੀ ਕਾਨੂੰਨੀ ਤੌਰ 'ਤੇ ਢਾਹੁਣ ਲਈ ਪੁਲਿਸ ਸਹਾਇਤਾ ਮੁਹੱਈਆ



**ਸ੍ਰੀ ਅਨੰਦਪੁਰ ਸਾਹਿਬ, 29 ਜੂਨ**
**-ਸ਼.ਅ.ਬਿਓਰੋ-**

ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਡਾਇਰੈਕਟਰ ਜਨਰਲ ਆਫ ਪੁਲਿਸ ਸ਼੍ਰੀ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ ਹੇਠ, ਜ਼ਿਲ੍ਹਾ ਪੁਲਿਸ ਰੂਪਨਗਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੌਰਾਨ ਇੱਕ ਗੈਰਕਾਨੂੰਨੀ ਤੌਰ 'ਤੇ ਬਣਾਈ ਗਈ ਸੰਪਤੀ ਨੂੰ ਢਾਹੁਣ ਲਈ ਨਗਰ ਕੌਂਸਲ, ਸ੍ਰੀ ਆਨੰਦਪੁਰ ਸਾਹਿਬ ਦੇ ਕਾਰਜਕਾਰੀ ਅਧਿਕਾਰੀ ਨੂੰ ਪੂਰਨ ਸਹਿਯੋਗ ਦਿੱਤਾ ਗਿਆ।

ਇਥੇ ਜਾਣਕਾਰੀ ਦਿੰਦਿਆਂ ਐਸ.ਪੀ. ਸ਼੍ਰੀ ਅਰਵਿੰਦ ਮੀਨਾ ਨੇ ਦੱਸਿਆ ਕਿ ਨਸ਼ਾ ਤਸਕਰ ਅਜਮੇਰ ਸਿੰਘ ਉਰਫ਼ ਸੋਨੀ ਵਿਰੁੱਧ ਸ੍ਰੀ ਆਨੰਦਪੁਰ ਸਾਹਿਬ ਦੇ ਇਲਾਕੇ ਨਾਲ ਸੰਬੰਧਿਤ ਨਸ਼ਾ ਤਸਕਰੀ ਦੀ ਗੈਰ ਕਾਨੂੰਨੀ ਗਤੀਵਿਧੀਆਂ ਦਾ ਲੰਮਾ ਰਿਕਾਰਡ ਹੈ ਅਤੇ ਉਸ ਦੇ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਲਗਭਗ 10 ਮਾਮਲੇ ਦਰਜ ਹਨ। ਕੁੱਲ ਮਿਲਾਕੇ ਅਜਮੇਰ ਸਿੰਘ ਖ਼ਿਲਾਫ਼ 12 ਮਾਮਲੇ ਦਰਜ ਹਨ। ਉਨ੍ਹਾਂ ਦੱਸਿਆ ਕਿ ਉਸ ਦੀ ਰਿਹਾਇਸ਼ ਨੂੰ ਢਾਹੁਣ ਦੀ ਕਾਰਵਾਈ ਸੰਬੰਧਿਤ ਸਿਵਲ ਅਥਾਰਟੀਆਂ ਵੱਲੋਂ ਸਾਰੀਆਂ ਲਾਜ਼ਮੀ ਕਾਨੂੰਨੀ ਕਾਰਵਾਈਆਂ ਪੂਰੀਆਂ ਕਰਨ ਤੋਂ ਬਾਅਦ ਕਾਨੂੰਨ ਅਨੁਸਾਰ ਕੀਤੀ ਗਈ। ਜ਼ਿਲ੍ਹਾ ਪੁਲਿਸ ਰੂਪਨਗਰ ਵੱਲੋਂ ਕਾਨੂੰਨ-ਵਿਵਸਥਾ ਬਣਾਈ ਰੱਖਣ, ਲੋਕਾਂ ਦੀ ਸੁਰੱਖਿਆ ਅਤੇ ਕਾਰਵਾਈ ਨੂੰ ਸ਼ਾਂਤੀਪੂਰਵਕ ਤਰੀਕੇ ਨਾਲ ਅੰਜ਼ਾਮ ਦੇਣ ਲਈ ਪੂਰੇ ਸੁਰੱਖਿਆ ਪ੍ਰਬੰਧ ਕੀਤੇ ਗਏ।

ਉਨ੍ਹਾਂ ਕਿਹਾ ਕਿ ਇਹ ਕਾਰਵਾਈ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ, ਰੋਪੜ ਰੇਂਜ ਅਤੇ ਸੀਨੀਅਰ ਸੁਪਰਿੰਟੈਂਡੈਂਟ ਆਫ ਪੁਲਿਸ, ਰੂਪਨਗਰ ਸ਼੍ਰੀ ਮਨਿੰਦਰ ਸਿੰਘ ਦੀ ਨਿਗਰਾਨੀ ਹੇਠ ਬਿਨਾਂ ਕਿਸੇ ਅਣਚਾਹੀ ਘਟਨਾ ਦੇ ਸੁਚੱਜੇ ਢੰਗ ਨਾਲ ਪੂਰੀ ਕੀਤੀ ਗਈ।

ਸ਼੍ਰੀ ਮੀਨਾ ਨੇ ਦੱਸਿਆ ਕਿ ਇਹ ਕਾਰਵਾਈ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਦੀ ਨਸ਼ਾ ਤਸਕਰੀ ਅਤੇ ਸੰਗਠਿਤ ਅਪਰਾਧ ਨੂੰ ਸਹਾਰਾ ਦੇਣ ਵਾਲੇ ਗੈਰਕਾਨੂੰਨੀ ਢਾਂਚਿਆਂ ਅਤੇ ਵਿੱਤੀ ਪ੍ਰਣਾਲੀ ਦੇ ਵਿਰੁੱਧ ਕੀਤੀ ਸਖ਼ਤ ਕਾਰਵਾਈ ਹੈ। ਇਸ ਤਰ੍ਹਾਂ ਦੀਆਂ ਸਾਂਝੀਆਂ ਕਾਰਵਾਈਆਂ ਰਾਜ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਾਤਮੇ ਅਤੇ ਕਾਨੂੰਨ ਦੀ ਪਾਲਣਾ ਯਕੀਨੀ ਬਣਾਉਣ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਦਾ ਅਹਿਮ ਹਿੱਸਾ ਹਨ।

ਉਨ੍ਹਾਂ ਇਹ ਵੀ ਕਿਹਾ ਕਿ ਜ਼ਿਲ੍ਹਾ ਪੁਲਿਸ ਰੂਪਨਗਰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਕਾਰਵਾਈਆਂ ਵਿੱਚ ਸਿਵਲ ਪ੍ਰਸ਼ਾਸਨ ਨੂੰ ਪੂਰਾ ਕਾਨੂੰਨੀ ਸਹਿਯੋਗ ਦੇਣ ਲਈ ਵਚਨਬੱਧ ਹੈ ਅਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ।

# ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) 2026: ਚੰਡੀਗੜ੍ਹ ਵਿੱਚ ਦੋ-ਦਿਨਾਂ ਦੇ ਸਪੈਸ਼ਲ ਕੈਂਪਾਂ ਨੂੰ ਲੋਕਾਂ ਦਾ ਉਤਸ਼ਾਹਪੂਰਨ ਹੁੰਗਾਰਾ



**ਚੰਡੀਗੜ੍ਹ, 29 ਜੂਨ**
**-ਸ਼.ਅ.ਬਿਓਰੋ-**

ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) 2026 ਦੇ ਤਹਿਤ ਗਣਨਾ ਫਾਰਮ ਜਮ੍ਹਾਂ ਕਰਵਾਉਣ ਲਈ ਦੋ-ਦਿਨਾਂ ਦੇ ਸਪੈਸ਼ਲ ਕੈਂਪ 27 ਅਤੇ 29 ਜੂਨ ਨੂੰ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਸਫ਼ਲਤਾਪੂਰਵਕ ਸੰਪੰਨ ਹੋਏ।

ਬੜੀ ਸੰਖਿਆ ਵਿੱਚ ਸਥਾਨਕ ਨਿਵਾਸੀਆਂ ਨੇ ਇਨ੍ਹਾਂ ਕੈਂਪਾਂ ਵਿੱਚ ਪਹੁੰਚ ਕੇ ਆਪਣੇ ਗਣਨਾ ਫਾਰਮ ਜਮ੍ਹਾਂ ਕੀਤੇ। ਕੈਂਪਾਂ ਦੇ ਸਫ਼ਲ ਆਯੋਜਨ ਵਿੱਚ ਬੂਥ ਲੈਵਲ ਅਫ਼ਸਰਾਂ (ਬੀਐੱਲਓਜ਼) ਨੇ ਸਮਰਪਿਤ ਭਾਵ ਨਾਲ ਕਾਰਜ ਕਰਦੇ ਹੋਏ ਵੋਟਰਾਂ ਨੂੰ ਉਨ੍ਹਾਂ ਦੇ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਵਿੱਚ ਜ਼ਰੂਰੀ ਸਹਾਇਤਾ ਪ੍ਰਦਾਨ ਕੀਤੀ। ਹੁਣ ਤੱਕ ਪ੍ਰਾਪਤ ਗਣਨਾ ਫਾਰਮਾਂ ਵਿੱਚੋਂ 35% ਤੋਂ ਅਧਿਕ ਦਾ ਡਿਜੀਟਲੀਕਰਣ ਵੀ ਬੂਥ ਲੈਵਲ ਅਫ਼ਸਰਾਂ (ਬੀਐੱਲਓਜ਼) ਦੁਆਰਾ ਕੀਤਾ ਜਾ ਚੁੱਕਿਆ ਹੈ।

ਭਾਰਤ ਦੇ ਚੋਣ ਕਮਿਸ਼ਨ ਨੇ 14 ਮਈ, 2026 ਨੂੰ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) 2026 ਦੇ ਤੀਜੇ ਪੜਾਅ ਦੀ ਸਮਾਂ-ਸਾਰਣੀ ਦਾ ਐਲਾਨ ਕੀਤਾ ਸੀ। ਇਸ ਅਨੁਸਾਰ ਚੰਡੀਗੜ੍ਹ ਵਿੱਚ ਗਣਨਾ ਪ੍ਰਕਿਰਿਆ 15 ਜੂਨ, 2026 ਤੋਂ ਸ਼ੁਰੂ ਹੋਈ। ਮੁਹਿੰਮ ਦੇ ਪਹਿਲੇ ਹੀ ਹਫ਼ਤੇ ਵਿੱਚ ਬੂਥ ਲੈਵਲ ਅਫ਼ਸਰਾਂ (ਬੀਐੱਲਓਜ਼/) ਨੇ ਘਰ-ਘਰ ਜਾ ਕੇ ਗਣਨਾ ਫਾਰਮਾਂ ਦੀ 100% ਵੰਡ ਸਫ਼ਲਤਾਪੂਰਵਕ ਪੂਰੀ ਕਰ ਲਈ।

ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਘਰ-ਘਰ ਜਾ ਕੇ ਗਣਨਾ ਫਾਰਮ ਇਕੱਤਰ ਕਰਨ ਦੀ ਮੁਹਿੰਮ ਨਿਰੰਤਰ ਜਾਰੀ ਹੈ।

ਜਿਨ੍ਹਾਂ ਵੋਟਰਾਂ ਨੇ ਅਜੇ ਤੱਕ ਆਪਣੇ ਗਣਨਾ ਫਾਰਮ ਜਮ੍ਹਾਂ ਨਹੀਂ ਕਰਵਾਏ ਹਨ, ਉਹ ਆਪਣੇ ਖੇਤਰ ਦੇ ਬੀਐੱਲਓ (2*®) ਨੂੰ ਘਰ-ਘਰ ਦੌਰੇ ਕਰਨ ਦੇ ਦੌਰਾਨ ਆਪਣੇ ਢੰਗ ਨਾਲ ਭਰੇ ਹੋਏ ਫਾਰਮ ਸੌਂਪ ਸਕਦੇ ਹਨ ਜਾਂ ਈਸੀਆਈਨੈੱਟ (ECINet) ਪੋਰਟਲ (ecinet.eci.gov.in) ਜਾਂ ਈਸੀਆਈਨੈੱਟ (ECINet) ਮੋਬਾਈਲ ਐਪ ਦੇ ਜ਼ਰੀਏ ਔਨਲਾਇਨ ਵੀ ਜਮ੍ਹਾਂ ਕਰ ਸਕਦੇ ਹਨ।

ਕਿਸੇ ਵੀ ਪ੍ਰਕਾਰ ਦੀ ਸਹਾਇਤਾ ਜਾਂ ਜਾਣਕਾਰੀ ਲਈ ਨਾਗਰਿਕ ਈਸੀਆਈਨੈੱਟ (ECINet) ਐਪ ਅਤੇ ਪੋਰਟਲ 'ਤੇ ਉਪਲਬਧ ਬੁੱਕ ਏ ਕਾਲ ਸੁਵਿਧਾ ਦੇ ਜ਼ਰੀਏ ਆਪਣੇ ਸਬੰਧਿਤ ਬੀਐੱਲਓ (2*®) ਨਾਲ ਸੰਪਰਕ ਕਰ ਸਕਦੇ ਹਨ। ਇਸ ਤੋਂ ਇਲਾਵਾ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ/SIR) 2026 ਨਾਲ ਸਬੰਧਿਤ ਕਿਸੇ ਵੀ ਜਾਣਕਾਰੀ ਜਾਂ ਸਹਾਇਤਾ ਲਈ 24 ਗ7 ਉਪਲਬਧ ਵੋਟਰ ਹੈਲਪਲਾਇਨ 1950 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਐਸ ਪੀ ਹੈਡਕੁਆਰਟਰ ਵੈਭਵ ਚੋਧਰੀ ਵੱਲੋਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਨੂੰ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਲਈ ਪ੍ਰਸ਼ੰਸਾ ਪੱਤਰ ਦੇ ਕੇ ਕੀਤਾ ਸਨਮਾਨਿਤ

**ਪਟਿਆਲਾ, 29 ਜੂਨ**
**-ਅਮਨਦੀਪ ਸੱਭਰਵਾਲ-**

ਪੰਜਾਬ ਅਤੇ ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਜੋਂ ਕਿ ਲੰਮੇ ਸਮੇਂ ਤੋਂ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਕੰਮ ਕਰ ਰਹੀਆਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ,ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੀ ਟੀਮ ਦੇ ਸਰਪ੍ਰਸਤ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਬਰ ਜ਼ਿਲ੍ਹਾ ਸਾਂਝ ਕੇਂਦਰ, ਮੈਬਰ ਯੁਵਾ ਸਾਂਝ ਕਮੇਟੀ, ਮੈਬਰ ਵੂਮੈਨ ਕੌਸਲਿੰਗ ਸੈਲ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਦੀ ਟੀਮ ਤੇਜਿੰਦਰ ਮੜੋੜ, ਜੁਗਰਾਜ ਚਹਿਲ, ਗੁਰਪ੍ਰਤਾਪ ਸ਼ਾਹੀ ਅਮਰਜੀਤ ਲੰਗ, ਕੁਲਦੀਪ ਸਿੰਘ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਠੇਕੇਦਾਰ ਗੁਰਬਚਨ ਸਿੰਘ, ਉਪਕਾਰ ਸਿੰਘ, ਗੁਰਿੰਦਰਪਾਲ ਸਿੰਘ ਸੰਧੂ ਨੂੰ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਲਈ ਐਸ ਪੀ ਹੈਡਕੁਆਰਟਰ ਵੈਭਵ ਚੋਧਰੀ (ਆਈ .ਪੀ.ਐਸ) ਵੱਲੋਂ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਐਸ ਪੀ ਹੈਡਕੁਆਰਟਰ ਵੈਭਵ ਚੋਧਰੀ ਨੇ ਕਿਹਾ ਕਿ ਡਾਇਰੈਕਟਰ ਜਰਨਲ ਆਫ ਪੁਲਿਸ ਗੋਰਵ ਯਾਦਵ,ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਚਾਹਲ , ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ ਦੀ ਅਗਵਾਈ ਹੇਠ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਅਤੇ ਉਹਨਾਂ ਦੀਆਂ ਸਮਾਜ ਸੇਵੀ ਸੰਸਥਾਵਾਂ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਲੜਾਈ ਵਿੱਚ ਵੱਧ ਚੜ੍ਹਕੇ ਵਲੰਟੀਅਰ ਸਹਿਯੋਗ ਦੇ ਰਹੀਆਂ ਹਨ ਜੋਂ ਕਿ ਪ੍ਰਸੰਸਾਯੋਗ ਕਦਮ ਹੈ। ਉਹਨਾਂ ਕਿਹਾ ਕਿ ਇਸ ਟੀਮ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ,ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਪਿਛਲੇ ਦੋ ਸਾਲਾਂ ਵਿਚ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਵਿੱਚ ਤਕਰੀਬ 525 ਤੋਂ ਉਪਰ ਸੈਮੀਨਾਰ, ਰੈਲੀਆਂ, ਨੁੱਕੜ ਨਾਟਕਾਂ ਦਾ ਆਯੋਜਨ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਕਰ ਚੁੱਕੀਆਂ ਹਨ ਅਤੇ ਨੋਜਵਾਨਾ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਦੱਸਿਆ ਕਿ ਇਹਨਾਂ ਦੀ ਟੀਮ ਨੇ ਪਿਛਲੇ 15 ਸਾਲਾਂ ਤੋਂ ਨਸ਼ਿਆਂ ਵਿਰੁੱਧ ਤਕਰੀਬਨ 4500 ਤੋਂ ਵੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕਰ ਚੁੱਕੀ ਹੈ ਅਤੇ ਨੋਜਵਾਨਾ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਬਾਹਰ ਕੱਢਣ ਲਈ ਉਪਰਾਲੇ ਕੀਤੇ ਜਾ ਰਹੇ ਹਨ ਜੋਂ ਕਿ ਬਹੁਤ ਹੀ ਸ਼ਲਾਘਾਯੋਗ ਹੈ।ਉਹਨਾਂ ਕਿਹਾ ਕਿ ਪਟਿਆਲਾ ਪੁਲਿਸ ਵੱਲੋਂ ਨਸ਼ਿਆਂ ਦੇ ਵੱਡੇ ਮੱਗਰਮੱਛਾਂ ਨੂੰ ਨਕੇਲ ਪਾਈ ਜਾ ਰਹੀ ਹੈ। ਉਹਨਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ ਤੇ ਨਹੀਂ ਬਖਸ਼ਿਆ ਜਾਵੇਗਾ ਅਤੇ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਜਾ ਰਹੀਆਂ ਹਨ ਅਤੇ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਤੇ ਬੁਲਡੋਜ਼ਰ ਚਲਾਏਂ ਜਾ ਰਹੇ ਹਨ ਅਤੇ ਅੱਗੇ ਤੋਂ ਵੀ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਜਾਂਦੀਆਂ ਰਹਿਣਗੀਆਂ। ਉਹਨਾਂ ਕਿਹਾ ਕਿ ਪਟਿਆਲਾ ਪੁਲਿਸ ਨਸ਼ਿਆਂ ਦੇ ਖਾਤਮੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਨਸ਼ਾ ਤਸਕਰਾਂ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਪੁਲਿਸ ਵੱਲੋਂ ਗੁਪਤ ਰੱਖਿਆ ਜਾਂਦਾ ਹੈ ਇਸ ਲਈ ਪਬਲਿਕ ਨੂੰ ਬਗੈਰ ਕਿਸੇ ਡਰ ਭੈ ਦੇ ਨਸ਼ਾ ਤਸਕਰਾਂ ਦੀ ਸੂਚਨਾ ਪੁਲਿਸ ਨੂੰ ਦੇਣ ਲਈ ਅੱਗੇ ਆਉਣਾ ਚਾਹੀਦਾ ਹੈ।ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਐਸ ਪੀ ਹੈਡਕੁਆਰਟਰ ਵੈਭਵ ਚੋਧਰੀ ਨੂੰ ਭਰੋਸਾ ਦਿਵਾਇਆ ਕਿ ਉਹਨਾਂ ਦੀ ਟੀਮ ਹਮੇਸ਼ਾ ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਜ਼ਿਲ੍ਹਾ ਪੁਲਿਸ ਪਟਿਆਲਾ ਨਾਲ ਮਿਲਕੇ ਪ੍ਰੋਗਰਾਮਾਂ ਦਾ ਆਯੋਜਨ ਕਰਨ ਗਈਆ।

# ਬਾਣੀ ਵਿਚਾਰ ਚੇਤਨਾ ਮੰਚ ਰਜਿਸਟਰਡ ਵੱਲੋਂ ਗੁਰੂ ਰਵਿਦਾਸ ਜੀ ਦੀ ਬਾਣੀ ਤੇ ਜੀਵਨ 'ਤੇ ਹੋਇਆ ਪੰਜਵਾਂ ਸੈਮੀਨਾਰ



**ਚੰਡੀਗੜ੍ਹ, 29 ਜੂਨ**
**-ਹਰਮਨਪ੍ਰੀਤ ਕੌਰ-**

ਬਾਣੀ ਵਿਚਾਰ ਚੇਤਨਾ ਮੰਚ ਰਜਿਸਟਰਡ ਪੰਜਾਬ ਵੱਲੋਂ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕਰਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਤਹਿਤ ਪੰਜਵਾਂ ਸੈਮੀਨਾਰ ਚੰਡੀਗੜ੍ਹ ਵਿਖੇ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ, ਸੈਕਟਰ 30 ਦੇ ਸਹਿਯੋਗ ਨਾਲ ਕਰਵਾਇਆ ਗਿਆ। ਸੈਮੀਨਾਰ ਦੇ ਮੁੱਖ ਮਹਿਮਾਨ ਸਾਬਕਾ ਆਈਪੀਐਸ ਤੇ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਚੇਅਰਮੈਨ ਡਾ. ਮਨਮੋਹਨ ਨੇ ਕਿਹਾ ਕਿ ਜਦੋਂ ਇਨਸਾਨ ਨੂੰ ਇਨਸਾਨ ਨਾਲ ਨਫ਼ਰਤ ਸੀ, ਉਸ ਵੇਲੇ ਗੁਰੂ ਰਵਿਦਾਸ ਜੀ ਦੀ ਬਾਣੀ ਦੇ ਉਸ ਵੱਲੋਂ ਪੇਸ਼ ਕੀਤੀਆਂ ਸ਼ਹਾਦਤਾਂ ਨੇ ਸਮਾਜ ਨੂੰ ਇਕਸਾਰਤਾ ਬਖ਼ਸ਼ੀ, ਗੁਰੂ ਰਵਿਦਾਸ ਜੀ ਵੱਲੋਂ ਸ਼ੁਰੂ ਕੀਤਾ ਮਿਸ਼ਨ ਨੇ ਅਜਿਹਾ ਪ੍ਰਚੰਡ ਰੂਪ ਧਾਰਿਆ ਕਿ ਇਸ ਮਿਸ਼ਨ 'ਤੇ ਸਿੱਖਾਂ ਦੇ ਦਸਵੇਂ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣਾ ਸਰਬੰਸ ਤੱਕ ਵਾਰ ਦਿੱਤਾ ਤੇ ਉਨ੍ਹਾਂ ਜਾਤਾਂ ਦਾ ਨਾਸ ਕਰਕੇ ਸਮਾਜ ਨੂੰ ਇਕਜੁੱਟਤਾ ਬਖ਼ਸ਼ੀ। ਕਰਨਲ ਪ੍ਰਿਥਵੀ ਰਾਜ ਕੁਮਾਰ ਨੇ ਆਪਣਾ ਮੁੱਖ ਭਾਸ਼ਣ ਗੁਰੂ ਰਵਿਦਾਸ ਤੇ ਸ਼੍ਰੋਮਣੀ ਸੰਤ ਕਬੀਰ ਜੀ ਦੇ ਆਪਸੀ ਸਮਾਜਿਕ ਤੇ ਧਾਰਮਿਕ ਸਰੋਕਾਰਾਂ 'ਤੇ ਪੜ੍ਹਿਆ। ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਦੋਵਾਂ ਮਹਾਂ ਪੁਰਸ਼ਾਂ ਨੇ ਉਸ ਵੇਲੇ ਜਾਤਾਂ ਪਾਤਾਂ ਵਿਚ ਡੁੱਬ ਰਹੇ ਸਮਾਜ ਨੂੰ ਕ੍ਰਾਂਤੀਕਾਰੀ ਬਲ ਬਖ਼ਸ਼ਿਆ, ਜਿਸ ਦੀ ਹੂਕ ਅੱਜ ਤੱਕ ਪੈਂਦੀ ਹੈ। ਪੰਜਾਬੀ ਸਾਹਿਤ ਅਕਾਦਮੀ ਦੇ ਪ੍ਰਧਾਨ ਤੇ ਪੰਜਾਬ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਸਰਬਜੀਤ ਸਿੰਘ ਨੇ ਕਿਹਾ ਕਿ ਉਸ ਸਮੇਂ ਦੇ ਅਧਿਆਤਮਵਾਦ ਨੂੰ ਸਾਰੇ ਪਾਖੰਡਾਂ ਵਿੱਚੋਂ ਕੱਢ ਕੇ ਗੁਰੂ ਰਵਿਦਾਸ ਜੀ ਨੇ 'ਸਤਿਨਾਮੁ' ਨਾਲ ਜੋੜਿਆ, ਜਿਸ ਨੂੰ ਗੁਰੂ ਨਾਨਕ ਦੇਵ ਜੀ ਨੇ ਬਾਣੀ ਦੇ ਸ਼ੁਰੂਆਤ ਵਿੱਚ ਸੁਸ਼ੋਭਿਤ ਕਰਕੇ 'ਸਤਿਨਾਮੁ' ਦੇ ਸੰਕਲਪ ਨੂੰ ਸਿਖਰ 'ਤੇ ਪਹੁੰਚਾਇਆ। ਗੁਰੂ ਰਵਿਦਾਸ ਜੀ ਵੱਲੋਂ ਦਿੱਤਾ ਬੇਗ਼ਮ ਪੁਰੇ ਦਾ ਪੈਗ਼ਾਮ ਅੱਜ ਵੀ ਸਾਰੀ ਦੁਨੀਆ ਲਈ ਚਾਨਣ ਮੁਨਾਰਾ ਹੈ। ਦਲਿਤ ਚਿੰਤਕ ਡਾ. ਰੌਣਕੀ ਰਾਮ ਨੇ ਕਿਹਾ ਕਿ ਕਈ ਤਰ੍ਹਾਂ ਦੀਆਂ ਪ੍ਰੇਸ਼ਾਨੀਆਂ ਝੱਲ ਰਹੀ ਭਾਰਤੀ ਸੰਸਕ੍ਰਿਤੀ ਨੂੰ ਗੁਰੂ ਰਵਿਦਾਸ ਜੀ ਦੀ ਬਾਣੀ ਦਰੁਸਤ ਕਰ ਸਕਦੀ ਹੈ। ਇਸ ਵੇਲੇ ਮੰਚ ਦੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਅਕੀਦਾ ਨੇ ਕਿਹਾ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਸਾਡਾ 24 ਸੈਮੀਨਾਰ ਕਰਾਉਣ ਦਾ ਟੀਚਾ ਹੈ, ਇੱਕ ਤਿੰਨ ਦਿਨਾਂ ਦੀ ਕਾਨਫ਼ਰੰਸ ਪਟਿਆਲਾ ਵਿੱਚ ਕਰਵਾਈ ਜਾਵੇਗੀ। ਇਸ ਵੇਲੇ ਸੈਮੀਨਾਰ ਦੇ ਕੋਆਰਡੀਨੇਟਰ ਫਤਿਹਜੰਗ ਸਿੰਘ ਨੇ ਕਿਹਾ ਕੀ ਗੁਰੂ ਰਵਿਦਾਸ ਜੀ ਦੀ ਵਿਚਾਰਧਾਰਾ ਘਰੋ-ਘਰੀਂ ਪਹੁੰਚਾਉਣ ਦਾ ਸਾਡਾ ਸੰਕਲਪ ਹੈ। ਸੈਮੀਨਾਰ ਦੇ ਪ੍ਰਬੰਧਕ ਓ ਪੀ ਚੋਪੜਾ ਨੇ ?ਕਿਹਾ ਕਿ ਗੁਰੂ ਰਵਿਦਾਸ ਜੀ ਦੀ ਬਾਣੀ 'ਤੇ ਚਲਦਿਆਂ ਅਸੀਂ ਸਮਾਜ ਸੇਵਾ ਵਿਚ ਅਹਿਮ ਕੰਮ ਕਰ ਰਹੇ ਹਾਂ। ਇਸ ਵੇਲੇ ਡਾ. ਗੁਰਮੀਤ ਕੱਲਰਮਾਜਰੀ ਦੀ ਸੰਪਾਦਿਤ ਕਿਤਾਬ 'ਆਦਿ ਧਰਮ ਮੰਡਲ ਰਿਪੋਰਟ 1931' ਰਿਲੀਜ਼ ਕੀਤੀ ਗਈ। ਇਸ ਵੇਲੇ ਡਾ. ਕੱਲਰਮਾਜਰੀ ਨੇ ਧੰਨਵਾਦੀ ਭਾਸ਼ਣ ਦਿੰਦਿਆਂ ਕਿਹਾ ਕਿ ਅਸੀਂ ਸਿਰਫ਼ ਗੁਰੂ ਰਵਿਦਾਸ ਜੀ 'ਤੇ ਹੀ ਨਹੀਂ ਸਗੋਂ ਭੁੱਲੇ ਵਿੱਸਰੇ ਨਾਇਕਾਂ ਤੋਂ ਇਲਾਵਾ ਸਾਡੇ ਭਗਤਾਂ ਤੇ ਦਸਾਂ ਗੁਰੂ ਸਾਹਿਬਾਨ 'ਤੇ ਵੀ ਸੈਮੀਨਾਰ ਕਰਵਾਉਣ ਲਈ ਤਿ?ਆਰੀ ਕਰ ਰਹੇ ਹਾਂ।

ਇਸ ਵੇਲੇ ਡੀਪੀਆਰ ਪੰਜਾਬ ਦੇ ਜੁਆਇੰਟ ਡਾਇਰੈਕਟਰ ਪ੍ਰੀਤ ਕੰਵਲ ਸਿੰਘ, ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸੂਬਾ ਪ੍ਰਧਾਨ ਜੈ ਸਿੰਘ ਛਿੱਬਰ, ਜਗਦੀਸ਼ ਲਾਲ ਬੱਧਣ ਹੁਸ਼ਿਆਰਪੁਰ, ਪ੍ਰੋ. ਲਾਲ ਬਹਾਦਰ ਭਾਟੀਆ ਜਲੰਧਰ, ਡਾ. ਸੰਤੋਖ ਸੁੱਖੀ ਪਟਿਆਲਾ, ਬਲਵਿੰਦਰ ਸਿਪਰੇ, ਪਰਮਿੰਦਰ ਸਿੰਘ ਰਾਏਪੁਰ, ਹਰਨੇਕ ਸਿੰਘ ਚੁੰਨੀ, ਹਰਨਾਮ ਸਿੰਘ ਡੱਲਾ ਰੋਪੜ ਆਦਿ ਬੁਲਾਰਿਆਂ ਨੇ ਵੀ ਸੰਬੋਧਨ ਕੀਤਾ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਵਿੱਤਰ ਨਗਰੀ ਅੰਮ੍ਰਿਤਸਰ ਨੂੰ ਵੱਡਾ ਤੋਹਫ਼ਾ, ਨਵਾਂ ਸੁਲਤਾਨਵਿੰਡ ਫਲਾਈਓਵਰ ਲੋਕਾਂ ਨੂੰ ਸਮਰਪਿਤ ਕੀਤਾ; ਪਾਰਦਰਸ਼ੀ ਪ੍ਰਕਿਰਿਆ ਸਦਕਾ 11.52 ਕਰੋੜ ਰੁਪਏ ਦੀ ਬੱਚਤ ਹੋਈ



**ਅੰਮ੍ਰਿਤਸਰ, 29 ਜੂਨ**
**-ਸ਼.ਅ.ਬਿਓਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਵਿੱਤਰ ਨਗਰੀ ਅੰਮ੍ਰਿਤਸਰ ਦੇ ਨਿਵਾਸੀਆਂ ਨੂੰ ਸੁਲਤਾਨਵਿੰਡ ਬਾਈਪਾਸ ਅਤੇ ਸੁਲਤਾਨਵਿੰਡ ਲਿੰਕ ਰੋਡ ਦੇ ਜੰਕਸ਼ਨ 'ਤੇ ਨਵਾਂ ਬਣਿਆ ਫਲਾਈਓਵਰ ਲੋਕਾਂ ਨੂੰ ਸਮਰਪਿਤ ਕਰਕੇ ਵੱਡਾ ਤੋਹਫ਼ਾ ਦਿੱਤਾ। ਲੰਬੇ ਸਮੇਂ ਤੋਂ ਚੱਲੀ ਆ ਰਹੀ ਟ੍ਰੈਫਿਕ ਦੀ ਸਮੱਸਿਆ ਨੂੰ ਹੱਲ ਕਰਨ ਅਤੇ ਹਰ ਰੋਜ਼ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਦਰਸ਼ਨਾਂ ਲਈ ਆਉਣ ਵਾਲੇ ਦੋ ਲੱਖ ਤੋਂ ਵੱਧ ਸ਼ਰਧਾਲੂਆਂ ਲਈ ਸੁਚਾਰੂ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਉਸਾਰੇ ਗਏ ਇਸ ਪ੍ਰੋਜੈਕਟ ਨੂੰ ਜਨਤਾ ਦੇ 11.52 ਕਰੋੜ ਰੁਪਏ ਦੀ ਬੱਚਤ ਨਾਲ ਪਾਰਦਰਸ਼ੀ ਪ੍ਰਣਾਲੀ ਰਾਹੀਂ ਮੁਕੰਮਲ ਕੀਤਾ ਗਿਆ ਹੈ।

ਆਪਣੀ ਸਰਕਾਰ ਦੇ ਵਿਕਾਸ-ਮੁਖੀ ਸ਼ਾਸਨ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਲੋਕਾਂ ਲਈ 15 ਜੁਲਾਈ ਤੱਕ 3,100 ਨਵੇਂ ਸਟੇਡੀਅਮ, 3,000 ਜਿਮ ਅਤੇ 400 ਨਵੇਂ ਆਮ ਆਦਮੀ ਕਲੀਨਿਕ ਤਿਆਰ ਹੋ ਜਾਣਗੇ। ਉਨ੍ਹਾਂ ਦੱਸਿਆ ਕਿ ਹੁਣ ਸਿੰਚਾਈ ਲਈ 80 ਫੀਸਦ ਤੋਂ ਵੱਧ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਕਿਹਾ ਕਿ ਹੁਣ ਠੇਕੇਦਾਰ 43,000 ਕਿਲੋਮੀਟਰ ਤੋਂ ਵੱਧ ਸੜਕਾਂ ਦੇ ਪੰਜ ਸਾਲਾਂ ਤੱਕ ਰੱਖ-ਰਖਾਅ ਲਈ ਜਵਾਬਦੇਹ ਹਨ। ਉਨ੍ਹਾਂ ਇਹ ਵੀ ਕਿਹਾ ਕਿ ਜਿੱਥੇ ਸਰਕਾਰ ਵਿਕਾਸ ਅਤੇ ਇਮਾਨਦਾਰ ਸ਼ਾਸਨ 'ਤੇ ਕੇਂਦਰਿਤ ਹੈ, ਉੱਥੇ ਹੀ ਵਿਰੋਧੀ ਧਿਰ ਸਰਕਾਰ ਦੇ ਕੰਮਾਂ ਨੂੰ ਚੁਣੌਤੀ ਦੇਣ ਵਿੱਚ ਅਸਫਲ ਰਹਿਣ ਕਰਕੇ ਫਰਜ਼ੀ ਵੀਡੀਓਜ਼ ਵਾਇਰਲ ਕਰਨ ਵਰਗੇ ਘਟੀਆਂ ਹੱਥਕੰਡਿਆਂ 'ਤੇ ਉਤਰ ਆਈ ਹੈ।

ਆਪਣੇ ਐਕਸ ਹੈਂਡਲ 'ਤੇ ਲਿਖਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: ਪਵਿੱਤਰ ਨਗਰੀ ਅੰਮ੍ਰਿਤਸਰ ਵਿੱਚ ਸੁਲਤਾਨਵਿੰਡ ਲਿੰਕ ਰੋਡ 'ਤੇ ਇੱਕ ਨਵਾਂ ਓਵਰਬ੍ਰਿਜ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਆਪਣੀ ਪਾਰਦਰਸ਼ੀ ਪ੍ਰਣਾਲੀ ਰਾਹੀਂ ਇਸ ਪ੍ਰੋਜੈਕਟ 'ਤੇ ਜਨਤਾ ਦੇ 11.5 ਕਰੋੜ ਰੁਪਏ ਬਚਾਏ ਹਨ। 15 ਜੁਲਾਈ ਤੱਕ 3,100 ਨਵੇਂ ਖੇਡ ਮੈਦਾਨ ਅਤੇ 3,000 ਜਿੰਮ ਤਿਆਰ ਹੋ ਜਾਣਗੇ, ਜਦੋਂ ਕਿ 400 ਨਵੇਂ ਆਮ ਆਦਮੀ ਕਲੀਨਿਕ ਵੀ ਲੋਕਾਂ ਦੀ ਸਹੂਲਤਰ ਲਈ ਲਗਭਗ ਪੂਰੀ ਤਰ੍ਹਾਂ ਤਿਆਰ ਹਨ।

ਮੁੱਖ ਮੰਤਰੀ ਨੇ ਅੱਗੇ ਲਿਖਿਆ ਖੇਤੀਬਾੜੀ ਲਈ ਰਿਕਾਰਡ 80 ਫੀਸਦ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਹੁਣ ਠੇਕੇਦਾਰਾਂ ਲਈ ਉਨ੍ਹਾਂ ਦੁਆਰਾ ਬਣਾਈਆਂ ਜਾਣ ਵਾਲੀਆਂ ਸੜਕਾਂ ਲਈ ਪੰਜ ਸਾਲਾਂ ਦੀ ਗਾਰੰਟੀ ਦੇਣੀ ਲਾਜ਼ਮੀ ਹੈ। ਤੁਹਾਡੀ ਸਰਕਾਰ ਇਮਾਨਦਾਰ ਨੀਅਤ ਨਾਲ ਕੰਮ ਕਰ ਰਹੀ ਹੈ। ਆਓ, ਆਪਾਂ ਸਾਰੇ ਰਲ ਕੇ ਪੰਜਾਬ ਨੂੰ ਹੋਰ ਖੁਸ਼ਹਾਲ ਬਣਾਈਏ ਅਤੇ ਨਵੀਆਂ ਬੁਲੰਦੀਆਂ ਵੱਲ ਲੈ ਚੱਲੀਏ।

ਇਹ ਪ੍ਰਾਜੈਕਟ ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹਰ ਰੋਜ਼ ਦੋ ਲੱਖ ਤੋਂ ਵੱਧ ਸ਼ਰਧਾਲੂ ਇਸ ਪਵਿੱਤਰ ਨਗਰੀ ਵਿੱਚ ਸ੍ਰੀ ਦਰਬਾਰ ਸਾਹਿਬ ਅਤੇ ਹੋਰ ਇਤਿਹਾਸਕ ਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਆਉਂਦੇ ਹਨ। ਸ਼ਰਧਾਲੂਆਂ ਦੀ ਯਾਤਰਾ ਨੂੰ ਵਧੇਰੇ ਸੁਵਿਧਾਜਨਕ ਅਤੇ ਆਰਾਮਦਾਇਕ ਬਣਾਉਣ ਲਈ ਸਾਡੀ ਸਰਕਾਰ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਲਗਾਤਾਰ ਮਜ਼ਬੂਤ ਕਰ ਰਹੀ ਹੈ। ਅੱਜ ਅਸੀਂ ਸੁਲਤਾਨਵਿੰਡ ਬਾਈਪਾਸ ਅਤੇ ਸੁਲਤਾਨਵਿੰਡ ਲਿੰਕ ਰੋਡ ਦੇ ਜੰਕਸ਼ਨ 'ਤੇ ਨਵਾਂ ਬਣਿਆਂ ਫਲਾਈਓਵਰ ਲੋਕਾਂ ਨੂੰ ਸਮਰਪਿਤ ਕੀਤਾ ਹੈ।

ਪਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਮੈਂ ਅਕਾਲ ਪੁਰਖ ਦਾ ਸ਼ੁਕਰਗੁਜ਼ਾਰ ਹਾਂ ਜਿਨ੍ਹਾਂ ਨੇ ਮੈਨੂੰ ਇਹ ਮਹੱਤਵਪੂਰਨ ਪ੍ਰਾਜੈਕਟ ਲੋਕਾਂ ਨੂੰ ਸਮਰਪਿਤ ਕਰਕੇ ਇਸ ਪਵਿੱਤਰ ਨਗਰੀ ਦੀ ਸੇਵਾ ਕਰਨ ਦਾ ਮੌਕਾ ਬਖਸ਼ਿਆ, ਜੋ ਟ੍ਰੈਫਿਕ ਦੀ ਸਮੱਸਿਆ ਨੂੰ ਹੱਲ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ।

ਮੁੱਖ ਮੰਤਰੀ ਨੇ ਕਿਹਾ, ਤਾਰਾ ਵਾਲਾ ਪੁਲ ਨੇੜੇ ਤਰਨਤਾਰਨ ਰੋਡ 'ਤੇ ਸੁਲਤਾਨਵਿੰਡ ਲਿੰਕ ਰੋਡ ਦੇ ਜੰਕਸ਼ਨ 'ਤੇ ਭਾਰੀ ਟ੍ਰੈਫਿਕ ਕਾਰਨ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ, ਸਥਾਨਕ ਨਿਵਾਸੀਆਂ ਅਤੇ ਬਾਹਰੋਂ ਆਉਣ ਵਾਲੇ ਸ਼ਰਧਾਲੂਆਂ ਨੂੰ ਲੰਬੇ ਸਮੇਂ ਤੋਂ ਭਾਰੀ ਟ੍ਰੈਫਿਕ ਜਾਮ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਇਹ ਫਲਾਈਓਵਰ ਸ਼ਹਿਰ ਦੇ ਟ੍ਰੈਫਿਕ ਵਿੱਚ ਵੱਡਾ ਸੁਧਾਰ ਕਰਨ ਦੇ ਨਾਲ-ਨਾਲ ਰੋਜ਼ਾਨਾ ਹਜ਼ਾਰਾਂ ਲੋਕਾਂ ਦੇ ਕੀਮਤੀ ਸਮੇਂ ਦੀ ਬੱਚਤ ਕਰੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੈਨੂੰ ਖੁਸ਼ੀ ਹੈ ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਕਿ ਪਵਿੱਤਰ ਨਗਰੀ ਵਿੱਚ ਆਉਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਇਸ ਪ੍ਰਾਜੈਕਟ ਨੂੰ ਜੰਗੀ ਪੱਧਰ 'ਤੇ ਨੇਪਰੇ ਚਾੜ੍ਹ ਕੇ ਤੈਅ ਸਮੇਂ ਤੋਂ ਪਹਿਲਾਂ ਮੁਕੰਮਲ ਕੀਤਾ ਗਿਆ ਹੈ।

ਪ੍ਰਾਜੈਕਟ ਦੇ ਪਾਰਦਰਸ਼ੀ ਨਿਰਮਾਣ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, ਹਾਲਾਂਕਿ ਪੰਜਾਬ ਸਰਕਾਰ ਨੇ ਇਸ ਪ੍ਰੋਜੈਕਟ ਲਈ 34.20 ਕਰੋੜ ਰੁਪਏ ਦੀ ਪ੍ਰਸ਼ਾਸਕੀ ਪ੍ਰਵਾਨਗੀ ਦਿੱਤੀ ਸੀ, ਪਰ ਇਹ ਸਿਰਫ 22.68 ਕਰੋੜ ਰੁਪਏ ਦੀ ਲਾਗਤ ਨਾਲ ਸਫਲਤਾਪੂਰਵਕ ਮੁਕੰਮਲ ਹੋ ਗਿਆ ਹੈ, ਜਿਸ ਨਾਲ ਜਨਤਾ ਦੇ 11.52 ਕਰੋੜ ਰੁਪਏ ਦੀ ਬੱਚਤ ਹੋਈ ਹੈ। ਉਨ੍ਹਾਂ ਦੱਸਿਆ ਕਿ ਪਹੁੰਚ ਸੜਕਾਂ ਸਮੇਤ ਇਸ ਪ੍ਰੋਜੈਕਟ ਦੀ ਕੁੱਲ ਲੰਬਾਈ 985 ਮੀਟਰ ਹੈ।

ਮੁੱਖ ਮੰਤਰੀ ਨੇ ਦੱਸਿਆ, ਫਲਾਈਓਵਰ ਦੀ ਲੰਬਾਈ 725 ਮੀਟਰ ਅਤੇ ਚੌੜਾਈ 14 ਮੀਟਰ ਹੈ। ਸਥਾਨਕ ਟ੍ਰੈਫਿਕ ਦੀ ਸੁਚਾਰੂ ਆਵਾਜਾਈ ਦੀ ਸਹੂਲਤ ਵਾਸਤੇ ਫਲਾਈਓਵਰ ਦੇ ਦੋਵਾਂ ਪਾਸਿਆਂ 'ਤੇ 5.50 ਮੀਟਰ ਚੌੜੀਆਂ ਸਰਵਿਸ ਰੋਡਜ਼ ਵੀ ਬਣਾਈਆਂ ਗਈਆਂ ਹਨ।

ਪ੍ਰਾਜੈਕਟ ਦੀਆਂ ਵਾਤਾਵਰਣ ਅਨੁਕੂਲ ਵਿਸ਼ੇਸ਼ਤਾਵਾਂ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, ਇਹ ਇੱਕ ਵਾਤਾਵਰਣ ਪੱਖੀ ਪ੍ਰੋਜੈਕਟ ਹੈ। ਬਰਸਾਤੀ ਪਾਣੀ ਦੇ ਨਿਕਾਸ ਲਈ ਆਰ.ਸੀ.ਸੀ. ਡਰੇਨਾਂ ਤੋਂ ਇਲਾਵਾ, ਇਸ ਦੇ ਡਿਜ਼ਾਈਨ ਵਿੱਚ ਰੇਨ ਵਾਟਰ ਹਾਰਵੈਸਟਿੰਗ ਵੈੱਲਜ਼ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਇਹ ਵਾਤਾਵਰਣ ਦੀ ਸਥਿਰਤਾ ਪ੍ਰਤੀ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਕਿਹਾ, ਸੂਬਾ ਸਰਕਾਰ ਕਰਦਾਤਾਵਾਂ ਦਾ ਪੈਸਾ ਬਚਾਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਦੀ ਵਰਤੋਂ ਕਰ ਰਹੀ ਹੈ। ਅਸੀਂ 43,000 ਕਿਲੋਮੀਟਰ ਤੋਂ ਵੱਧ ਸੜਕਾਂ ਦਾ ਨਿਰਮਾਣ ਕਰ ਰਹੇ ਹਾਂ ਅਤੇ ਠੇਕੇਦਾਰਾਂ ਨੂੰ ਉਨ੍ਹਾਂ ਦੇ ਰੱਖ-ਰਖਾਅ ਲਈ ਜ਼ਿੰਮੇਵਾਰ ਬਣਾਇਆ ਗਿਆ ਹੈ। ਸੂਬੇ ਦੇ ਖਜ਼ਾਨੇ ਦਾ ਇੱਕ-ਇੱਕ ਪੈਸਾ ਲੋਕਾਂ ਦੀ ਭਲਾਈ ਲਈ ਸਹੀ ਢੰਗ ਨਾਲ ਵਰਤਿਆ ਜਾ ਰਿਹਾ ਹੈ।

ਉਨ੍ਹਾਂ ਅੱਗੇ ਕਿਹਾ, ਪੰਜਾਬ ਦੇ 90 ਫੀਸਦ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ। ਇੱਥੋਂ ਤੱਕ ਕਿ ਕਿਸਾਨਾਂ ਨੂੰ ਹੁਣ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜੋ ਇੱਕ ਵੱਡੀ ਪ੍ਰਾਪਤੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਲੋਕਾਂ ਦੇ ਟੈਕਸ ਦਾ ਪੈਸਾ ਸੂਬੇ ਦਾ ਹੈ, ਅਤੇ ਅਸੀਂ ਇਸ ਨੂੰ ਉਨ੍ਹਾਂ ਦੀ ਭਲਾਈ 'ਤੇ ਸਮਝਦਾਰੀ ਨਾਲ ਖਰਚ ਕਰ ਰਹੇ ਹਾਂ। ਲੋਕਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਕੋਲ ਵਾਪਸ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਸਿਰਫ਼ ਲੋਕਾਂ ਲਈ ਕੰਮ ਕਰ ਰਹੀ ਹੈ। ਅਸੀਂ ਲੋਕਾਂ ਨੂੰ ਮੁਫ਼ਤ ਬਿਜਲੀ ਦਿੱਤੀ ਹੈ, 68,000 ਤੋਂ ਵੱਧ ਨੌਜਵਾਨਾਂ ਨੂੰ ਬਿਨਾਂ ਕਿਸੇ ਭ੍ਰਿਸ਼ਟਾਚਾਰ ਅਤੇ ਸਿਫਾਰਿਸ਼ ਦੇ ਸਰਕਾਰੀ ਨੌਕਰੀਆਂ ਦਿੱਤੀਆਂ ਹਨ, ਸੜਕਾਂ ਦਾ ਸੁਧਾਰ ਕੀਤਾ ਗਿਆ ਹੈ, ਮਿਆਦ ਪੁਗਾ ਚੁੱਕੇ ਟੋਲ ਪਲਾਜ਼ੇ ਬੰਦ ਕੀਤੇ ਗਏ ਹਨ, ਜਿਸ ਨਾਲ ਰੋਜ਼ਾਨਾ ਲੋਕਾਂ ਦੇ 70 ਲੱਖ ਰੁਪਏ ਬਚ ਰਹੇ ਹਨ, ਸਿੱਖਿਆ ਅਤੇ ਸਿਹਤ ਸੰਭਾਲ ਨੂੰ ਮਜ਼ਬੂਤ ਕੀਤਾ ਗਿਆ ਹੈ, ਮਜ਼ਬੂਤ ਬੁਨਿਆਦੀ ਢਾਂਚਾ ਤਿਆਰ ਕੀਤਾ ਗਿਆ ਹੈ ਅਤੇ ਕਈ ਹੋਰ ਪ੍ਰਮੁੱਖ ਪਹਿਲਕਦਮੀਆਂ ਕੀਤੀਆਂ ਗਈਆਂ ਹਨ।

ਮੁੱਖ ਮੰਤਰੀ ਨੇ ਕਿਹਾ, ਜਦੋਂ ਸਾਡੀ ਸਰਕਾਰ ਨੇ ਸੱਤਾ ਸੰਭਾਲੀ ਸੀ, ਉਦੋਂ ਪੰਜਾਬ ਵਿੱਚ ਸਿੰਚਾਈ ਲਈ ਸਿਰਫ਼ 22 ਫੀਸਦ ਨਹਿਰੀ ਪਾਣੀ ਦੀ ਵਰਤੋਂ ਹੁੰਦੀ ਸੀ। ਅੱਜ ਇਹ ਵਧ ਕੇ 80 ਫੀਸਦ ਤੋਂ ਵੱਧ ਹੋ ਗਈ ਹੈ, ਜਿਸ ਨਾਲ ਸਿੰਚਾਈ ਦਾ ਦਾਇਰਾ ਵਧਿਆ ਹੈ ਅਤੇ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟੀ ਹੈ।

ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਪਿੰਡਾਂ ਦੇ ਵਿਕਾਸ ਲਈ ਅਣਥੱਕ ਕੰਮ ਕਰ ਰਹੀ ਹੈ ਅਤੇ ਪਿੰਡਾਂ ਨੂੰ ਵੱਡੀਆਂ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ, ਸਾਡੇ ਨੌਜਵਾਨਾਂ ਨੂੰ ਨਸ਼ਿਆਂ ਦੀ ਅਲਾਮਤ ਤੋਂ ਦੂਰ ਰੱਖਣ ਲਈ ਸੂਬਾ ਸਰਕਾਰ 15 ਜੁਲਾਈ ਤੱਕ ਪੰਜਾਬ ਭਰ ਵਿੱਚ 3,100 ਨਵੇਂ ਬਣੇ ਸਟੇਡੀਅਮ ਲੋਕ-ਅਰਪਣ ਕਰੇਗੀ। ਖੇਡ ਸਭਿਆਚਾਰ ਨੂੰ ਉਤਸ਼ਾਹਿਤ ਕਰਨਾ ਨਸ਼ਿਆਂ ਵਿਰੁੱਧ ਸਾਡੀ ਮੁਹਿੰਮ ਵਿੱਚ ਸਭ ਤੋਂ ਪ੍ਰਭਾਵਸ਼ਾਲੀ ਹਥਿਆਰਾਂ ਵਿੱਚੋਂ ਇੱਕ ਹੈ। ਖੇਡਾਂ ਰਾਹੀਂ ਸਾਡੇ ਨੌਜਵਾਨਾਂ ਦੀ ਬੇਅੰਤ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਾਇਆ ਜਾ ਰਿਹਾ ਹੈ।

ਵਿਰੋਧੀ ਧਿਰ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ, ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਭਾਜਪਾ ਨੇ ਧਾਰਮਿਕ ਮੁੱਦਿਆਂ 'ਤੇ ਮੈਨੂੰ ਬਦਨਾਮ ਕਰਨ ਵਾਸਤੇ ਇੱਕ ਦੂਜੇ ਨਾਲ ਹੱਥ ਮਿਲਾ ਕੇ ਬਹੁਤ ਹੀ ਨੀਵੇਂ ਪੱਧਰ ਦੀ ਰਾਜਨੀਤੀ ਕਰ ਰਹੇ ਹਨ। ਇੱਕ ਬੇਹੱਦ ਘਟੀਆ ਰਾਜਨੀਤਿਕ ਸਾਜ਼ਿਸ਼ ਤਹਿਤ ਮੇਰੀਆਂ ਫਰਜ਼ੀ ਵੀਡੀਓਜ਼ ਵਾਇਰਲ ਕੀਤੀਆਂ ਗਈਆਂ ਹਨ।

ਮੁੱਖ ਮੰਤਰੀ ਨੇ ਅੱਗੇ ਕਿਹਾ, ਜਦੋਂ ਮੇਰੇ ਵਿਰੋਧੀ ਕਿਸੇ ਹੋਰ ਫਰੰਟ 'ਤੇ ਮੈਨੂੰ ਚੁਣੌਤੀ ਦੇਣ ਦੇ ਯੋਗ ਨਹੀਂ ਰਹੇ ਤਾਂ ਉਹ ਮੈਨੂੰ ਹੁਣ ਧਾਰਮਿਕ ਮੁੱਦਿਆਂ ਰਾਹੀਂ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਹਾਲ ਹੀ ਵਿੱਚ ਇੱਕ ਵੀਡੀਓ ਵਾਇਰਲ ਕੀਤੀ ਗਈ ਹੈ ਜਿਸ ਵਿੱਚ ਨਾ ਤਾਂ ਉਸ ਵਿਅਕਤੀ ਦੀ ਸਰੀਰਕ ਦਿੱਖ, ਕੱਦ, ਤੁਰਨ ਦਾ ਤਰੀਕਾ ਅਤੇ ਨਾ ਹੀ ਸਰੀਰਕ ਹਾਵ-ਭਾਵ ਮੇਰੇ ਨਾਲ ਮੇਲ ਖਾਂਦੇ ਹਨ।

ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਅਤੇ ਕਈ ਹੋਰ ਪਤਵੰਤੇ ਵੀ ਹਾਜ਼ਰ ਸਨ।

# ਐਸ.ਆਈ.ਆਰ. ਤਹਿਤ ਜ਼ਿਲ੍ਹੇ 'ਚ ਘਰ-ਘਰ ਸਰਵੇਖਣ ਜਾਰੀ



**ਜਲੰਧਰ, 29 ਜੂਨ**
**-ਸ਼.ਅ.ਬਿਓਰੋ-**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਤਹਿਤ ਜ਼ਿਲ੍ਹੇ ਵਿੱਚ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਵੱਲੋਂ ਘਰ-ਘਰ ਸਰਵੇਖਣ ਕੀਤਾ ਜਾ ਰਿਹਾ ਹੈ, ਜਿਸ ਤਹਿਤ ਬੀ.ਐਲ.ਓਜ਼ ਵੱਲੋਂ ਵੋਟਰਾਂ ਨੂੰ ਆਪਣੇ ਵੇਰਵਿਆਂ ਦੀ ਤਸਦੀਕ ਅਤੇ ਲੋੜੀਂਦੀ ਜਾਣਕਾਰੀ ਭਰਨ ਲਈ ਗਣਨਾ (ਇਨੂਮੀਰੇਸ਼ਨ) ਫਾਰਮ ਮੁਹੱਈਆ ਕਰਵਾਏ ਜਾ ਰਹੇ ਹਨ।

ਇਸੇ ਕੜੀ ਤਹਿਤ ਅੱਜ ਰਾਜ ਸਭਾ ਮੈਂਬਰ ਅਤੇ ਪ੍ਰਸਿੱਧ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੂੰ ਸਬੰਧਤ ਬੀ.ਐਲ.ਓ ਵੱਲੋਂ ਇਨੂਮੀਰੇਸ਼ਨ ਫਾਰਮ ਸੌਂਪਿਆ ਗਿਆ।

ਜ਼ਿਕਰਯੋਗ ਹੈ ਕਿ ਘਰ-ਘਰ ਸਰਵੇਖਣ ਦੀ ਪ੍ਰਕਿਰਿਆ 24 ਜੁਲਾਈ 2026 ਤੱਕ ਜਾਰੀ ਰਹੇਗੀ। 3 ਅਗਸਤ 2026 ਨੂੰ ਡ੍ਰਾਫ਼ਟ ਵੋਟਰ ਸੂਚੀ ਦੀ ਪ੍ਰਕਾਸ਼ਨਾ ਹੋਵੇਗੀ ਅਤੇ 3 ਅਗਸਤ 2026 ਤੋਂ 2 ਸਤੰਬਰ 2026 ਤੱਕ ਡ੍ਰਾਫਟ ਵੋਟਰ ਸੂਚੀ 'ਤੇ ਦਾਅਵੇ ਅਤੇ ਇਤਰਾਜ਼ ਦਾਇਰ ਕੀਤੇ ਜਾ ਸਕਣਗੇ। ਨੋਟਿਸ ਪੜਾਅ/ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 3 ਅਗਸਤ 2026 ਤੋਂ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਉਪਰੰਤ 1 ਅਕਤੂਬਰ 2026 ਨੂੰ ਅੰਤਿਮ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਹੋਵੇਗੀ।

# ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਵੱਲੋਂ ਦੰਦਾਂ ਦੀ ਜਾਂਚ ਦਾ ਕੈਂਪ ਲਾਇਆ ਗਿਆ



**ਸੁਨਾਮ, 29 ਜੂਨ**
**-ਸ਼.ਅ.ਬਿਓਰੋ-**

ਸਥਾਨਕ ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ ਵੱਲੋਂ ਰੇਲਵੇ ਰੋਡ ਸਥਿਤ ਸ੍ਰੀ ਜੀ ਡੈਂਟਲ ਐਂਡ ਇੰਪਲਾਂਟ ਸੈਂਟਰ ਵਿੱਖੇ ਮੈਂਬਰਾਂ ਦੇ ਦੰਦਾ ਦੀ ਜਾਂਚ ਕਰਾਉਣ ਲਈ ਕੈਂਪ ਲਾਇਆ ਗਿਆ ਇਸ ਵਿੱਚ ਦੰਦਾਂ ਦੇ ਸਰਜਨ ਡਾ, ਇਸ਼ੂ ? ਸਿੰਗਲਾ ਬੀ, ਡੀ, ਐਸ,,, ਐਮ ਡੀ, ਐਸ ਅਤੇ ਡਾ, ਗੀਤੂ ਅਗਰਵਾਲ ਬੀ, ਡੀ, ਐਸ, ਐਮ,ਡੀ, ਐਸ ਨੇ ਦੰਦਾਂ ਦੀ ਜਾਂਚ ਕੀਤੀ ਤੇ ਲੋੜਵੰਦਾਂ ਨੂੰ ਫਰੀ ਦਵਾਈਆਂ ਦਿੱਤੀਆਂ। ਇਸ ਮੌਕੇ ਤੇ ਪ੍ਰਧਾਨ ਰੁਪਿੰਦਰ ਭਾਰਦਵਾਜ ਨੇ ਡਾਕਟਰ ਸਾਹਿਬਾਨਾਂ ਦਾ ਫਰੀ ਕੈਂਪ ਲਾਉਣ ਤੇ ਧੰਨਵਾਦ ਕੀਤਾ ਅਤੇ ਡਾਕਟਰ ਸਾਹਿਬਾਨਾਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਤੇ ਡਾਕਟਰ ਸਾਹਿਬ ਵੱਲੋਂ ਮੈਂਬਰਾਂ ਲਈ ਠੰਡੇ ਅਤੇ ਚਾਹ ਦਾ ਵੀ ਇੰਤਜਾਮ ਕੀਤਾ ਗਿਆ।

ਉਨ੍ਹਾਂ ਸਾਰੇ ਮੈਬਰਾਂ ਨੂੰ ਕਾਰਡ ਵੀ ਬਣਾ ਕੇ ਦਿੱਤੇ ਤਾਂ ਕੇ ਉਹ ਕਿਸੇ ਵੇਲੇ ਵੀ ਆ ਕੇ ਦੰਦ ਚੈਕ ਕਰਵਾ ਸਕਦੇ ਹਨ। ਇਸ ਕੈਂਪ ਵਿੱਚ ਸ੍ਰੀ ਕਾਲਾ ਰਾਮ ਕਾਂਸਲ ਪੀ, ਸੀ, ਐਸ, ਐਸ ਡੀ, ਐਮ ਪਾਤੜਾਂ ਨੇ ਵਿਸੇਸ਼ ਤੌਰ ਤੇ ਸਿ ?ਰਕਤ ਕੀਤੀ। ਉਨ੍ਹਾਂ ਨੇ ਵੀ ਡਾਕਟਰ ਸਾਹਿਬਾਨਾਂ ਵੱਲੋਂ ਬਜੁਰਗਾਂ ਲਈ ਮੁਫਤ ਕੈਂਪ ਲਾਉਣ ਦੀ ਸ਼ਲਾਘਾ ਕੀਤੀ ਤੇ ਧੰਨਵਾਦ ਕੀਤਾ। ਐਸੋਸੀਏਸ਼ਨ ਵੱਲੋਂ ਉਨ੍ਹਾਂ ਦਾ ਵੀ ਸਵਾਗਤ ਕੀਤਾ ਗਿਆ ਤੇ ਸਮਾ ਕੱਢ ਕੇ ਕੈਂਪ ਵਿੱਚ ਆਉਣ ਤੇ ਧੰਨਵਾਦ ਕੀਤਾ ਗਿਆ। ਕੈਂਪ ਵਿੱਚ ਲੱਗਭਗ . 50 ਮੈਂਬਰਾਂ ਦੇ ਦੰਦਾਂ ਦੀ ਜਾਂਚ ਕੀਤੀ ਗਈ। ਬਾਕੀ ਮੈਂਬਰ ਵੀ ਜਾ ਕੇ ਜਾਂਚ ਕਰਵਾ ਸਕਦੇ ਹਨ। ਇਸ ਮੌਕੇ ਤੇ ਪ੍ਰਧਾਨ ਰੁਪਿੰਦਰ ਭਾਰਦਵਾਜ, ਪਵਨ ਗੁਜਰਾਂ, ਬੀਰਬਲ ਬਾਂਸਲ, ਬਲਵਿੰਦਰ ਭਾਰਦਵਾਜ, ਕ੍ਰਿਸ਼ਨ ਸੰਦੋਹਾ, ਭਰਤ ਹਰੀ ਸ਼ਰਮਾ, ਰਮੇਸ਼ ਸ਼ਰਮਾ ਐਡਵੋਕੇਟ, ਵੇਦ ਕਪੂਰ, ਸੁਖਚੈਨ ਸਿੰਘ ਖਹਿਰਾ, ਰਾਜ ਕਮਾਰ ਡੱਲਾ,ਸੁਰਿੰਦਰ ਸਿੰਘ, ਮੇਘ ਰਾਜ ਗੁਪਤਾ, ਰਕੇਸ਼ ਜਿੰਦਲ,ਹਰੀਦੇਵ ਗੋਇਲ, ਈਸ਼ਵਰ ਸਿੰਘ, ਸੁਰੇਸ਼ ਜੈਨ, ਰਾਮ ਨਿਵਾਸ, ਗੁਰਬਚਨ ਸਿੰਘ, ਸ਼ਵਿੰਦਰ ਸਿੰਘ, ਮਹਿੰਦਰ ਸਿੰਘ ਜੌੜਾ, ਉਂਕਾਰ ਸਿੰਘ ਖੁਰਮੀ, ਰਾਮ ਲਾਲ ਤਾਇਲ ਤੇ ਤਰਨਜੀਤ ਸਿੰਘ ਆਦਿ ਨੇ ਆਪਣੇ ਦੰਦਾਂ ਦੀ ਜਾਂਚ ਕਰਵਾਈ ਤੇ ਲੋੜੀਂਦੀ ਦਵਾਈ ਲਈ।

# ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਰਾਜ ਪੱਧਰੀ ਪਲਸ ਪੋਲੀਓ ਮੁਹਿੰਮ ਸ਼ੁਰੂ ਕੀਤੀ ਅਤੇ ਸੈਕਟਰ 22 ਵਿਖੇ ਮਾਡਲ ਟੀਕਾਕਰਣ ਕੇਂਦਰ ਦਾ ਉਦਘਾਟਨ ਕੀਤਾ



**ਚੰਡੀਗੜ੍ਹ, 29 ਜੂਨ**
**-ਸ਼.ਅ.ਬਿਓਰੋ-**

ਪੰਜਾਬ ਦੇ ਮਾਣਯੋਗ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼, ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਅਰਬਨ ਕਮਿਊਨਿਟੀ ਹੈਲਥ ਸੈਂਟਰ (ਯੂਸੀਐੱਚਸੀ/"383), ਸੈਕਟਰ 22, ਚੰਡੀਗੜ੍ਹ ਵਿਖੇ ਮਾਡਲ ਟੀਕਾਕਰਣ ਕੇਂਦਰ (ਐੱਮਆਈਸੀ/$93) ਦਾ ਉਦਘਾਟਨ ਕੀਤਾ ਅਤੇ ਰਾਜ ਪੱਧਰੀ ਪਲਸ ਪੋਲੀਓ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਅਵਸਰ 'ਤੇ ਉਨ੍ਹਾਂ ਨਾਲ ਚੰਡੀਗੜ੍ਹ ਦੇ ਪ੍ਰਸ਼ਾਸਕ ਦੇ ਐਡੀਸ਼ਨਲ ਮੁੱਖ ਸਕੱਤਰ ਸ਼੍ਰੀ ਵੀ.ਪੀ. ਸਿੰਘ, ਆਈਏਐੱਸ ਵੀ ਉਪਸਥਿਤ ਰਹੇ।

ਇਸ ਮੁਹਿੰਮ ਦੀ ਰਸਮੀ ਸ਼ੁਰੂਆਤ ਮਾਣਯੋਗ ਰਾਜਪਾਲ ਦੁਆਰਾ 0-5 ਵਰ੍ਹੇ ਉਮਰ ਸਮੂਹ ਦੇ ਬੱਚਿਆਂ ਨੂੰ ਓਰਲ ਪੋਲੀਓ ਵੈਕਸੀਨ (ਓਪੀਵੀ) ਦੀਆਂ ਦੋ ਬੂੰਦਾਂ ਪਿਲਾ ਕੇ ਕੀਤੀ ਗਈ। ਇਸ ਦੇ ਨਾਲ ਹੀ ਚੰਡੀਗੜ੍ਹ ਪ੍ਰਸ਼ਾਸਨ ਨੇ ਹਰੇਕ ਬੱਚੇ ਨੂੰ ਪੋਲੀਓ ਤੋਂ ਸੁਰੱਖਿਅਤ ਰੱਖਣ ਅਤੇ ਭਾਰਤ ਦੀ ਪੋਲੀਓ-ਮੁਕਤ ਪਹਿਚਾਣ ਨੂੰ ਬਣਾਈ ਰੱਖਣ ਦੀ ਆਪਣੀ ਪ੍ਰਤੀਬੱਧਤਾ ਦੁਹਰਾਈ।

ਚੰਡੀਗੜ੍ਹ ਪ੍ਰਸ਼ਾਸਨ ਦੇ ਸਕੱਤਰ ਸਿਹਤ, ਡਾ. ਸਈਅਦ ਆਬਿਦ ਰਸ਼ੀਦ ਸ਼ਾਹ, ਆਈਏਐੱਸ ਨੇ ਮੁੱਖ ਮਹਿਮਾਨ ਦਾ ਸੁਆਗਤ ਕੀਤਾ ਅਤੇ ਯੂਨੀਵਰਸਲ ਟੀਕਾਕਰਣ ਕਵਰੇਜ ਸੁਨਿਸ਼ਚਿਤ ਕਰਨ ਦੀ ਦਿਸ਼ਾ ਵਿੱਚ ਪ੍ਰਸ਼ਾਸਨ ਦੁਆਰਾ ਕੀਤੇ ਜਾ ਰਹੇ ਨਿਰੰਤਰ ਪ੍ਰਯਾਸਾਂ ਦੀ ਜਾਣਕਾਰੀ ਦਿੱਤੀ।

ਯੂਸੀਐੱਚਸੀ, ਸੈਕਟਰ 22 ਵਿਖੇ ਸਥਾਪਿਤ ਨਵਾਂ ਉਦਘਾਟਨ ਕੀਤਾ ਗਿਆ ਮਾਡਲ ਟੀਕਾਕਰਣ ਕੇਂਦਰ, ਚੰਡੀਗੜ੍ਹ ਵਿੱਚ ਸਥਾਪਿਤ ਪੰਜਵਾਂ ਅਜਿਹਾ ਕੇਂਦਰ ਹੈ। ਬੱਚਿਆਂ ਦੇ ਅਨੁਕੂਲ, ਸੁਰੱਖਿਅਤ ਅਤੇ ਸੁਵਿਧਾਜਨਕ ਟੀਕਾਕਰਣ ਵਾਤਾਵਰਣ ਪ੍ਰਦਾਨ ਕਰਨ ਲਈ ਵਿਕਸਿਤ ਇਸ ਕੇਂਦਰ ਵਿੱਚ ਅਲੱਗ ਟੀਕਾਕਰਣ ਖੇਤਰ, ਟੀਕਾਕਰਣ ਤੋਂ ਬਾਅਦ ਦੇ ਨਿਰੀਖਣ ਸਮੇਂ ਦੌਰਾਨ ਬੱਚਿਆਂ ਲਈ ਪਲੇ ਜ਼ੋਨ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਤਾਵਾਂ ਲਈ ਸੁਵਿਧਾ ਅਤੇ ਗੋਪਨੀਅਤਾ ਲਈ ਵਿਸ਼ੇਸ਼ ਦੁੱਧ ਚੁੰਘਾਉਣ ਵਾਲੇ ਰੂਮ ਦੀ ਵਿਵਸਥਾ ਕੀਤੀ ਗਈ ਹੈ।

ਆਪਣੇ ਦੌਰੇ ਦੌਰਾਨ, ਮਾਣਯੋਗ ਰਾਜਪਾਲ ਨੇ ਮਾਡਲ ਟੀਕਾਕਰਣ ਕੇਂਦਰ ਦੇ ਵਿਭਿੰਨ ਅਨੁਭਾਗਾਂ ਦਾ ਨਿਰੀਖਣ ਕੀਤਾ ਅਤੇ ਯੂਸੀਐੱਚਸੀ, ਸੈਕਟਰ 22 ਵਿਖੇ ਉਪਲਬਧ ਸਿਹਤ ਸੇਵਾਵਾਂ ਦੀ ਸਮੀਖਿਆ ਕੀਤੀ। ਡਾ. ਸਦਭਾਵਨਾ ਪੰਡਿਤ, ਕਾਰਜਕਾਰੀ ਡਾਇਰੈਕਟਰ ਸਿਹਤ ਸੇਵਾਵਾਂ, ਨੇ ਮੁੱਖ ਮਹਿਮਾਨ ਨੂੰ ਯੂਨੀਵਰਸਲ ਟੀਕਾਕਰਣ ਪ੍ਰੋਗਰਾਮ ਦੇ ਤਹਿਤ ਉਪਲਬਧੀਆਂ ਅਤੇ ਚਲ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਮਾਣਯੋਗ ਰਾਜਪਾਲ ਨੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਲਈ ਅਨੁਕੂਲ ਅਤੇ ਸਹਾਇਕ ਵਾਤਾਵਰਣ ਬਣਾਉਣ ਵਿੱਚ ਸਿਹਤ ਵਿਭਾਗ ਦੇ ਪ੍ਰਯਾਸਾਂ ਦੀ ਸ਼ਲਾਘਾ ਕੀਤੀ।

ਇਕੱਠ ਨੂੰ ਸੰਬੋਧਨ ਕਰਦੇ ਹੋਏ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਨੇ 100 ਪ੍ਰਤੀਸ਼ਤ ਟੀਕਾਕਰਣ ਕਵਰੇਜ ਪ੍ਰਾਪਤ ਕਰਨ 'ਤੇ ਬਲ ਦਿੱਤਾ ਅਤੇ ਸਾਰੇ ਸਬੰਧਿਤ ਹਿਤਧਾਰਕਾਂ ਨੂੰ ਇਹ ਸੁਨਿਸ਼ਚਿਤ ਕਰਨ ਦਾ ਸੱਦਾ ਦਿੱਤਾ ਕਿ ਕੋਈ ਵੀ ਪਾਤਰ ਬੱਚਾ ਟੀਕਾਕਰਣ ਤੋਂ ਵੰਚਿਤ ਨਾ ਰਹੇ।

ਉਨ੍ਹਾਂ ਨੇ ਸ਼ਹਿਰ ਭਰ ਵਿੱਚ ਟੀਕਾਕਰਣ ਪ੍ਰੋਗਰਾਮਾਂ ਨੂੰ ਲਾਗੂ ਕਰਨ ਵਿੱਚ ਡਾਕਟਰਾਂ, ਨਰਸਿੰਗ ਸਟਾਫ਼, ਸਹਾਇਕ ਨਰਸ ਦਾਈਆਂ (ਏਐੱਨਐੱਮ) ਅਤੇ ਫੀਲਡ ਸਟਾਫ਼ ਦੇ ਸਮਰਪਣ ਅਤੇ ਅਣਥੱਕ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ।

ਚੰਡੀਗੜ੍ਹ ਵਿੱਚ ਪਲਸ ਪੋਲੀਓ ਮੁਹਿੰਮ ਦੇ ਸਫ਼ਲ ਲਾਗੂਕਰਨ ਲਈ, 0-5 ਵਰ੍ਹੇ ਦੀ ਉਮਰ ਸਮੂਹ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣ ਲਈ 478 ਪਲਸ ਪੋਲੀਓ ਬੂਥ ਸਥਾਪਿਤ ਕੀਤੇ ਗਏ ਹਨ। ਇਸ ਤੋਂ ਇਲਾਵਾ, ਪੂਰੀ ਕਵਰੇਜ ਨੂੰ ਸੁਨਿਸ਼ਚਿਤ ਲਈ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ 1,078 ਟੀਕਾਕਰਣ ਟੀਮਾਂ ਤੈਨਾਤ ਕੀਤੀਆਂ ਗਈਆਂ ਹਨ। ਇਹ ਟੀਮਾਂ ਬੂਥ-ਅਧਾਰਿਤ ਮੁਹਿੰਮ ਦੌਰਾਨ ਪੋਲੀਓ ਖੁਰਾਕ ਤੋਂ ਵੰਚਿਤ ਬੱਚਿਆਂ ਦੀ ਸ਼ਨਾਖ਼ਤ ਕਰਨ ਅਤੇ ਟੀਕਾਕਰਣ ਕਰਨ ਲਈ ਘਰ-ਘਰ ਜਾ ਕੇ ਵਿਆਪਕ ਦੌਰੇ ਕਰਨਗੀਆਂ।

ਸਿਹਤ ਵਿਭਾਗ, ਚੰਡੀਗੜ੍ਹ ਦੁਆਰਾ, ਤਾਰੇ ਜ਼ਮੀਨ ਪਰ – ਨਾਇਟ ਵਿਜਿਲ÷ ਨਾਮਕ ਇੱਕ ਵਿਸ਼ੇਸ਼ ਰਾਤ ਦੀ ਟੀਕਾਕਰਣ ਪਹਿਲ ਵੀ ਸੰਚਾਲਿਤ ਕੀਤੀ ਜਾ ਰਹੀ ਹੈ। ਇਸ ਪਹਿਲ ਦਾ ਉਦੇਸ਼ ਪ੍ਰਵਾਸੀ ਮਜ਼ਦੂਰਾਂ, ਬੇਘਰ ਪਰਿਵਾਰਾਂ, ਕੂੜਾ-ਕਰਕਟ ਚੁੱਕਣ ਵਾਲੇ ਬੱਚਿਆਂ ਅਤੇ ਹੋਰ ਵੰਚਿਤ ਅਤੇ ਸੰਵੇਦਨਸ਼ੀਲ ਵਰਗਾਂ ਦੇ ਉਨ੍ਹਾਂ ਬੱਚਿਆਂ ਤੱਕ ਪਹੁੰਚਣਾ ਹੈ ਜੋ ਦਿਨ ਵੇਲੇ ਮੁਹਿੰਮ ਦੌਰਾਨ ਟੀਕਾਕਰਣ ਤੋਂ ਵੰਚਿਤ ਰਹਿ ਸਕਦੇ ਹਨ।

ਇਸ ਪਹਿਲ ਦੇ ਤਹਿਤ ਚਾਰ ਵਿਸ਼ੇਸ਼ ÷ਤਾਰੇ ਜ਼ਮੀਨ ਪਰ – ਨਾਇਟ ਵਿਜਿਲ÷ ਟੀਮਾਂ ਗਠਿਤ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਹਰੇਕ ਟੀਮ ਵਿੱਚ ਇੱਕ ਸੁਪਰਵਾਇਜ਼ਰ, ਪੁਲਿਸ ਕਰਮੀ, ਟੀਕਾਕਰਣ ਕਰਨ ਵਾਲਾ ਅਤੇ ਡ੍ਰਾਇਵਰ ਸ਼ਾਮਲ ਹਨ। ਇਹ ਟੀਮਾਂ ਰੋਜ਼ਾਨਾ ਸ਼ਾਮ 7:00 ਵਜੇ ਤੋਂ ਕਠਿਨ ਅਤੇ ਦੂਰ ਦੇ ਖੇਤਰਾਂ ਵਿੱਚ ਰਹਿਣ ਵਾਲੇ ਬੱਚਿਆਂ ਤੱਕ ਪਹੁੰਚ ਕੇ ਟੀਕਾਕਰਣ ਸੁਨਿਸ਼ਚਿਤ ਕਰਦੀਆਂ ਹਨ।

ਇਸ ਸਮਾਗਮ ਵਿੱਚ ਐੱਨਓ-ਐੱਨਐੱਚਐੱਮ ਅਤੇ ਜ਼ਿਲ੍ਹਾ ਟੀਕਾਕਰਣ ਅਧਿਕਾਰੀ ਡਾ. ਮਨਜੀਤ ਸਿੰਘ, ਸਿਹਤ ਵਿਭਾਗ ਦੇ ਪ੍ਰੋਗਰਾਮ ਅਧਿਕਾਰੀ ਅਤੇ ਸੀਨੀਅਰ ਅਧਿਕਾਰੀ, ਜੀਐੱਮਸੀਐੱਚ ਅਤੇ ਪੀਜੀਆਈਐੱਮਈਆਰ ਦੇ ਡਾਕਟਰ, ਨਰਸਿੰਗ ਸਟਾਫ਼, ਏਐੱਨਐੱਮ ਅਤੇ ਵਿਸ਼ਵ ਸਿਹਤ ਸੰਗਠਨ (ਡਬਲਿਊਐੱਚਓ/WHO), ਸੰਯੁਕਤ ਰਾਸ਼ਟਰ ਡਿਵੈਲਪਮੈਂਟ ਪ੍ਰੋਗਰਾਮ (ਯੂਐੱਨਡੀਪੀ), ਜੌਨ ਸਨੋ ਇੰਡੀਆ ਅਤੇ ਹੋਰ ਸਹਿਯੋਗੀ ਸੰਸਥਾਵਾਂ ਦੇ ਪ੍ਰਤੀਨਿਧੀ ਵੀ ਉਪਸਥਿਤ ਰਹੇ।

ਇਸ ਅਵਸਰ 'ਤੇ ਮਾਣਯੋਗ ਪ੍ਰਸ਼ਾਸਕ ਨੇ ਟੀਕਾਕਰਣ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਗਿਫਟ ਹੈਂਪਰ ਵੀ ਵੰਡੇ, ਤਾਕਿ ਸਮੁਦਾਇ ਦੀ ਅਧਿਕ ਤੋਂ ਅਧਿਕ ਭਾਗੀਦਾਰੀ ਨੂੰ ਪ੍ਰੋਤਸਾਹਨ ਮਿਲ ਸਕੇ। ਪ੍ਰੋਗਰਾਮ ਦਾ ਸਮਾਪਨ ਮੁੱਖ ਮਹਿਮਾਨ ਨਾਲ ਪ੍ਰਤੀਭਾਗੀਆਂ ਦੀ ਸਮੂਹਿਕ ਫੋਟੋ ਨਾਲ ਹੋਇਆ। ਉਨ੍ਹਾਂ ਦੇ ਪ੍ਰੇਰਨਾਦਾਈ ਸ਼ਬਦਾਂ ਨੇ ਡਾਕਟਰਾਂ, ਟੀਕਾਕਰਣ ਕਰਨ ਵਾਲਿਆਂ ਅਤੇ ਸਿਹਤ ਸਟਾਫ਼ ਦਾ ਉਤਸ਼ਾਹਵਰਧਨ ਕੀਤਾ ਅਤੇ ਮੁਹਿੰਮ ਨੂੰ ਸਫ਼ਲਤਾਪੂਰਵਕ ਸੰਚਾਲਿਤ ਕਰਨ ਲਈ ਉਨ੍ਹਾਂ ਦਾ ਮਨੋਬਲ ਵਧਾਇਆ।

ਮੁਹਿੰਮ ਦੇ ਪਹਿਲੇ ਦਿਨ ਚੰਡੀਗੜ੍ਹ ਵਿੱਚ ਲਗਭਗ 34,835 ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਗਈਆਂ। ਸਿਹਤ ਵਿਭਾਗ, ਯੂਟੀ ਚੰਡੀਗੜ੍ਹ ਨੇ ਸਾਰੇ ਮਾਪਿਆਂ ਅਤੇ ਸਰਪ੍ਰਸਤਾਂ ਨੂੰ ਅਪੀਲ ਕੀਤੀ ਹੈ ਕਿ ਜਿਨ੍ਹਾਂ ਬੱਚਿਆਂ ਨੂੰ ਪਲਸ ਪੋਲੀਓ ਬੂਥਾਂ 'ਤੇ ਖੁਰਾਕ ਨਹੀਂ ਮਿਲ ਸਕੀ ਹੈ, ਉਨ੍ਹਾਂ ਨੂੰ 29 ਅਤੇ 30 ਜੂਨ, 2026 ਨੂੰ ਚਲਾਈਆਂ ਜਾ ਰਹੀਆਂ ਘਰ-ਘਰ ਟੀਕਾਕਰਣ ਗਤੀਵਿਧੀਆਂ ਦੇ ਦੌਰਾਨ ਜ਼ਰੂਰੀ ਪੋਲੀਓ ਬੂੰਦਾਂ ਪਿਲਾਈਆਂ ਜਾਣ।

# ਮੰਡੀ ਗੋਬਿੰਦਗੜ੍ਹ 'ਚ 'ਆਪ' ਨੂੰ ਵੱਡਾ ਝਟਕਾ, ਧਰਮਪਾਲ ਸਿੰਘ ਸਮੇਤ ਕਈ ਨੌਜਵਾਨ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ



**ਮੰਡੀ ਗੋਬਿੰਦਗੜ੍ਹ, 29 ਜੂਨ**
**-ਸ਼.ਅ.ਬਿਓਰੋ-**

ਮੰਡੀ ਗੋਬਿੰਦਗੜ੍ਹ 'ਚ 'ਆਪ' ਨੂੰ ਵੱਡਾ ਝਟਕਾ, ਧਰਮਪਾਲ ਸਿੰਘ ਸਮੇਤ ਕਈ ਨੌਜਵਾਨ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ

ਮੰਡੀ ਗੋਬਿੰਦਗੜ੍ਹ: ਮੰਡੀ ਗੋਬਿੰਦਗੜ੍ਹ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਿਆ ਜਦੋਂ ਧਰਮਪਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਯੂਥ ਨੌਜਵਾਨਾਂ ਅਤੇ ਵਰਕਰਾਂ ਨੇ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜ ਲਿਆ।

ਇਸ ਸ਼ਮੂਲੀਅਤ ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਪਾਰਟੀ ਵਿੱਚ ਸ਼ਾਮਲ ਹੋਏ ਨਵੇਂ ਸਾਥੀਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਵਰਕਰ ਨੂੰ ਬਣਦਾ ਮਾਣ-ਸਤਿਕਾਰ ਅਤੇ ਜ਼ਿੰਮੇਵਾਰੀ ਦਿੱਤੀ ਜਾਵੇਗੀ।

ਇਸ ਮੌਕੇ ਬੋਲਦਿਆਂ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਸੂਬੇ ਦੀ ਤਰੱਕੀ, ਵਿਕਾਸ ਅਤੇ ਮਜ਼ਬੂਤ ਭਵਿੱਖ ਲਈ ਸ਼੍ਰੋਮਣੀ ਅਕਾਲੀ ਦਲ ਨੂੰ ਇੱਕ ਮਜ਼ਬੂਤ ਵਿਕਲਪ ਵਜੋਂ ਦੇਖ ਰਹੇ ਹਨ।

ਉਨ੍ਹਾਂ ਕਿਹਾ ਕਿ ਵੱਖ-ਵੱਖ ਹਲਕਿਆਂ ਵਿੱਚ ਲੋਕਾਂ ਦਾ ਪਾਰਟੀ ਨਾਲ ਜੁੜਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ, ਜੋ ਆਉਣ ਵਾਲੇ ਸਮੇਂ ਵਿੱਚ ਅਕਾਲੀ ਦਲ ਨੂੰ ਹੋਰ ਮਜ਼ਬੂਤੀ ਦੇਵੇਗਾ।

ਸਮਾਗਮ ਦੌਰਾਨ ਪਾਰਟੀ ਵਿੱਚ ਸ਼ਾਮਲ ਹੋਏ ਨੌਜਵਾਨਾਂ ਨੇ ਵੀ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ 'ਤੇ ਭਰੋਸਾ ਜਤਾਉਂਦਿਆਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।




# ਭਾਜਪਾ ਸਰਕਾਰ ਬਣਦੇ ਹੀ ਉਸੇ ਦਿਨ ਨਸ਼ਾ ਵੇਚਣ ਵਾਲੇ ਪੰਜਾਬ ਛੱਡ ਕੇ ਚਲੇ ਜਾਣਗੇ : ਮੁੱਖ ਮੰਤਰੀ

**ਚੰਡੀਗੜ੍ਹ, 29 ਜੂਨ**
**-ਮਨੋਜ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਪੰਜਾਬ ਵਿੱਚ ਸਭ ਤੋਂ ਵੱਡਾ ਸੰਕਟ ਵਧਦਾ ਨਸ਼ਾ ਹੈ। ਨਸ਼ੇ ਨਾਲ ਅਨੇਕਾਂ ਘਰ ਬਰਬਾਦ ਅਤੇ ਮਾਵਾਂ ਦੀਆਂ ਗੋਦਾਂ ਸੁੰਨੀਆਂ ਹੋ ਗਈਆਂ ਹਨ। ਜੋ ਨੌਜਵਾਨ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹੁੰਦਾ ਹੈ, ਉਹ ਅੱਜ ਨਸ਼ੇ ਦੀ ਗ੍ਰਿਫ਼ਤ ਵਿੱਚ ਫਸਦਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਭਾਜਪਾ ਸਰਕਾਰ ਬਣਦੇ ਹੀ ਉਸੇ ਦਿਨ ਤੋਂ ਨਸ਼ਾ ਵੇਚਣ ਵਾਲੇ ਪੰਜਾਬ ਛੱਡ ਕੇ ਚਲੇ ਜਾਣਗੇ।

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਐਤਵਾਰ ਨੂੰ ਲੁਧਿਆਣਾ ਵਿੱਚ ਧਾਨਕ ਸਮਾਜ ਵੱਲੋਂ ਸੰਤ ਕਬੀਰ ਦੇ 628ਵੇਂ ਪ੍ਰਗਟ ਦਿਵਸ 'ਤੇ ਆਯੋਜਿਤ ਰਾਜ ਪੱਧਰੀ ਸੰਮੇਲਨ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਲੁਧਿਆਣਾ ਵਿੱਚ ਸੰਤ ਕਬੀਰ ਭਵਨ ਬਣਾਉਣ ਦਾ ਐਲਾਨ ਕਰਦਿਆਂ 11 ਲੱਖ ਰੁਪਏ ਦੀ ਰਕਮ ਦੇਣ ਦਾ ਐਲਾਨ ਕੀਤਾ।

ਮੁੱਖ ਮੰਤਰੀ ਨੇ ਸੰਤ ਸ਼੍ਰੋਮਣੀ ਕਬੀਰਦਾਸ ਮਹਾਰਾਜ ਦੇ ਚਰਨਾਂ ਵਿੱਚ ਕੋਟਿ-ਕੋਟਿ ਨਮਨ ਕਰਦਿਆਂ ਉਨ੍ਹਾਂ ਦੇ ਪ੍ਰਗਟ ਦਿਵਸ ਦੀਆਂ ਹਾਰਦਿਕ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਜਦੋਂ ਸਾਡਾ ਸਮਾਜ ਅੰਧਵਿਸ਼ਵਾਸ, ਪਾਖੰਡ, ਛੂਤ-ਛਾਤ ਅਤੇ ਰੂੜੀਵਾਦੀ ਸੋਚ ਦੇ ਡੂੰਘੇ ਹਨੇਰੇ ਵਿੱਚ ਡੁੱਬਿਆ ਹੋਇਆ ਸੀ, ਅਜਿਹੇ ਵਿੱਚ ਸੰਤ ਕਬੀਰ ਮਹਾਰਾਜ ਦਾ ਜਨਮ ਜੋਤੀ ਸਰੂਪ ਹੋਇਆ, ਜਿਨ੍ਹਾਂ ਨੇ ਆਪਣੀ ਓਜਸਵੀ ਬਾਣੀ ਨਾਲ ਪੂਰੇ ਸਮਾਜ ਨੂੰ ਨਵੀਂ ਰਾਹ ਦਿਖਾਈ।



ਮੁੱਖ ਮੰਤਰੀ ਨੇ ਕਿਹਾ ਕਿ ਸੰਤ ਕਬੀਰ ਦਾਸ ਸਮਰਸਤਾ, ਬਰਾਬਰੀ, ਇਨਸਾਨੀਅਤ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਵਾਲੀ ਮੁਹਿੰਮ ਹਨ। ਉਹ ਭਾਰਤ ਦੀ ਰੂਹ ਅਤੇ ਵੱਡੇ ਸਮਾਜ ਸੁਧਾਰਕ ਹੋਏ ਹਨ, ਜਿਨ੍ਹਾਂ ਨੇ ਸਮਾਜ ਨੂੰ ਜੋੜਨ ਦਾ ਰਸਤਾ ਅਤੇ ਇਨਸਾਨੀਅਤ ਦਾ ਮੰਤਰ ਦਿੱਤਾ ਹੈ। ਉਨ੍ਹਾਂ ਦਾ ਜੀਵਨ ਸੱਚ ਦੀ ਖੋਜ ਅਤੇ ਅਸੱਤ ਦੇ ਨਿਰਭੈ ਖੰਡਨ ਵਿੱਚ ਬਤੀਤ ਹੋਇਆ ਅਤੇ ਉਨ੍ਹਾਂ ਨੇ ਸਾਰੇ ਧਰਮਾਂ ਦੀਆਂ ਕੁਰੀਤੀਆਂ ਅਤੇ ਰੂੜੀਆਂ 'ਤੇ ਸਖ਼ਤ ਪ੍ਰਹਾਰ ਕੀਤਾ।

ਉਨ੍ਹਾਂ ਦੇ ਕ੍ਰਾਂਤੀਕਾਰੀ ਵਿਚਾਰ ਅੱਜ ਵੀ ਸਮਾਜ ਦੇ ਮਾਰਗਦਰਸ਼ਕ ਹਨ। ਗੁਰੂ ਗ੍ਰੰਥ ਸਾਹਿਬ ਵਿੱਚ ਵੀ ਸੰਤ ਕਬੀਰ ਦੀ ਬਾਣੀ ਨੂੰ ਸਨਮਾਨ ਦਿੱਤਾ ਗਿਆ ਹੈ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਸੰਤ ਕਬੀਰ ਦੀ ਬਾਣੀ ਨੂੰ ਸਾਕਾਰ ਕਰਨ ਦਾ ਕੰਮ ਕਰ ਰਹੀ ਹੈ। ਹਰ ਜ਼ਿਲ੍ਹਾ ਪੱਧਰ 'ਤੇ ਸੰਤ ਪ੍ਰਕਾਸ਼ ਪੁਰਬ ਮਨਾਇਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੰਤ ਕਬੀਰ ਦਾ ਦਿੱਤਾ ਹੋਇਆ ਸਮੁੱਚਾ ਕਲਿਆਣ, ਬਰਾਬਰੀ ਦਾ ਸੰਦੇਸ਼ ਅਤੇ ਅੰਤਿਮ ਵਿਅਕਤੀ ਦੇ ਵਿਕਾਸ ਦਾ ਮੰਤਰ ਪੰ. ਦੀਨ ਦਿਆਲ ਉਪਾਧਿਆਏ ਨੇ ਅਪਣਾਇਆ। ਭਾਜਪਾ ਉਸ ਨੂੰ ਅੱਗੇ ਵਧਾਉਣ ਦਾ ਕੰਮ ਕਰ ਰਹੀ ਹੈ। ਹਰਿਆਣਾ ਵਿੱਚ ਕਾਂਗਰਸ ਕਾਰਜਕਾਲ ਵਿੱਚ ਪਲਾਟ ਦੇ ਨਾਮ 'ਤੇ ਮਿਲੇ ਕੇਵਲ ਕਾਗਜ਼ ਨੂੰ ਮੌਜੂਦਾ ਸਰਕਾਰ ਨੇ 20 ਹਜ਼ਾਰ ਗਰੀਬ ਲੋਕਾਂ ਨੂੰ ਕਬਜ਼ਾ ਦਿਵਾਉਣ ਦਾ ਕੰਮ ਕੀਤਾ ਹੈ।

ਇਸ ਤੋਂ ਇਲਾਵਾ ਜੋ ਪਰਿਵਾਰ ਰਹਿ ਗਏ ਉਨ੍ਹਾਂ ਨੂੰ 100-100 ਵਰਗ ਗਜ਼ ਦੇ ਪਲਾਟ ਦੇ ਕੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਨਾਲ ਜੋੜ ਕੇ ਉਨ੍ਹਾਂ ਦੇ ਪੱਕੇ ਮਕਾਨ ਬਣਾਉਣ ਦਾ ਕੰਮ ਕੀਤਾ ਹੈ। ਸ਼ਹਿਰੀ ਖੇਤਰਾਂ ਵਿੱਚ ਗਰੀਬ ਲੋਕਾਂ ਨੂੰ 30-30 ਵਰਗ ਗਜ਼ ਦੇ ਪਲਾਟ ਅਤੇ ਸੋਨੀਪਤ, ਗੁਰੂਗ੍ਰਾਮ, ਫਰੀਦਾਬਾਦ ਵਿੱਚ 7200 ਤੋਂ ਵੱਧ ਫਲੈਟ ਦਿੱਤੇ ਗਏ ਹਨ।

ਇਸ ਤੋਂ ਇਲਾਵਾ ਲਾਡੋ ਲਕਸ਼ਮੀ ਯੋਜਨਾ ਤਹਿਤ 2100 ਰੁਪਏ, ਔਰਤਾਂ ਨੂੰ 500 ਰੁਪਏ ਵਿੱਚ ਗੈਸ ਸਿਲੰਡਰ ਦੇਣ ਤੋਂ ਇਲਾਵਾ ਲੋਕਾਂ ਨੂੰ ਆਯੁਸ਼ਮਾਨ ਚਿਰਾਯੂ ਯੋਜਨਾ ਦਾ ਲਾਭ ਦਿੱਤਾ ਗਿਆ ਹੈ। ਕਿਸਾਨਾਂ ਦੀਆਂ ਸਾਰੀਆਂ ਫਸਲਾਂ ਨੂੰ ਐਮ.ਐਸ.ਪੀ. 'ਤੇ ਖਰੀਦਿਆ ਜਾ ਰਿਹਾ ਹੈ। ਇਸ ਦੇ ਨਾਲ ਹੀ ਸਬਜ਼ੀਆਂ ਨੂੰ ਵੀ ਭਾਵਾਂਤਰ ਭਰਪਾਈ ਯੋਜਨਾ ਵਿੱਚ ਸ਼ਾਮਲ ਕਰਕੇ ਕਿਸਾਨਾਂ ਨੂੰ ਲਾਭ ਦਿੱਤਾ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਝੂਠ ਬੋਲ ਕੇ ਵਰਗਲਾਉਣ ਦਾ ਕੰਮ ਕਰ ਰਹੀ ਹੈ। ਸਰਕਾਰ ਦੁਆਰਾ ਕੀਤੇ ਗਏ ਵਾਅਦਿਆਂ ਵਿੱਚੋਂ ਅੱਧੇ ਵੀ ਪੂਰੇ ਨਹੀਂ ਕੀਤੇ ਹਨ। ਕਾਨੂੰਨ ਵਿਵਸਥਾ ਦੇ ਹਾਲਾਤ ਬਦਹਾਲ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਭਾਜਪਾ ਸਰਕਾਰ ਬਣਦੇ ਹੀ ਸੰਤ ਕਬੀਰ ਦਾਸ ਦੇ ਦਿਖਾਏ ਮਾਰਗ 'ਤੇ ਚੱਲ ਕੇ ਕਾਨੂੰਨ ਵਿਵਸਥਾ ਦਰੁਸਤ ਕਰਨ ਅਤੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦਾ ਕੰਮ ਕਰੇਗੀ। ਉਨ੍ਹਾਂ ਨੇ ਕਿਹਾ ਕਿ ਭਾਜਪਾ ਦੀ ਨੀਤੀ, ਨੀਅਤ ਸਾਫ਼ ਹੈ ਅਤੇ ਰਾਸ਼ਟਰ ਪਹਿਲਾਂ ਦੀ ਨੀਤੀ ਨਾਲ ਕੰਮ ਕਰਦੇ ਹਨ। ਸੰਤ ਕਬੀਰ ਦੀ ਵਿਰਾਸਤ ਨੂੰ ਸੰਵਿਧਾਨਕ ਰੂਪ ਦੇਣ ਵਾਲੇ ਭਾਰਤ ਰਤਨ ਡਾ. ਭੀਮਰਾਓ ਅੰਬੇਡਕਰ ਦਾ ਸੁਤੇ ਹੀ ਸਿਮਰਨ ਹੋ ਆਉਂਦਾ ਹੈ। ਸੰਤ ਕਬੀਰ ਨੇ ਜਿਸ ਸਮਾਜਿਕ ਸਮਾਨਤਾ ਦੀ ਗੱਲ ਆਪਣੀ ਬਾਣੀ ਵਿੱਚ ਕਹੀ, ਬਾਬਾ ਸਾਹਿਬ ਨੇ ਉਸ ਨੂੰ ਭਾਰਤ ਦੇ ਪਵਿੱਤਰ ਸੰਵਿਧਾਨ ਵਿੱਚ ਪਰੋ ਕੇ ਸਾਨੂੰ ਕਾਨੂੰਨੀ ਅਧਿਕਾਰ ਦੇ ਰੂਪ ਵਿੱਚ ਸੌਂਪਿਆ ਹੈ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਸਭ ਕਾ ਸਾਥ, ਸਭ ਕਾ ਵਿਕਾਸ, ਸਭ ਕਾ ਵਿਸ਼ਵਾਸ ਅਤੇ ਸਭ ਕਾ ਪ੍ਰਯਾਸ ਦੇ ਮੂਲ ਮੰਤਰ 'ਤੇ ਚੱਲਦੇ ਹੋਏ ਸਮਾਜ ਦੇ ਹਰ ਵਰਗ ਦੇ ਉਥਾਨ ਲਈ ਅਨੇਕਾਂ ਯੋਜਨਾਵਾਂ ਅਤੇ ਨੀਤੀਆਂ ਲਾਗੂ ਕੀਤੀਆਂ ਹਨ। ਹਰਿਆਣਾ ਵਿੱਚ ਪਿਛਲੇ ਸਾਢੇ 11 ਸਾਲਾਂ ਵਿੱਚ ਪਾਰਦਰਸ਼ੀ ਸ਼ਾਸਨ ਵਿਵਸਥਾ ਸਥਾਪਿਤ ਕਰਕੇ ਜਨਤਾ ਨੂੰ ਲਾਭ ਪਹੁੰਚਾਇਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਬਾਬਾ ਸਾਹਿਬ ਨੇ ਸਮਾਜ ਨੂੰ ਅੱਗੇ ਵਧਾਉਣ ਲਈ - ਸਿੱਖਿਅਤ ਬਣੋ, ਸੰਗਠਿਤ ਰਹੋ ਅਤੇ ਸੰਘਰਸ਼ ਕਰੋ ਦਾ ਤ੍ਰਿਸੂਤਰ ਦਿੱਤਾ, ਉਹ ਅੱਜ ਵੀ ਸਾਡੇ ਸਮਾਜ ਲਈ ਤਰੱਕੀ ਦਾ ਇਕਮਾਤਰ ਮਾਰਗ ਹੈ। ਬਾਬਾ ਸਾਹਿਬ ਦਾ ਮੰਨਣਾ ਸੀ ਕਿ ਸਮਾਜਿਕ ਅਸਮਾਨਤਾ ਅਤੇ ਦਾਸਤਾ ਦੀਆਂ ਬੇੜੀਆਂ ਨੂੰ ਕੇਵਲ ਸਿੱਖਿਆ ਦੇ ਹਥਿਆਰ ਨਾਲ ਹੀ ਕੱਟਿਆ ਜਾ ਸਕਦਾ ਹੈ। ਅਸਤਰ-ਸ਼ਸਤਰ ਦੀ ਲੜਾਈ ਛਿਣਕ ਹੋ ਸਕਦੀ ਹੈ, ਅਤੇ ਗਿਆਨ ਦੀ ਸ਼ਕਤੀ ਸਥਾਈ ਪਰਿਵਰਤਨ ਲਿਆਉਂਦੀ ਹੈ। ਇਸੇ ਨਾਲ ਹੀ ਸਸ਼ਕਤ ਸਮਾਜ ਦਾ ਨਿਰਮਾਣ ਹੁੰਦਾ ਹੈ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੰਤ ਕਬੀਰ ਦਾਸ ਦੇ ਦਿਖਾਏ ਸਮਰਸਤਾ ਦੇ ਮਾਰਗ 'ਤੇ ਚੱਲ ਕੇ, ਬਾਬਾ ਸਾਹਿਬ ਡਾ. ਭੀਮਰਾਓ ਅੰਬੇਡਕਰ ਦੇ ਸਿੱਖਿਆ ਅਤੇ ਸੰਗਠਨ ਦੇ ਸਿਧਾਂਤਾਂ ਨੂੰ ਆਤਮਸਾਤ ਕਰਾਂਗੇ ਅਤੇ ਰਾਸ਼ਟਰ ਨਿਰਮਾਣ ਦੇ ਮਹਾਯੱਗ ਵਿੱਚ ਆਪਣਾ ਸਰਗਰਮ ਯੋਗਦਾਨ ਦੇਵਾਂਗੇ।

# ਸ੍ਰੀ ਨਾਇਬ ਸਿੰਘ ਸੈਣੀ ਨੇ ਲੁਧਿਆਣਾ ਵਿੱਚ ਸੁਣਿਆ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਮਨ ਕੀ ਬਾਤ ਪ੍ਰੋਗਰਾਮ



**ਚੰਡੀਗੜ੍ਹ, 29 ਜੂਨ**
**-ਹਰਮਨਪ੍ਰੀਤ ਕੌਰ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦਾ 'ਮਨ ਕੀ ਬਾਤ' ਪ੍ਰੋਗਰਾਮ ਨਾ ਸਿਰਫ਼ ਦੇਸ਼ ਵਿੱਚ ਸਗੋਂ ਵਿਦੇਸ਼ਾਂ ਵਿੱਚ ਵੀ ਲੋਕ ਸੁਣਦੇ ਹਨ। ਐਤਵਾਰ ਨੂੰ ਪ੍ਰਸਾਰਿਤ ਕੀਤੇ ਗਏ ਪ੍ਰਧਾਨ ਮੰਤਰੀ ਦੇ 'ਮਨ ਕੀ ਬਾਤ' ਪ੍ਰੋਗਰਾਮ ਨੂੰ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅੱਜ ਪੰਜਾਬ ਦੇ ਲੁਧਿਆਣਾ ਵਿੱਚ ਲੋਕਾਂ ਦੇ ਵਿਚਕਾਰ ਬੈਠ ਕੇ ਸੁਣਿਆ। ਪ੍ਰਧਾਨ ਮੰਤਰੀ ਅੱਜ ਪੂਰਬੀ ਅਫਰੀਕਾ ਦੇ ਦੇਸ਼ ਸੇਸ਼ੇਲਸ ਦੇ ਦੂਜੇ ਦਿਨ ਦੇ ਆਪਣੇ ਦੌਰੇ 'ਤੇ ਸਨ, ਫਿਰ ਵੀ ਉਨ੍ਹਾਂ ਨੇ ਆਕਾਸ਼ਵਾਣੀ ਤੋਂ 'ਮਨ ਕੀ ਬਾਤ' ਪ੍ਰੋਗਰਾਮ ਰਾਹੀਂ ਲੋਕਾਂ ਨੂੰ ਸੰਬੋਧਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ 'ਮਨ ਕੀ ਬਾਤ' ਪ੍ਰੋਗਰਾਮ ਵਿੱਚ ਪ੍ਰਧਾਨ ਮੰਤਰੀ ਨੇ ਖੇਡਾਂ, ਕੁਦਰਤੀ ਖੇਤੀ ਅਤੇ ਪਾਣੀ ਦੀ ਇੱਕ-ਇੱਕ ਬੂੰਦ ਬਚਾਉਣ ਅਤੇ 'ਵੋਕਲ ਫਾਰ ਲੋਕਲ' ਅਪਣਾਉਣ ਦਾ ਸੱਦਾ ਦਿੱਤਾ। ਇਸ ਦਿਸ਼ਾ ਵਿੱਚ ਹਰਿਆਣਾ ਸਰਕਾਰ ਪਹਿਲਾਂ ਹੀ ਕੰਮ ਕਰ ਰਹੀ ਹੈ। ਹਰਿਆਣਾ ਦੇ ਖਿਡਾਰੀਆਂ ਨੇ ਦੇਸ਼ ਦਾ ਮਾਣ ਵਧਾਇਆ ਹੈ, ਤਾਂ ਦੂਜੇ ਪਾਸੇ ਅੰਨਦਾਤਾ ਵੀ ਕੇਂਦਰੀ ਪੂਲ ਵਿੱਚ ਅਨਾਜ ਦੇ ਭੰਡਾਰ ਭਰ ਰਹੇ ਹਨ। ਕਿਸਾਨਾਂ ਨੂੰ ਬਾਗਬਾਨੀ ਅਤੇ ਹੋਰ ਫਸਲਾਂ ਉਗਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਸੂਬਾ ਸਰਕਾਰ ਦਾ ਯਤਨ ਹੈ ਕਿ ਕਿਸਾਨ ਵੱਧ ਤੋਂ ਵੱਧ ਪਾਣੀ ਬਚਾਉਣ ਅਤੇ ਕੁਦਰਤੀ ਖੇਤੀ ਨੂੰ ਅਪਣਾਉਣ।

ਮੁੱਖ ਮੰਤਰੀ ਨੇ ਕਿਹਾ ਕਿ ਮੱਧ ਏਸ਼ੀਆ ਦੇ ਸੰਕਟ ਦੇ ਸਮੇਂ ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਸੱਦਾ ਦਿੱਤਾ ਸੀ ਕਿ ਸੋਨਾ ਨਾ ਖਰੀਦੋ, ਪੈਟਰੋਲ ਦੀ ਬੱਚਤ ਕਰੋ, ਜਿਸਦਾ ਅਸਰ ਵੀ ਦੇਖਣ ਨੂੰ ਮਿਲ ਰਿਹਾ ਹੈ। ਅੱਜ ਲੋਕ ਆਵਾਜਾਈ ਦੇ ਜਨਤਕ ਸਾਧਨਾਂ ਨੂੰ ਅਪਣਾ ਰਹੇ ਹਨ। ਇਹ ਯਤਨ ਦਿਖਾਉਂਦਾ ਹੈ ਕਿ ਪ੍ਰਧਾਨ ਮੰਤਰੀ ਦੇ ਸੰਦੇਸ਼ ਨੂੰ ਜਨਤਾ ਨੇ ਦਿਲੋਂ ਅਪਣਾਇਆ ਹੈ। ਇਸੇ ਤਬਦੀਲੀ ਨਾਲ ਰਾਸ਼ਟਰ ਨਿਰਮਾਣ ਨੂੰ ਗਤੀ ਮਿਲੇਗੀ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ 'ਮਨ ਕੀ ਬਾਤ' ਪ੍ਰੋਗਰਾਮ ਵਿੱਚ ਸਮਾਜਿਕ, ਆਰਥਿਕ ਅਤੇ ਸੱਭਿਆਚਾਰਕ ਮਹੱਤਵ ਦੇ ਮੁੱਦਿਆਂ 'ਤੇ ਚਰਚਾ ਕੀਤੀ ਜਾਂਦੀ ਹੈ।

ਸਰਕਾਰ ਦੀਆਂ ਨੀਤੀਆਂ ਨੂੰ ਨਾਗਰਿਕਾਂ ਤੱਕ ਪਹੁੰਚਾਉਣਾ ਅਤੇ ਉਨ੍ਹਾਂ ਦੀ ਪ੍ਰਤੀਕਿਰਿਆ ਜਾਣਨਾ ਵੀ ਇਸਦਾ ਇੱਕ ਮਹੱਤਵਪੂਰਨ ਪਹਿਲੂ ਹੈ। 'ਮਨ ਕੀ ਬਾਤ' ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਅਤੇ ਆਮ ਜਨਤਾ ਵਿਚਕਾਰ ਸੰਵਾਦ ਦਾ ਇੱਕ ਸ਼ਕਤੀਸ਼ਾਲੀ ਮਾਧਿਅਮ ਹੈ।

ਇਸ ਪ੍ਰੋਗਰਾਮ ਰਾਹੀਂ ਦੇਸ਼ ਭਰ ਵਿੱਚ ਹੋ ਰਹੇ ਸਕਾਰਾਤਮਕ ਯਤਨਾਂ, ਸਮਾਜਿਕ ਨਵੀਨਤਾਵਾਂ ਅਤੇ ਜਨ-ਭਾਗੀਦਾਰੀ ਦੀਆਂ ਪ੍ਰੇਰਕ ਕਹਾਣੀਆਂ ਨੂੰ ਸਾਹਮਣੇ ਲਿਆਂਦਾ ਜਾਂਦਾ ਹੈ, ਜੋ ਸਮਾਜ ਵਿੱਚ ਸਕਾਰਾਤਮਕ ਊਰਜਾ ਦਾ ਸੰਚਾਰ ਕਰਦੀਆਂ ਹਨ ਅਤੇ ਸਮਾਜ ਵਿੱਚ ਮੇਲ-ਜੋਲ ਦੀ ਭਾਵਨਾ ਨੂੰ ਵਧਾਵਾ ਦਿੰਦੀਆਂ ਹਨ। 'ਮਨ ਕੀ ਬਾਤ' ਪ੍ਰੋਗਰਾਮ ਨਾ ਸਿਰਫ਼ ਵਿਚਾਰਾਂ ਨੂੰ ਦਿਸ਼ਾ ਦਿੰਦਾ ਹੈ, ਸਗੋਂ ਦੇਸ਼ਵਾਸੀਆਂ ਨੂੰ ਵਿਕਾਸ, ਸੇਵਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਨਾਲ ਅੱਗੇ ਵਧਣ ਦਾ ਸੰਦੇਸ਼ ਵੀ ਦਿੰਦਾ ਹੈ।

# ਰੋਟਰੀ ਕਲੱਬ ਨੇ ਸਨਮਾਨ ਸਮਾਰੋਹ ਕਰਵਾਇਆ

**ਸ਼ਾਹਬਾਦ ਮਾਰਕੰਡਾ, 28 ਜੂਨ**
**-ਸ਼.ਅ.ਬਿਓਰੋ-**

ਰੋਟਰੀ ਕਲੱਬ ਸ਼ਾਹਬਾਦ ਵੱਲੋਂ ਲਾਡਵਾ ਸਥਿਤ ਇਕ ਰਿਜ਼ੋਰਟ ਵਿੱਚ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਦੌਰਾਨ ਰੋਟੇਰੀਅਨ ਹਸਨ ਸਿੰਘ ਮੇਜੀ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਅਤੇ ਰਮੇਸ਼ ਬਵੇਜਾ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਰੋਟਰੀ ਕਲੱਬ ਦੇ ਮੌਜੂਦਾ ਪ੍ਰਧਾਨ ਡਾ. ਆਰ ਐੱਸ ਘੁੰਮਣ ਨੇ ਮੁੱਖ ਮਹਿਮਾਨ ਰੋਟੇਰੀਅਨ ਹਸਨ ਸਿੰਘ ਮੇਜੀ, ਵਿਸ਼ੇਸ਼ ਮਹਿਮਾਨ ਰਾਜੇਸ਼ ਬਵੇਜਾ, ਜ਼ਿਲ੍ਹਾ ਗਵਰਨਰ ਦੇ ਮੁੱਖ ਸਲਾਹਕਾਰ ਰੋਟੇਰੀਅਨ ਰਾਜ ਕੁਮਾਰ ਗਰਗ, ਸਹਾਇਕ ਗਵਰਨਰ ਐੱਸ ਐੱਸ ਅਹੂਜਾ, ਅਜੈ ਮਾਨ, ਗੋਲਡੀ ਔਜਲਾ, ਇਨਰਵੀਲ ਕਲੱਬ ਦੀ ਪ੍ਰਧਾਨ ਰੇਣੂ ਵਧਵਾ, ਰੋਟਰੀ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਨਿੱਘਾ ਸਵਾਗਤ ਕੀਤਾ। ਕਲੱਬ ਦੀ ਸਾਲਾਨਾ ਰਿਪੋਰਟ ਪੇਸ਼ ਕਰਦਿਆਂ ਡਾ. ਆਰ ਐੱਸ ਘੁੰਮਣ ਨੇ ਦੱਸਿਆ ਕਿ ਸਾਲ 2025-26 ਦੌਰਾਨ ਕਲੱਬ ਨੇ 316 ਪ੍ਰਾਜੈਕਟ ਸਿਰੇ ਚੜ੍ਹਾਏ ਹਨ। ਇਨ੍ਹਾਂ ਵਿੱਚ 20 ਸਿਹਤ ਜਾਂਚ ਕੈਂਪ, 7 ਖ਼ੂਨਦਾਨ ਕੈਂਪ, 10 ਵਾਟਰ ਕੂਲਰਾਂ ਦੀ ਸਥਾਪਨਾ, ਸਿੱਖਿਆ, ਸਿਹਤ, ਵਾਤਾਵਰਨ ਅਤੇ ਸਮਾਜ ਸੇਵਾ ਨਾਲ ਸਬੰਧਤ ਕਈ ਲੋਕ ਭਲਾਈ ਪਹਿਲਕਦਮੀਆਂ ਸ਼ਾਮਲ ਸਨ। ਡਾ. ਘੁੰਮਣ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਇਸੇ ਉਤਸ਼ਾਹ ਨਾਲ ਭਾਈਚਾਰੇ ਦੀ ਸੇਵਾ ਕਰਦੇ ਰਹਿਣ ਦਾ ਵਾਅਦਾ ਕੀਤਾ।



# ਸ਼ੂਲਿਨੀ ਮੇਲੇ ਵਿੱਚ ਮਿਕੀ ਮਾਊਸ ਝੂਲਾ ਡਿੱਗਣ ਕਾਰਨ ਫਸੇ 15 ਬੱਚੇ: ਸਟਾਫ਼ ਮੌਕੇ ਤੋਂ ਫ਼ਰਾਰ

**ਸੋਲਨ, 29 ਜੂਨ**
**-ਸ਼.ਅ.ਬਿਓਰੋ-**

ਸੋਲਨ ਦੇ ਵਿੱਚ ਚੱਲ ਰਹੇ ਕੌਮੀ ਪੱਧਰ ਦੇ ਸ਼ੂਲਿਨੀ ਮੇਲੇ ਦੇ ਆਖਰੀ ਦਿਨ ਥੋਡੋ ਗਰਾਊਂਡ ਵਿੱਚ ਇੱਕ ਵੱਡਾ ਹਾਦਸਾ ਹੋਣੋਂ ਟਲ ਗਿਆ। ਮੇਲੇ ਵਿੱਚ ਲੱਗੇ ਇੱਕ ਵੱਡੇ 'ਮਿਕੀ ਮਾਊਸ' ਝੂਲੇ ਦੀ ਅਚਾਨਕ ਹਵਾ ਨਿਕਲ ਗਈ, ਜਿਸ ਕਾਰਨ ਉਸ ਉੱਤੇ ਸਵਾਰ ਲਗਪਗ 15 ਬੱਚੇ ਉਸ ਦੇ ਮਲਬੇ ਹੇਠਾਂ ਦੱਬ ਗਏ।

ਕੁਝ ਹੀ ਦੇਰ ਪਹਿਲਾਂ ਹੱਸਦੇ-ਖੇਡਦੇ ਬੱਚਿਆਂ ਨਾਲ ਭਰਿਆ ਇਹ ਵੱਡਾ ਝੂਲਾ ਪੱਤਿਆਂ ਦੇ ਮਹਿਲ ਵਾਂਗ ਢਹਿ ਗਿਆ, ਜਿਸ ਨਾਲ ਮਾਪਿਆਂ ਵਿੱਚ ਹੜਕੰਪ ਮਚ ਗਿਆ। ਜਿਵੇਂ ਹੀ ਬੱਚੇ ਭਾਰੀ ਸਿੰਥੈਟਿਕ ਮਲਬੇ ਅਤੇ ਝੂਲੇ ਦੇ ਭਾਰ ਹੇਠਾਂ ਦੱਬੇ, ਤਾਂ ਹਵਾ ਵਿੱਚ ਚੀਕ-ਚਿਹਾੜਾ ਮਚ ਗਿਆ ਅਤੇ ਮਾਪੇ ਆਪਣੇ ਬੱਚਿਆਂ ਨੂੰ ਬਚਾਉਣ ਲਈ ਭੱਜੇ।

ਮਾਪਿਆਂ ਨੇ ਦੋਸ਼ ਲਾਇਆ ਕਿ ਬੱਚਿਆਂ ਨੂੰ ਬਚਾਉਣ ਦੀ ਬਜਾਏ, ਝੂਲੇ ਦਾ ਆਪਰੇਟਰ ਅਤੇ ਉਸ ਦਾ ਸਟਾਫ਼ ਟਿਕਟ ਕਾਊਂਟਰ ਛੱਡ ਕੇ ਕਾਹਲੀ ਵਿੱਚ ਮੌਕੇ ਤੋਂ ਫ਼ਰਾਰ ਹੋ ਗਿਆ। ਇਹ ਉਨ੍ਹਾਂ ਦੀ ਸਖ਼ਤ ਲਾਪਰਵਾਹੀ ਅਤੇ ਜ਼ਿੰਮੇਵਾਰੀ ਦੀ ਘਾਟ ਨੂੰ ਦਰਸਾਉਂਦਾ ਹੈ।

ਊਨਾ ਦੇ ਰਹਿਣ ਵਾਲੇ ਰਾਹੁਲ ਕੁਮਾਰ, ਜੋ ਮੇਲੇ ਵਿੱਚ ਆਏ ਸਨ, ਨੇ ਦੱਸਿਆ ਕਿ ਜਦੋਂ ਇਹ ਹਾਦਸਾ ਹੋਇਆ ਤਾਂ ਉਨ੍ਹਾਂ ਦਾ 4 ਸਾਲ ਦਾ ਪੁੱਤਰ ਵੀ ਉਸ ਝੂਲੇ 'ਤੇ ਮੌਜੂਦ ਸੀ। ਝੂਲਾ ਡਿੱਗਦੇ ਹੀ ਹਰ ਪਾਸੇ ਚੀਕਾਂ ਸੁਣਾਈ ਦੇ ਰਹੀਆਂ ਸਨ। ਸੂਝ-ਬੂਝ ਦਿਖਾਉਂਦੇ ਹੋਏ ਰਾਹੁਲ ਕੁਮਾਰ ਅਤੇ ਇੱਕ ਹੋਰ ਸਥਾਨਕ ਨਿਵਾਸੀ ਪ੍ਰਦੀਪ ਕੁਮਾਰ ਨੇ ਬਿਨਾਂ ਸਮਾਂ ਗੁਆਏ ਭਾਰੀ ਮਲਬਾ ਹਟਾ ਕੇ ਬੱਚਿਆਂ ਨੂੰ ਬਚਾਉਣਾ ਸ਼ੁਰੂ ਕਰ ਦਿੱਤਾ। ਉਨ੍ਹਾਂ ਨੇ ਇੱਕ-ਇੱਕ ਕਰਕੇ 12 ਤੋਂ 15 ਬੱਚਿਆਂ ਨੂੰ ਸੁਰੱਖਿਅਤ ਬਾਹਰ ਕੱਢਿਆ ਅਤੇ ਇੱਕ ਵੱਡੀ ਅਣਹੋਣੀ ਹੋਣੋਂ ਟਲ ਗਈ।

ਪਰੇਸ਼ਾਨ ਮਾਪਿਆਂ ਨੇ ਅਫ਼ਸੋਸ ਜਤਾਇਆ ਕਿ ਜੇਕਰ ਥੋੜ੍ਹੀ ਜਿਹੀ ਵੀ ਦੇਰੀ ਹੋ ਜਾਂਦੀ, ਤਾਂ ਛੋਟੇ ਬੱਚਿਆਂ ਦਾ ਦਮ ਘੁੱਟ ਸਕਦਾ ਸੀ। ਹਾਲਾਂਕਿ ਪੀੜਤ ਮਾਪਿਆਂ ਨੇ ਕੱਲ੍ਹ ਸ਼ਾਮ ਹੀ ਪੁਲੀਸ ਕੋਲ ਸ਼ਿਕਾਇਤ ਦਰਜ ਕਰਵਾਈ ਸੀ, ਪਰ ਅਜੇ ਤੱਕ ਕਾਰਵਾਈ ਦਾ ਇੰਤਜ਼ਾਰ ਹੈ। ਮਾਪਿਆਂ ਨੇ ਦੋਸ਼ ਲਾਇਆ ਕਿ ਘਟਨਾ ਦੇ ਇੱਕ ਦਿਨ ਬਾਅਦ ਵੀ ਪੁਲੀਸ ਇਸ ਬੇਹੱਦ ਸੰਵੇਦਨਸ਼ੀਲ ਮਾਮਲੇ ਵਿੱਚ ਐਫ.ਆਈ.ਆਰ. ਦਰਜ ਕਰਨ ਵਿੱਚ ਦੇਰੀ ਕਰ ਰਹੀ ਹੈ ਅਤੇ ਝੂਲੇ ਦੇ ਮਾਲਕ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਉਨ੍ਹਾਂ ਮੰਗ ਕੀਤੀ ਕਿ ਆਪਰੇਟਰ ਖ਼ਿਲਾਫ਼ ਤੁਰੰਤ ਐਫ.ਆਈ.ਆਰ. ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ, ਕਿਉਂਕਿ ਉਨ੍ਹਾਂ ਨੇ ਬੱਚਿਆਂ ਦੀ ਜਾਨ ਖ਼ਤਰੇ ਵਿੱਚ ਪਾਈ ਹੈ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਭਵਿੱਖ ਵਿੱਚ ਅਜਿਹੇ ਹਾਦਸਿਆਂ ਨੂੰ ਰੋਕਣ ਲਈ ਮੇਲੇ ਵਿੱਚ ਚੱਲ ਰਹੇ ਸਾਰੇ ਝੂਲਿਆਂ ਦੀ ਤਕਨੀਕੀ ਜਾਂਚ ਕੀਤੀ ਜਾਣੀ ਚਾਹੀਦੀ ਹੈ। ਐਸ.ਪੀ. ਸੋਲਨ ਸਾਈਂ ਦੱਤਾਤ੍ਰੇਅ ਵਰਮਾ ਨੇ ਦੱਸਿਆ ਕਿ ਮਾਪਿਆਂ ਵੱਲੋਂ ਸ਼ਿਕਾਇਤ ਮਿਲੀ ਹੈ ਅਤੇ ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

ਇਸ ਮਾਮਲੇ ਨੇ ਸੁਰੱਖਿਆ ਨਿਯਮਾਂ ਦੀ ਪਾਲਣਾ ਨਾ ਕੀਤੇ ਜਾਣ ਦੀ ਪੋਲ ਖੋਲ੍ਹ ਦਿੱਤੀ ਹੈ, ਕਿਉਂਕਿ ਨਗਰ ਨਿਗਮ ਜੋ ਇਨ੍ਹਾਂ ਝੂਲਿਆਂ ਨੂੰ ਚਲਾਉਣ ਦੀ ਇਜਾਜ਼ਤ ਦੇਣ ਬਦਲੇ ਮੋਟੀ ਫ਼ੀਸ ਵਸੂਲਦਾ ਹੈ, ਉਸ ਕੋਲ ਸੁਰੱਖਿਆ ਚਿੰਤਾਵਾਂ ਨਾਲ ਨਜਿੱਠਣ ਲਈ ਨਾ ਤਾਂ ਕੋਈ ਮਾਹਰ ਹਨ ਅਤੇ ਨਾ ਹੀ ਲੋੜੀਂਦਾ ਸਟਾਫ਼ ਹੈ।

# ਰਾਮ ਮੰਦਰ ਦੇ ਚੜ੍ਹਾਵੇ ਵਿੱਚ ਹੇਰਾਫੇਰੀ ਕਰਨਾ ਮਹਾਪਾਪ: ਹੁੱਡਾ

**ਚੰਡੀਗੜ੍ਹ, 28 ਜੂਨ**
**-ਸ਼.ਅ.ਬਿਓਰੋ-**

ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਅਤੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਭੂਪਿੰਦਰ ਸਿੰਘ ਹੁੱਡਾ ਨੇ ਭਗਵਾਨ ਸ੍ਰੀ ਰਾਮ ਮੰਦਰ ਦੇ ਚੜ੍ਹਾਵੇ ਅਤੇ ਦਾਨ ਦੀ ਚੋਰੀ ਨਾਲ ਜੁੜੇ ਮਾਮਲੇ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾਂ ਆਖਿਆ ਕਿ ਮਰਿਆਦਾ ਪੁਰਸ਼ੋਤਮ ਭਗਵਾਨ ਸ੍ਰੀ ਰਾਮ ਦੇ ਮੰਦਰ ਲਈ ਦੇਸ਼-ਵਿਦੇਸ਼ ਦੇ ਕਰੋੜਾਂ ਸ਼ਰਧਾਲੂਆਂ ਵੱਲੋਂ ਭੇਜੇ ਗਏ ਦਾਨ ਅਤੇ ਚੜ੍ਹਾਵੇ ਵਿੱਚ ਹੋਈਆਂ ਵੱਡੀਆਂ ਬੇਨਿਯਮੀਆਂ ਅਤੇ ਘੁਟਾਲੇ ਦੇ ਦੋਸ਼ ਬੇਹੱਦ ਚਿੰਤਾਜਨਕ ਹਨ। ਹੁੱਡਾ ਨੇ ਕਿਹਾ, ਇਹ ਮਾਮਲਾ ਭਗਵਾਨ ਰਾਮ ਵਿੱਚ ਅਥਾਹ ਸ਼ਰਧਾ ਰੱਖਣ ਵਾਲੇ ਅਣਗਿਣਤ ਲੋਕਾਂ ਦੇ ਮਨਾਂ ਨੂੰ ਡੂੰਘੀ ਠੇਸ ਪਹੁੰਚਾਉਣ ਵਾਲਾ ਹੈ। ਸਾਬਕਾ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਧਾਰਮਿਕ ਚੜ੍ਹਾਵੇ ਜਾਂ ਦਾਨ ਦੀ ਚੋਰੀ ਕਰਨਾ ਨਾ ਸਿਰਫ਼ ਇੱਕ ਕਾਨੂੰਨੀ ਅਪਰਾਧ ਹੈ, ਬਲਕਿ ਧਾਰਮਿਕ ਅਤੇ ਰੂਹਾਨੀ ਪੱਖ ਤੋਂ ਵੀ ਇੱਕ ਮਹਾਪਾਪ ਹੈ। ਉਨ੍ਹਾਂ ਕਿਹਾ ਕਿ ਕਰੋੜਾਂ ਸ਼ਰਧਾਲੂਆਂ ਨੇ ਆਪਣੀ ਖ਼ੂਨ-ਪਸੀਨੇ ਦੀ ਕਮਾਈ ਵਿੱਚੋਂ ਇਹ ਦਾਨ ਪੂਰੀ ਸ਼ਰਧਾ, ਵਿਸ਼ਵਾਸ ਅਤੇ ਸਮਰਪਣ ਦੀ ਭਾਵਨਾ ਨਾਲ ਦਿੱਤਾ ਸੀ। ਸ਼ਰਧਾਲੂਆਂ ਵੱਲੋਂ ਦਿੱਤੇ ਗਏ ਇੱਕ-ਇੱਕ ਰੁਪਏ ਵਿੱਚ ਇਸ ਪਵਿੱਤਰ ਕਾਰਜ ਪ੍ਰਤੀ ਉਨ੍ਹਾਂ ਦਾ ਅਟੁੱਟ ਵਿਸ਼ਵਾਸ ਛਿਪਿਆ ਹੋਇਆ ਹੈ।



ਉਨ੍ਹਾਂ ਅੱਗੇ ਕਿਹਾ ਕਿ ਸ਼ਰਧਾਲੂਆਂ ਦੇ ਇਸ ਅਟੁੱਟ ਵਿਸ਼ਵਾਸ ਨਾਲ ਵਿਸ਼ਵਾਸਘਾਤ ਕਰਨਾ ਉਨ੍ਹਾਂ ਦੀ ਆਸਥਾ 'ਤੇ ਇੱਕ ਵੱਡਾ ਹਮਲਾ ਹੈ। ਧਾਰਮਿਕ ਸਥਾਨਾਂ ਅਤੇ ਜਨਤਾ ਵੱਲੋਂ ਦਿੱਤੇ ਗਏ ਦਾਨ ਨਾਲ ਜੁੜੇ ਮਾਮਲਿਆਂ ਵਿੱਚ ਪਾਰਦਰਸ਼ਤਾ, ਇਮਾਨਦਾਰੀ ਅਤੇ ਜਵਾਬਦੇਹੀ ਦੇ ਉੱਚਤਮ ਮਾਪਦੰਡ ਅਪਣਾਏ ਜਾਣੇ ਚਾਹੀਦੇ ਹਨ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ।

ਹੁੱਡਾ ਨੇ ਮੰਗ ਕੀਤੀ ਕਿ ਰਾਮ ਮੰਦਰ ਦੇ ਚੜ੍ਹਾਵੇ ਦੀ ਚੋਰੀ ਅਤੇ ਜ਼ਮੀਨ ਘੁਟਾਲੇ ਦੀ ਚੱਲ ਰਹੀ ਜਾਂਚ ਪੂਰੀ ਤਰ੍ਹਾਂ ਨਿਰਪੱਖ, ਪਾਰਦਰਸ਼ੀ ਅਤੇ ਕਿਸੇ ਵੀ ਤਰ੍ਹਾਂ ਦੇ ਪੱਖਪਾਤ ਤੋਂ ਮੁਕਤ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ, ਜਾਂਚ ਦੌਰਾਨ ਜੋ ਵੀ ਵਿਅਕਤੀ ਦੋਸ਼ੀ ਪਾਇਆ ਜਾਂਦਾ ਹੈ, ਚਾਹੇ ਉਹ ਕਿੰਨੇ ਵੀ ਵੱਡੇ ਅਹੁਦੇ ਜਾਂ ਪ੍ਰਭਾਵਸ਼ਾਲੀ ਰੁਤਬੇ ਵਾਲਾ ਕਿਉਂ ਨਾ ਹੋਵੇ, ਉਸ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ। ਇਸ ਗੱਲ ਦੀ ਵੀ ਪੱਕੀ ਗਰੰਟੀ ਹੋਣੀ ਚਾਹੀਦੀ ਹੈ ਕਿ ਭਵਿੱਖ ਵਿੱਚ ਕੋਈ ਵੀ ਨਿੱਜੀ ਮੁਨਾਫ਼ੇ ਲਈ ਲੋਕਾਂ ਦੀ ਆਸਥਾ ਦਾ ਸ਼ੋਸ਼ਣ ਨਾ ਕਰ ਸਕੇ। ਉਨ੍ਹਾਂ ਆਖਿਆ ਕਿ ਇਸ ਮਾਮਲੇ ਦੀ ਸੰਵੇਦਨਸ਼ੀਲਤਾ ਨੂੰ ਦੇਖਦੇ ਹੋਏ ਪੂਰੇ ਦੇਸ਼ ਨੂੰ ਇਸ ਸੱਚਾਈ ਤੋਂ ਜਾਣੂ ਕਰਵਾਇਆ ਜਾਣਾ ਚਾਹੀਦਾ ਹੈ ਕਿ ਹੁਣ ਤੱਕ ਕਿਹੜੀਆਂ ਬੇਨਿਯਮੀਆਂ ਸਾਹਮਣੇ ਆਈਆਂ ਹਨ, ਕਿੰਨੇ ਚੜ੍ਹਾਵੇ ਦੀ ਚੋਰੀ ਹੋਈ ਹੈ, ਦੋਸ਼ੀਆਂ ਕੋਲੋਂ ਕੀ-ਕੀ ਬਰਾਮਦ ਹੋਇਆ ਹੈ ਅਤੇ ਇਸ ਪੂਰੀ ਚੋਰੀ ਨੂੰ ਕਿਸ ਤਰੀਕੇ ਨਾਲ ਅੰਜਾਮ ਦਿੱਤਾ ਗਿਆ ਸੀ।














